ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

You Tube https://youtu.be/LQwolgxDu7l

awazeqaumtvpunjab@gmail.com

ਮੰਗਲਵਾਰ, 27 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੧ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243



ਅੱਜ ਪ੍ਰਕਾਸ਼ ਗੁਰਪੁਰਬ 'ਤੇ ਵਿਸ਼ੇਸ਼

# ਧੰਨੁ ਧੰਨੁ ਰਾਮਦਾਸ ਗੁਰੂ ਜੀ

**ਸਿੱਖ ਕੌਮ** ਦੇ ਚੌਥੇ ਪਾਤਸ਼ਾਹ ਤੇ ਅੰਮ੍ਰਿਤਸਰ ਸ਼ਹਿਰ ਦੇ ਬਾਨੀ, ਸੋਢੀ ਸੁਲਤਾਨ ਸ਼੍ਰੀ ਗੁਰੂ ਰਾਮ ਦਾਸ ਜੀ ਦਾ ਜਨਮ ਸੋਢੀ ਹਰਿਦਾਸ ਜੀ ਦੇ ਘਰ ਮਾਤਾ ਦਇਆ ਕੌਰ ਜੀ ਦੀ ਕੁੱਖ ਤੋਂ ਕੱਤਕ ਵਦੀ 2, 26 ਅੱਸੂ ਸੰਮਤ 1591, 24 ਸਤੰਬਰ ਸੰਨ 1534 ਈ: ਨੂੰ ਚੂਨਾ ਮੰਡੀ ਲਾਹੌਰ ਪਾਕਿਸਤਾਨ ਵਿਖੇ ਹੋਇਆ। ਆਪ ਕਿਉਂਕਿ ਮਾਤਾ-ਪਿਤਾ ਦੇ ਪਹਿਲੇ ਜੰਮੇ ਪੁੱਤਰ ਸਨ, ਇਸ ਲਈ ਪਲੇਠੀ ਦਾ ਪੁੱਤਰ ਹੋਣ ਕਰਕੇ ਆਪ ਨੂੰ ਜੇਠਾ ਕਰਕੇ ਸੱਦਣ ਲੱਗੇ। ਜੇਠਾ ਜੀ ਹਾਲੇ ਛੋਟੀ ਉਮਰ ਦੇ ਹੀ ਸਨ ਕਿ ਮਾਤਾ-ਪਿਤਾ ਦਾ ਸਾਇਆ ਸਿਰ ਤੋਂ ਉੱਠ ਗਿਆ। ਆਪ ਦੀ ਪਾਲਣਾ ਆਪ ਦੇ ਨਾਨਕਿਆਂ ਨੇ ਕੀਤੀ। ਜੇਠਾ ਜੀ ਨੇ ਆਪਣੇ ਨਾਨਕੇ ਪਿੰਡ ਬਾਸਰਕੇ ਰਾਵੀ ਦੇ ਕਿਨਾਰੇ ਛੋਟੀ ਉਮਰ ਵਿੱਚ ਹੀ ਘੁੰਙਣੀਆਂ ਵੇਚਣੀਆਂ ਆਰੰਭ ਕੀਤੀਆਂ। ਘੁੰਙਣੀਆਂ ਵੇਚ ਕੇ ਮਿਲੇ ਪੈਸੇ ਘਰ ਦੇ ਨਿਰਬਾਹ ਵਿੱਚ ਹਿੱਸਾ ਪਾ ਦਿੰਦੇ ਸਨ। ਕਈ ਵਾਰ ਉਹ ਗ਼ਰੀਬਾਂ ਤੇ ਸਾਧੂ ਫ਼ਕੀਰਾਂ ਨੂੰ ਘੁੰਙਣੀਆਂ ਮੁਫ਼ਤ ਹੀ ਵਰਤਾ ਦਿਆ ਕਰਦੇ ਸਨ।

ਸ਼੍ਰੀ ਗੁਰੂ ਅਮਰਦਾਸ ਜੀ ਦੇ ਜਨਮ ਭੋਇੰ ਬਾਸਰਕੇ ਤੋਂ ਸਿੱਖ ਸੰਗਤਾਂ ਗੁਰੂ ਜੀ ਦੇ ਦਰਸ਼ਨਾਂ ਲਈ ਗੋਇੰਦਵਾਲ ਸਾਹਿਬ ਜਾ ਰਹੀਆਂ ਸਨ। ਆਪ ਵੀ ਸਿੱਖ ਸੰਗਤਾਂ ਨਾਲ ਗੋਇੰਦਵਾਲ ਸਾਹਿਬ ਆ ਗਏ। ਜਿੱਥੇ ਬਾਉਲੀ ਸਾਹਿਬ ਦੀ ਖੁਦਾਈ ਦੀ ਸੇਵਾ ਹੋ ਰਹੀ ਸੀ। ਆਪ ਵੀ ਬੜੇ ਪ੍ਰੇਮ ਨਾਲ ਸੇਵਾ ਕਰਨ ਲੱਗ ਪਏ। ਇਨ੍ਹਾਂ ਦੀ ਸੇਵਾ ਨੂੰ ਦੇਖ ਕੇ ਗੁਰੂ ਅਮਰਦਾਸ ਜੀ ਨੇ ਇਸ ਕਾਰਜ ਦਾ ਸਾਰਾ ਪ੍ਰਬੰਧ ਜੇਠਾ ਜੀ ਨੂੰ ਸੰਭਾਲਿਆ। ਜਦੋਂ ਜੇਠਾ ਜੀ ਗੋਇੰਦਵਾਲ ਸਾਹਿਬ ਆਏ, ਉਸ ਸਮੇਂ ਆਪ ਦੀ ਉਮਰ 12 ਸਾਲ ਸੀ। ਕੁਝ ਵਿਦਵਾਨਾਂ ਦਾ ਕਹਿਣਾ ਹੈ ਕਿ ਉਸ ਸਮੇਂ ਉਮਰ

ਆਵਾਜ਼ਿ ਕੌਮ AWAZE QAUM
International Newspaper & WEB TV

16 ਸਾਲ ਸੀ। ਗੁਰੂ ਰਾਮਦਾਸ ਜੀ ਨੇ 16 ਸਾਲ ਤੋਂ 22 ਸਾਲ ਤੱਕ ਗੋਇੰਦਵਾਲ ਸਾਹਿਬ ਵਿਖੇ ਸੇਵਾ ਕੀਤੀ। ਇੱਥੇ ਆਪ ਗੁਰੂ ਦਰਬਾਰ ਵਿੱਚ ਸਵੇਰੇ-ਸ਼ਾਮ ਕਥਾ-ਕੀਰਤਨ ਸਰਵਣ ਕਰਦੇ, ਗੁਰੂ ਘਰ ਦੀ ਨਿਸ਼ਕਾਮ ਸੇਵਾ ਵੀ ਮਨ ਲਾ ਕੇ ਕਰਦੇ। ਤੀਜੇ ਪਾਤਸ਼ਾਹ ਸ਼੍ਰੀ ਗੁਰੂ ਅਮਰਦਾਸ ਜੀ ਦੀਆਂ ਦੋ ਸਪੁੱਤਰੀਆਂ ਸਨ, ਬੀਬੀ ਦਾਨੀ ਤੇ ਬੀਬੀ ਭਾਨੀ ਜੀ। ਵੱਡੀ ਸਪੁੱਤਰੀ ਬੀਬੀ ਦਾਨੀ ਦਾ ਵਿਆਹ ਸ਼੍ਰੀ ਰਾਮ ਜੀ ਨਾਲ ਹੋ ਗਿਆ ਹੋਇਆ ਸੀ ਤੇ ਛੋਟੀ ਬੀਬੀ ਭਾਨੀ ਅਜੇ ਕੁਆਰੀ ਸੀ।

ਇੱਕ ਦਿਨ ਮਾਤਾ ਨੇ ਸ਼੍ਰੀ ਗੁਰੂ ਅਮਰਦਾਸ ਜੀ ਨੂੰ ਕਿਹਾ ਕਿ ਬੀਬੀ ਭਾਨੀ ਜਵਾਨ ਹੋ ਗਈ ਹੈ। ਉਸ ਦੇ ਵਾਸਤੇ ਚੰਗਾ ਲੜਕਾ ਲੱਭ ਕੇ ਉਸ ਦਾ ਵਿਆਹ ਕਰ ਦੇਣਾ ਚਾਹੀਦਾ ਹੈ। ਉਸੇ ਵੇਲੇ ਜੇਠਾ ਜੀ ਘੁੰਙਣੀਆਂ ਵੇਚਦੇ-ਵੇਚਦੇ ਉੱਥੇ ਆ ਗਏ। ਮਾਤਾ ਰਾਮ ਕੌਰ ਨੇ ਇਸ ਸੁੰਦਰ ਗੱਭਰੂ ਨੂੰ ਵੇਖ ਕੇ ਕਿਹਾ ਕਿ ਵਰ ਇਹੋ ਜਿਹਾ ਹੋਣਾ ਚਾਹੀਦਾ ਹੈ। ਗੁਰੂ ਜੀ ਨੇ ਕਿਹਾ ਇਹੋ ਜਿਹਾ ਤਾਂ ਇਹ ਹੀ ਹੈ। ਗੁਰੂ ਜੀ ਨੇ ਬਿਨਾਂ ਜਾਤ-ਪਾਤ ਜਾਂ ਪੁੱਛ-ਪੜਤਾਲ ਦੇ ਆਪਣੀ ਪੁੱਤਰੀ ਬੀਬੀ ਭਾਨੀ ਜੀ ਦੀ ਮੰਗਣੀ ਜੇਠਾ ਜੀ ਨਾਲ ਕਰ ਦਿੱਤੀ। ਕੁਝ ਦਿਨਾਂ ਮਗਰੋਂ 22 ਫੱਗਣ ਸੰਮਤ 1610, 5 ਮਾਰਚ 1553 ਈ: ਨੂੰ ਉਨ੍ਹਾਂ ਦਾ ਵਿਆਹ ਕਰ ਦਿੱਤਾ। ਜੇਠਾ ਜੀ ਦੀ ਉਮਰ ਉਸ ਸਮੇਂ 19 ਸਾਲ ਸੀ। ਗੁਰੂ ਘਰ ਦਾ ਦਾਮਾਦ ਬਣ ਕੇ ਵੀ ਆਪ ਨੇ ਲੋਕਾਂ ਦੇ ਤਾਹਨੇ-ਮਿਹਣਿਆਂ ਦੀ ਪ੍ਰਵਾਹ ਨਾ ਕੀਤੀ ਅਤੇ ਦਿਨ-ਰਾਤ ਗੁਰੂ ਘਰ ਦੀ ਸੇਵਾ ਕਰਦੇ ਰਹੇ। ਗੁਰੂ ਰਾਮਦਾਸ ਜੀ ਦੇ ਘਰ ਤਿੰਨ ਪੁੱਤਰਾਂ ਪ੍ਰਿਥੀ ਚੰਦ ਸੰਮਤ 1615, ਸੰਨ 1558 ਈ:, ਮਹਾਂਦੇਵ ਸੰਮਤ 1617, ਸੰਨ 1560 ਈ: ਤੇ (ਗੁਰੂ) ਅਰਜਨ ਦੇਵ ਸੰਮਤ 1620, ਸੰਨ 1563 ਈ: ਨੇ ਜਨਮ ਲਿਆ।

ਜੇਠਾ (ਰਾਮਦਾਸ) ਜੀ ਦਾ ਹੋਰ ਥਾਂ ਜੋ ਕੋਈ ਨਹੀਂ ਸੀ। ਸ਼੍ਰੀ ਗੁਰੂ ਅਮਰਦਾਸ ਜੀ ਨੇ ਭਾਈ ਜੇਠਾ ਜੀ ਨੂੰ ਆਪਣੇ ਘਰ ਰੱਖ ਲਿਆ। ਜੇਠਾ ਜੀ ਤਨ-ਮਨ ਨਾਲ ਗੁਰੂ ਜੀ ਅਤੇ ਸਾਧਸੰਗਤ ਦੀ ਸੇਵਾ ਕਰਨ ਲੱਗ ਪਏ। ਜੇਠਾ ਜੀ, ਗੁਰੂ ਅਮਰਦਾਸ ਜੀ ਦੇ ਭਾਵੇਂ ਰਿਸ਼ਤੇ ਵਿੱਚ ਜਵਾਈ ਸਨ ਪਰ ਆਪ ਸਹੁਰੇ ਘਰ ਜਵਾਈ ਬਣ ਕੇ ਨਹੀਂ ਰਹੇ, ਨਹੀਂ ਤਾਂ ਜਵਾਈਆਂ ਦੀ ਆਕੜ ਦੇਖਣ ਵਾਲੀ ਹੁੰਦੀ ਹੈ। ਉਹ ਤਾਂ ਆਪਣੇ ਆਪ ਨੂੰ ਨਿਮਾਣਾ ਸੇਵਕ ਸਮਝਦੇ ਸਨ। ਗੋਇੰਦਵਾਲ ਸਾਹਿਬ ਦੀ ਬਾਉਲੀ ਦੀ ਸੇਵਾ ਸਮੇਂ ਜੇਠਾ ਜੀ ਨੇ ਬਾਕੀ ਸਿੱਖਾਂ ਵਾਂਗ ਗਾਰੇ, ਮਿੱਟੀ ਢੋਣ ਦੀ ਸੇਵਾ ਦਾ ਕੰਮ ਕੀਤਾ। ਲਾਹੌਰ ਦੇ ਸ਼ਰੀਕੇ ਦੇ ਕੁਝ ਸੱਜਣ ਕਹਿਣ ਲੱਗੇ, " ਸਾਡਾ ਭਾਈ ਸਹੁਰੇ ਘਰ ਟੋਕਰੀ ਢੋਅ ਰਿਹਾ ਹੈ। ਜੇ ਇਸ ਨੇ ਮਜ਼ਦੂਰੀ ਹੀ ਕਰਨੀ ਸੀ ਤਾਂ ਹੋਰ ਥਾਂ ਥੋੜ੍ਹੇ ਸਨ। ਇਸ ਨੇ ਤਾਂ ਸਾਡੀ ਨੱਕ ਵਢਾ ਦਿੱਤੀ ਹੈ।" ਇਸ ਤਰ੍ਹਾਂ ਦੇ ਬੋਲ-ਕਬੋਲ ਬੋਲਦੇ ਉਹ ਸ਼੍ਰੀ ਗੁਰੂ ਅਮਰਦਾਸ ਜੀ ਕੋਲ ਪੁੱਜੇ। ਉਨ੍ਹਾਂ ਨੇ ਗੁਰੂ ਜੀ ਨੂੰ ਉਲ੍ਹਾਮਾ ਦਿੱਤਾ। ਗੁਰੂ ਜੀ ਨੇ ਮੁਸ਼ਕਰਾ ਕੇ ਕਿਹਾ, "ਪੁਰਖਾ ! ਰਾਮਦਾਸ ਦੇ ਸਿਰ ਉੱਪਰ ਗਾਰੇ ਦੀ ਟੋਕਰੀ ਨਹੀਂ, ਸਗੋਂ ਦੀਨ-ਦੁਨੀ ਦਾ ਛੱਤਰ ਹੈ। ਗੁਰੂ ਅਮਰਦਾਸ ਜੀ ਦੇ ਕਹੇ ਬਚਨ ਸੱਚ ਸਿੱਧ ਹੋਏ।

ਸ਼੍ਰੀ ਗੁਰੂ ਅਮਰਦਾਸ ਜੀ ਨੇ ਗੁਰਿਆਈ ਲਈ ਯੋਗ ਵਿਅਕਤੀ ਦੀ ਭਾਲ ਕਰਨੀ ਸ਼ੁਰੂ ਕਰ ਦਿੱਤੀ। ਸਿੱਖ ਇਤਿਹਾਸ ਵਿੱਚ ਇੱਕ ਸਾਖੀ ਹੈ ਕਿ ਗੁਰੂ ਜੀ ਨੇ ਭਾਈ ਰਾਮਾ ਜੀ ਤੇ ਭਾਈ ਜੇਠਾ ਜੀ ਨੂੰ ਥੜ੍ਹੇ ਬਣਾਉਣ (ਉਸਾਰਨ) ਦਾ ਹੁਕਮ ਕੀਤਾ। ਥੜ੍ਹੇ ਤਿਆਰ ਹੋਣ ਉਪਰੰਤ ਪਹਿਲੀ ਵਾਰ ਸਤਿਗੁਰਾਂ ਵੇਖ ਕੇ ਕਿਹਾ, ਠੀਕ ਨਹੀਂ। ਦੋਹਾਂ ਨੇ ਥੜ੍ਹੇ ਢਾਹ ਦਿੱਤੇ। ਦੂਜੀ ਵਾਰ ਫਿਰ ਗੁਰੂ ਅਮਰਦਾਸ ਜੀ ਵੱਲੋਂ 'ਠੀਕ ਨਹੀਂ' ਕਹਿਣ ਤੇ ਭਾਈ ਰਾਮਾ ਜੀ ਨੇ ਗੁੱਸਾ ਕੀਤਾ ਲੇਕਿਨ ਭਾਈ ਜੇਠਾ ਜੀ ਨੇ ਸਤਬਚਨ ਕਹਿ ਕੇ ਹੁਕਮ ਮੰਨਿਆ ਅਤੇ ਦੁਬਾਰਾ ਫਿਰ ਥੜ੍ਹੇ ਉਸਾਰੇ ਗਏ। ਫਿਰ ਨੁਕਸ ਕੱਢ ਕੇ ਥੜ੍ਹੇ ਢੁਹਾ ਦਿੱਤੇ ਗਏ। ਭਾਈ ਰਾਮਾ ਜੀ ਦਾ ਤਿੰਨ ਵਾਰ ਥੜ੍ਹੇ ਉਸਾਰਨ ਉਪਰੰਤ ਸਿਦਕ ਡੋਲ ਗਿਆ ਤੇ ਕਹਿਣ ਲੱਗਾ, ਇਸ ਤੋਂ ਚੰਗੇ ਹੋਰ ਕਿਹੜੇ ਬਣ ਜਾਣਗੇ। ਗੁਰੂ ਸਾਹਿਬ ਨੇ ਭਾਈ ਜੇਠਾ ਨੂੰ ਜਦੋਂ ਥੜ੍ਹਾ ਢਾਹੁਣ ਦਾ ਹੁਕਮ ਕੀਤਾ ਤਾਂ ਪ੍ਰੇਮ ਵਿੱਚ ਭਿੱਜੇ ਭਾਈ ਜੇਠਾ ਜੀ ਨੇ ਨਿਮਰਤਾ ਨਾਲ ਥੜ੍ਹਾ ਢਾਹ ਦਿੱਤਾ। ਅਸਲ ਵਿੱਚ ਇਹ ਥੜ੍ਹੇ ਨਹੀਂ ਸਨ ਬਣਾਏ ਜਾ ਰਹੇ, ਇਹ ਤਖ਼ਤ (ਗੁਰਗੱਦੀ) ਤੇ ਬਿਠਾਉਣ ਦੀ ਪ੍ਰੀਖਿਆ ਹੋ ਰਹੀ ਸੀ। ਭਾਈ ਜੇਠਾ ਜੀ ਦੀ ਨਿਮਰਤਾ ਅਤੇ ਗੁਣਾਂ ਨੂੰ ਦੇਖ ਕੇ ਗੁਰੂ ਅਮਰਦਾਸ ਜੀ ਨੇ ਭਾਦੋਂ ਸੁਦੀ 13 ਸੰਮਤ 1531, 30 ਅਗਸਤ 1574 ਈ: ਦਿਨ ਸੋਮਵਾਰ ਨੂੰ ਸਾਰੀ ਸੰਗਤ ਤੇ ਆਪਣੇ ਸਾਰੇ ਪਰਿਵਾਰ ਦੇ ਸਾਹਮਣੇ ਆਪ ਨੂੰ ਗੁਰਿਆਈ ਦੀ ਜ਼ੁੰਮੇਵਾਰੀ ਸੌਂਪੀ। ਜੇਠਾ ਜੀ ਗੁਰੂ ਰਾਮਦਾਸ ਜੀ ਕਰਕੇ ਪ੍ਰਸਿੱਧ ਹੋਏ।

ਧੰਨੁ ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ॥
ਪੂਰੀ ਹੋਈ ਕਰਾਮਾਤਿ ਆਪ ਸਿਰਜਣਹਾਰੈ ਧਾਰਿਆ॥7॥1॥
(ਰਾਮਕਲੀ ਕੀ ਵਾਰ, 968)

ਗੁਰੂ ਰਾਮਦਾਸ ਜੀ ਨੇ ਸਮਰਾਟ ਅਕਬਰ ਵੱਲੋਂ ਬੀਬੀ ਭਾਨੀ ਜੀ ਨੂੰ ਭੇਟਾ ਕੀਤੀ ਜ਼ਮੀਨ ਉੱਤੇ ਇੱਕ ਨਵਾਂ ਚੱਕ 'ਸੰਤੋਖਸਰ' ਅਤੇ 'ਅੰਮ੍ਰਿਤਸਰ' ਦੀ ਖੁਦਾਈ ਦਾ ਕੰਮ ਸ਼ੁਰੂ ਕਰਾਇਆ ਅਤੇ ਇੱਥੇ ਹੀ ਰਹਿਣ ਲੱਗ ਪਏ। ਜਿਸ ਦਾ ਨਾਂ ਆਪ ਨੇ 'ਗੁਰੂ ਕਾ ਚੱਕ' ਰੱਖਿਆ। ਵੱਖ-ਵੱਖ ਕਿੱਤਿਆਂ ਵਾਲੇ ਬੰਦੇ (ਵਿਅਕਤੀ) ਇੱਥੇ ਵਸਾਏ। ਹਰ ਤਰ੍ਹਾਂ ਦਾ ਕਾਰ-ਵਿਹਾਰ ਇੱਥੇ ਹੋਣ ਲੱਗਾ। ਆਪ ਨੇ ਸੰਮਤ 1634, ਸੰਨ 1577 ਈ: ਵਿੱਚ ਦੁੱਖ-ਭੰਜਨੀ ਦੇ ਕੋਲ ਇੱਕ ਸਰੋਵਰ ਦੀ ਖੁਦਵਾਈ ਆਰੰਭੀ ,ਸਰੋਵਰ 'ਚ ਜਲ ਭਰਵਾਇਆ। ਇਸ ਸਰੋਵਰ ਨੂੰ ਮਗਰੋਂ ਪੰਚਮ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਨੇ ਸੰਪੂਰਨ ਕੀਤਾ। ਗੁਰੂ ਜੀ ਨੇ ਆਪਣੇ ਨਿਵਾਸ ਲਈ ਮਕਾਨ ਵੀ ਬਣਾਇਆ, ਉਸ ਦਾ ਨਾਂ 'ਗੁਰੂ ਕੇ ਮਹਿਲ' ਰੱਖਿਆ। ਇਹ ਮਹਿਲ ਹੁਣ ਤੱਕ ਮੌਜੂਦ ਹਨ।

ਗੁਰੂ ਰਾਮਦਾਸ ਜੀ ਨੇ 22 ਮੰਜੀਆਂ ਤੋਂ ਇਲਾਵਾ ਮਸੰਦ ਸਿਸਟਮ ਕਾਇਮ ਕੀਤਾ। ਇਹ ਮਸੰਦ ਦੂਰ-ਦੂਰ ਤੋਂ ਗੁਰੂ ਨਾਨਕ ਗੱਦੀ ਲਈ ਰੁਪਇਆ ਇਕੱਠਾ ਕਰਕੇ ਗੁਰੂ ਜੀ ਪਾਸ ਲਿਆਉਂਦੇ। ਗੁਰੂ ਰਾਮਦਾਸ ਜੀ ਨੇ ਪੰਜਾਬ ਤੋਂ ਬਾਹਰ ਸਿੱਖ ਸੰਗਤਾਂ ਨਾਲ ਸੰਪਰਕ ਕਾਇਮ ਕਰਕੇ ਚੰਗੇ ਵਿਦਵਾਨ, ਪ੍ਰਚਾਰਕ ਬਾਹਰ ਭੇਜੇ।

ਗੁਰੂ ਨਾਨਕ ਦੇਵ ਜੀ ਨੇ 19 ਰਾਗਾਂ ਵਿੱਚ ਬਾਣੀ ਉਚਾਰੀ, ਗੁਰੂ ਅੰਗਦ ਦੇਵ ਤੇ ਗੁਰੂ ਅਮਰਦਾਸ ਜੀ ਨੇ ਕਿਸੇ ਨਵੇਂ ਰਾਗ ਦਾ ਪ੍ਰਯੋਗ ਨਹੀਂ ਕੀਤਾ। ਗੁਰੂ ਰਾਮਦਾਸ ਜੀ ਨੇ 11 ਹੋਰ ਨਵੇਂ ਰਾਗਾਂ ਦਾ ਵੀ ਪ੍ਰਯੋਗ ਕੀਤਾ। ਗੁਰੂ ਗ੍ਰੰਥ ਸਾਹਿਬ ਜੀ ਦੀ ਸਮੁੱਚੀ ਬਾਣੀ 31 ਰਾਗਾਂ ਵਿੱਚ ਹੈ। ਗੁਰੂ ਰਾਮਦਾਸ ਜੀ ਦੇ ਗੁਰੂ ਗ੍ਰੰਥ ਸਾਹਿਬ ਵਿੱਚ 30 ਰਾਗਾਂ 'ਚ 679 ਸ਼ਬਦ ਹਨ। ਇਹ ਸ਼ਬਦ ਰਾਗ ਦੇਵਗੰਧਾਰੀ, ਬਿਹਾਗੜਾ, ਜੈਤਸਰੀ, ਟੋਡੀ, ਬੈਰਾੜੀ, ਗੌਂਡ, ਨਟ ਨਰਾਇਣ, ਮਾਲੀ ਗਉੜਾ, ਕੇਦਾਰਾ, ਕਾਨੜਾ, ਕਲਿਆਣ ਰਾਗਾਂ ਵਿੱਚ ਹਨ। ਗੁਰੂ ਰਾਮਦਾਸ ਜੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸਭ ਤੋਂ ਵੱਧ ਅੱਠ ਵਾਰਾਂ ਵਿੱਚ ਕਈ ਸਲੋਕ ਉਪਦੇਸ਼ ਰੂਪ ਵਿੱਚ ਹਨ। ਆਸਾ ਕੀ ਵਾਰ ਵਿੱਚ ਸਾਰੇ ਛੰਤ ਗੁਰੂ ਰਾਮਦਾਸ ਜੀ ਦੇ ਹਨ। ਲਾਹੌਰ ਚੂਨਾ ਮੰਡੀ ਵਿੱਚ ਆਸਾ ਕੀ ਵਾਰ ਦੀ ਮਰਯਾਦਾ ਤੋਰੀ ਸੀ। ਸਿੱਖ ਜਗਤ ਵਿੱਚ ਪ੍ਰਚਲਿਤ ਚਾਰ ਲਾਵਾਂ ਸ਼੍ਰੀ ਗੁਰੂ ਰਾਮਦਾਸ ਜੀ ਨੇ ਉਚਾਰੀਆਂ ਹਨ। ਜੋ ਗੁਰਸਿੱਖਾਂ ਦੇ ਵਿਆਹ ਵਿੱਚ ਅਨੰਦ-ਕਾਰਜ ਸਮੇਂ ਪੜ੍ਹੀਆਂ ਜਾਂਦੀਆਂ ਹਨ। ਭੱਟਾਂ ਨੇ ਪੰਜ ਗੁਰੂ ਸਾਹਿਬਾਨ ਦੀ ਉਪਮਾ ਵਿੱਚ ਕੇਵਲ 123 ਸਵੱਈਏ ਉਚਾਰੇ ਹਨ। ਉਨ੍ਹਾਂ ਵਿੱਚੋਂ 60 ਤਾਂ ਨਿਰੋਲ ਗੁਰੂ ਰਾਮਦਾਸ ਜੀ ਦੀ ਉਪਮਾ ਵਿੱਚ ਹਨ।

ਗਰੀਨਲੀਜ਼ ਨੇ ਗੁਰੂ ਰਾਮਦਾਸ ਜੀ ਨੂੰ ਸੇਵਾ ਦਾ ਪੁੰਜ ਕਿਹਾ ਹੈ। ਸੇਠ ਜਗਤ ਰਾਮ ਨੇ ਗੁਰੂ ਜੀ ਨੂੰ ਕੈਂਠਾ ਦਿੱਤਾ ਆਪ ਨੇ ਲੋੜਵੰਦ ਨੂੰ ਉਸੇ ਵੇਲੇ ਦੇ ਦਿੱਤਾ। ਇੱਕ ਮਾਈ ਨੇ ਬੜੇ ਚਾਅ ਨਾਲ ਮੋਤੀਆਂ ਦੀ ਮਾਲਾ ਦਿੱਤੀ। ਆਪ ਨੇ ਇੱਕ ਮੁਹਤਾਜ ਨੂੰ ਫੜਾ ਦਿੱਤੀ। ਗੁਰੂ ਅਮਰਦਾਸ ਜੀ ਨੇ ਆਪ ਨੂੰ ਇੱਕ ਕੀਮਤੀ ਮਾਲਾ ਦਿੱਤੀ। ਆਪ ਨੇ ਰਾਹ ਵਿੱਚ ਬੈਠੇ ਮਲੰਗ ਨੂੰ ਦੇ ਦਿੱਤੀ। ਬਾਦਸ਼ਾਹ ਨੇ ਪਿੰਡਾਂ ਦੇ ਪਟੇ ਦਿੱਤੇ ਆਪ ਜੀ ਨੇ ਆਲੇ (ਖਾਨੇ) ਵਿੱਚ ਰੱਖ ਦਿੱਤੇ। ਅਕਬਰ ਨੇ ਮੋਹਰਾਂ ਭੇਟ ਕੀਤੀਆਂ ਆਪ ਨੇ ਉਸੇ ਵੇਲੇ ਵੰਡਵਾ ਦਿੱਤੀਆਂ। ਰਸਦਾਂ ਆਈਆਂ ਲੋਕਾਂ ਵਿੱਚ ਵਰਤਾ ਦਿੱਤੀਆਂ।

ਗੁਰੂ ਰਾਮਦਾਸ ਜੀ ਵੱਲੋਂ ਨਿਰਮਾਣ ਕੀਤੇ ਸਰੋਵਰ ਤੇ ਸ਼੍ਰੀ ਅੰਮ੍ਰਿਤਸਰ ਜੀ ਦੇ ਦਰਸ਼ਨ ਇਸ਼ਨਾਨ ਦੀ ਮਹਾਨਤਾ ਬਾਰੇ ਗੁਰਬਾਣੀ ਵਿੱਚ ਅੰਕਿਤ ਹੈ।

ਸੰਤਹੁ ਰਾਮਦਾਸ ਸਰੋਵਰੁ ਨੀਕਾ॥
ਜੋ ਨਾਵੈ ਸੋ ਕੁਲੁ ਤਰਾਵੈ ਉਧਾਰੁ ਹੋਆ ਹੈ ਜੀ ਕਾ॥
(ਸੋਰਠਿ ਮਹਲਾ 5, ਅੰਗ 623)

ਰਾਮਦਾਸ ਸਰੋਵਰਿ ਨਾਤੇ॥ ਸਭਿ ਉਤਰੇ ਪਾਪ ਕਮਾਤੇ॥
ਨਿਰਮਲ ਹੋਇ ਕਰਿ ਇਸਨਾਨਾ॥ ਗੁਰਿ ਪੂਰੇ ਕੀਨੇ ਦਾਨਾ॥1॥1॥ 65॥
(ਸੋਰਠਿ ਮਹਲਾ 5, ਅੰਗ 625)

ਗੁਰੂ ਰਾਮਦਾਸ ਜੀ ਦੇ ਤਿੰਨ ਪੁੱਤਰ ਸਨ। ਸਭ ਤੋਂ ਵੱਡੇ ਪ੍ਰਿਥੀ ਚੰਦ ਕੰਮ-ਕਾਜ, ਆਮਦਨ-ਖ਼ਰਚ, ਆਏ-ਗਏ ਦੀ ਸੰਭਾਲ ਵਾਲਾ, ਚੁਸਤ ਸੀ। ਦੂਸਰਾ ਪੁੱਤਰ ਮਹਾਂਦੇਵ ਵੀ ਸਾਧੂ-ਸੁਭਾਅ ਦੇ ਸਨ ਕਿਸੇ ਕੰਮ ਵਿੱਚ ਰੁਚੀ ਨਹੀਂ ਰੱਖਦੇ ਸਨ। ਤੀਜੇ ਪੁੱਤਰ (ਗੁਰੂ) ਅਰਜਨ ਦੇਵ ਜੀ ਵਿੱਚ ਗੁਰਸਿੱਖ ਵਾਲੇ ਸਾਰੇ ਗੁਣ ਸਨ। ਗੁਰੂ ਰਾਮਦਾਸ ਜੀ ਨੇ ਬੜੀ ਸੋਚ ਵਿਚਾਰ ਤੇ ਪਰਖ ਮਗਰੋਂ ਗੁਰਤਾ-ਗੱਦੀ ਦੀ ਜ਼ੁੰਮੇਵਾਰੀ ਗੁਰੂ ਅਰਜਨ ਦੇਵ ਜੀ ਨੂੰ ਸੌਂਪਣ ਦਾ ਫੈਸਲਾ ਕੀਤਾ ਤਾਂ ਪ੍ਰਿਥੀ ਚੰਦ ਕਰੋਧ ਵਿੱਚ ਆ ਗਿਆ। ਉਹ ਬੜਾ ਨਾਰਾਜ਼ ਹੋਇਆ, ਗੁਰੂ ਜੀ ਨਾਲ ਲੜਿਆ। ਗੁਰੂ ਜੀ ਨੇ ਉਸ ਨੂੰ ਸਮਝਾਇਆ ਪਰ ਉਸ ਉੱਪਰ ਕੋਈ ਅਸਰ ਨਾ ਹੋਇਆ।

ਗੁਰੂ ਰਾਮਦਾਸ ਜੀ ਸੱਚ-ਖੰਡ ਦਾ ਸਮਾਂ ਨੇੜੇ ਆਇਆ ਜਾਣ ਕੇ ਪਰਿਵਾਰ ਸਮੇਤ ਗੋਇੰਦਵਾਲ ਚਲੇ ਗਏ। ਭਾਦੋਂ ਸੁਦੀ 3, 2 ਅੱਸੂ ਸੰਮਤ 1538 ਬਿਕਰਮੀ ਮੁਤਾਬਿਕ 1 ਸਤੰਬਰ 1581 ਈ: ਨੂੰ ਗੁਰੂ ਅਰਜਨ ਦੇਵ ਜੀ ਨੂੰ ਗੁਰਿਆਈ ਦੀ ਰਸਮ ਅਦਾ ਕਰਕੇ 47 ਸਾਲ (ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ 46 ਸਾਲ 11 ਮਹੀਨੇ 7 ਦਿਨ) ਉਮਰ ਭੋਗ ਕੇ ਜੋਤੀ-ਜੋਤਿ ਸਮਾ ਗਏ।

**-ਕਰਨੈਲ ਸਿੰਘ ਐੱਮ.ਏ.**




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




--★ ਵੱਲੋਂ ★--

# ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ

(ਬਾਨੀ ਪੰਥਕ ਅਕਾਲੀ ਦਲ)

ਅਤੇ

ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਮੁਖੀ ਦਮਦਮੀ ਟਕਸਾਲ,
ਜਥਾ ਭਿੰਡਰਾਂ, ਮਹਿਤਾ ਅਤੇ ਪ੍ਰਧਾਨ ਸੰਤ ਸਮਾਜ




--✶ ਵੱਲੋਂ ✶--

ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ

ਚੇਅਰਮੈਨ, ਸੁੱਖ ਸਿਮਰਨ ਸੇਵਾ ਟਰੱਸਟ (ਰਜਿ.)
ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਰਘਵੀਰ ਸਿੰਘ ਵਾਲਸਾਲ
ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ
ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




--✶ ਵੱਲੋਂ ✶--

# ਭਾਈ ਪਰਮਜੀਤ ਸਿੰਘ ਢਾਡੀ

ਵੈਨਸਫੀਲਡ, ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ,
ਇੰਟਰਨੈਸ਼ਨਲ ਪੰਥਕ ਦਲ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਕਪਤਾਨ ਸਿੰਘ
(ਇੰਗਲੈਂਡ) ਜਨਰਲ ਸਕੱਤਰ ਅਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




647-231-1600



ਸਿੰਘ ਟਰੈਵਲ ਐਂਡ ਟੂਰਜ਼ ਕੈਨੇਡਾ

Singh Travel & Tours Canada

www.SinghTravel.ca | Email: pakyatra@gmail.com

Tel: 905-405-1700 | Toll Free: 1844-698-1313

2980 Drew Rd Unit 131, Mississauga ON L4T 0A7 (Great Punjab Plaza near Malton Gurughar)


ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਸੰਤ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ, ਭਿੰਡਰਾਂਵਾਲੇ
ਅੰਤਰਰਾਸ਼ਟਰੀ ਮੁੱਖ ਬੁਲਾਰਾ, ਪੰਥਕ ਅਕਾਲੀ ਦਲ




--✶ ਵੱਲੋਂ ✶--

# ਭਾਈ ਈਸ਼ਰ ਸਿੰਘ

## ਸਪੁੱਤਰ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਬਿਕਰਮਜੀਤ ਸਿੰਘ ਵਾਲਸਾਲ
ਆਗੂ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




--✶ ਵੱਲੋਂ ✶--

# ਭਾਈ ਰਘਵੀਰ ਸਿੰਘ ਮਾਲੜੀ

## ਨੌਟਿੰਘਮ, ਚੀਫ ਆਰਗੇਨਾਈਜ਼ਰ

## ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਗੁਰਦੇਵ ਸਿੰਘ
ਸਲੇਮਪੁਰ




--✶ ਵੱਲੋਂ ✶--

# ਭਾਈ ਰਘਵੀਰ ਸਿੰਘ ਬੀਰ੍ਹਾ

## ਬਰਮਿੰਘਮ, ਪੰਥਕ ਆਗੂ ਤੇ ਸਾਬਕਾ ਪ੍ਰਧਾਨ
## ਗੁਰਦੁਆਰਾ ਬਾਬਾ ਸੰਗ ਜੀ, ਬਰਮਿੰਘਮ





# ਸ੍ਰੀ ਹਰਿਮੰਦਰ ਸਾਹਿਬ

ਦੇ ਸਿਰਜਨਹਾਰ ਚੌਥੇ ਪਾਤਿਸ਼ਾਹ

## ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ

ਦੇ

# ਪ੍ਰਕਾਸ਼ ਗੁਰਪੁਰਬ

ਦੀ ਸਮੂਹ ਸਾਧ ਸੰਗਤ ਨੂੰ

## ਲੱਖ-ਲੱਖ ਵਧਾਈ



## ਭਾਈ ਮਨਜਿੰਦਰ ਸਿੰਘ

ਆਗੂ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ. (ਇੰਗਲੈਂਡ)



ਧੰਨੁ ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ ॥
ਪੂਰੀ ਹੋਈ ਕਰਾਮਾਤਿ ਆਪਿ ਸਿਰਜਣਹਾਰੈ ਧਾਰਿਆ ॥

**ਧੰਨ ਸ਼੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਦੀਆਂ ਸਮੂਹ ਖਾਲਸਾ ਪੰਥ ਨੂੰ ਲੱਖ ਲੱਖ ਵਧਾਈਆਂ**




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਸੰਤੋਖ ਸਿੰਘ
ਕਵੈਂਟਰੀ, ਆਗੂ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




--★ ਵੱਲੋਂ ★--

# ਬਾਬਾ ਬਘੇਲ ਸਿੰਘ, ਬਰਮਿੰਘਮ

## ਜਥੇਦਾਰ ਧਾਰਮਿਕ ਵਿੰਗ

## ਇੰਟਰਨੈਸ਼ਨਲ ਪੰਥਕ ਦਲ, ਇੰਗਲੈਂਡ ਅਤੇ ਯੂਰਪ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਹਰਜਿੰਦਰ ਸਿੰਘ ਬ੍ਰੈਡਫੋਰਡ
ਸੀਨੀਅਰ ਮੀਤ ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ. (ਇੰਗਲੈਂਡ)




--✶ ਵੱਲੋਂ ✶--

# ਭਾਈ ਸੁਰਿੰਦਰਪਾਲ ਸਿੰਘ ਵਾਲਸਾਲ

## ਆਗੂ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਚਰਨਜੀਤ ਸਿੰਘ ਡਰਬੀ
ਆਗੂ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

--⋆ ਵੱਲੋਂ ⋆--

# ਭਾਈ ਜਰਨੈਲ ਸਿੰਘ ਜੌਹਲ
# ਅਤੇ
# ਪਰਿਵਾਰ, ਇੰਗਲੈਂਡ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੂਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਮੱਖਣ ਸਿੰਘ ਇਰਾਨੀ
ਬਰਮਿੰਘਮ, ਆਗੂ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

--★ ਵੱਲੋਂ ★--



# ਭਾਈ ਅਪਿੰਦਰਪਾਲ ਸਿੰਘ ਹੈਪੀ

## ਬਰਮਿੰਘਮ (ਇੰਗਲੈਂਡ)

## ਆਗੂ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.


ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਸ਼ਮਸ਼ੇਰ ਬਹਾਦਰ ਸਿੰਘ
ਲੈਸਟਰ, ਆਗੂ ਇੰਟਰਨੈਸ਼ਨਲ ਪੰਥਕ ਦਲ, ਯੂ.ਕੇ.




ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

--⋆ ਵੱਲੋਂ ⋆--

# ਭਾਈ ਜਸਪਾਲ ਸਿੰਘ

## ਆਗੂ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਬਲਜੀਤ ਸਿੰਘ ਕੰਗ
ਬਰਮਿੰਘਮ, ਪੰਥਕ ਸੇਵਾਦਾਰ




--✶ ਵੱਲੋਂ ✶--

# ਭਾਈ ਗੁਰਵਿੰਦਰ ਸਿੰਘ ਬਾਜਵਾ

## ਆਗੂ

## ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੂਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਅਮਰੀਕ ਸਿੰਘ ਤੂਰ, ਡਰਬੀ
ਆਗੂ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




--★ ਵੱਲੋਂ ★--

# ਗੁਰਪ੍ਰੀਤ ਸਿੰਘ

(ਰਿਪੋਰਟਰ) ਆਡੀਟਰ, ਆਵਾਜਿ ਕੌਮ ਬਿਊਰੋ (ਪੰਜਾਬ)

ਅਤੇ **ਸਮੂਹ ਸਟਾਫ**




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਨਛੱਤਰ ਸਿੰਘ ਛੋਕਰ
ਪੰਥਕ ਸੇਵਾਦਾਰ, ਇੰਗਲੈਂਡ




--★ ਵੱਲੋਂ ★--

ਸੰਤ ਸਤਨਾਮ ਸਿੰਘ ਜੀ ਵੱਲੀਆਂ
ਪ੍ਰਧਾਨ, ਧਾਰਮਿਕ ਵਿੰਗ
ਪੰਥਕ ਅਕਾਲੀ ਦਲ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਬਾਬਾ ਸੱਜਣ ਸਿੰਘ ਜੀ
ਮੁੱਖ ਸਲਾਹਕਾਰ, ਪੰਥਕ ਅਕਾਲੀ ਦਲ






ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਹੈਡ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ ਅਤੇ ਸਮੂਹ ਵਿਦਿਆਰਥੀ


ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਪ੍ਰਗਟ ਸਿੰਘ
ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਇਟਲੀ




--★ ਵੱਲੋਂ ★--

# ਜਥੇਦਾਰ ਸਵਰਨਜੀਤ ਸਿੰਘ ਜੀ

ਮੁਖੀ

## ਤਰਨਾ ਦਲ ਦੋਆਬਾ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਪਰਮਿੰਦਰ ਸਿੰਘ ਬਲ
ਪ੍ਰਧਾਨ, ਸਿੱਖ ਫੈਡਰੇਸ਼ਨ ਯੂ. ਕੇ.

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ । ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137



ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404


ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਸ. ਭਗਵਾਨ ਸਿੰਘ ਜੌਹਲ
ਪ੍ਰਸਿੱਧ ਸਿੱਖ ਚਿੰਤਕ, ਪੰਥਕ ਬੁਲਾਰੇ ਤੇ ਲੇਖਕ
bhagwansinghjohal@gmail.com





ਪੰਥਕ ਅਕਾਲੀ ਦਲ ਦੇ ਬਾਨੀ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ)


ਸ.ਰਘਬੀਰ ਸਿੰਘ ਜੀ ਵਾਲਸਾਲ
(ਐਮ. ਡੀ. ਅਵਾਜ਼ਿ ਕੌਮ ਅਖ਼ਬਾਰ ਤੇ ਵੈਬ ਟੀ. ਵੀ.)


ਸ. ਗੁਰਜੰਟ ਸਿੰਘ ਖਾਲਸਾ (ਇੰਟਰਨੈਸ਼ਨਲ ਅਵਾਜਿ ਕੌਮ ਟੀ. ਵੀ. ਇੰਗਲੈਂਡ)

**ਵੱਲੋਂ :**

**ਇੰਟਰਨੈਸ਼ਨਲ ਅਵਾਜ਼ਿ-ਕੌਮ ਟੀ.ਵੀ. ਇੰਗਲੈਂਡ**




ਸਰਦਾਰ ਸੁਰਜੀਤ ਸਿੰਘ
ਬੀਬੀ ਦਰਸ਼ਨ ਕੌਰ
ਅਤੇ ਸਮੂਹ ਪਲਾਹ ਪਰਿਵਾਰ




# ਮਾਈ ਭਾਗੋ ਸੇਵਾ ਸੁਸਾਇਟੀ

## ਗੁਰਦਾਸਪੁਰ

## (ਰਜਿ. ਨੰ. 210)






ਭਾਈ ਧਰਮਪਾਲ ਸਿੰਘ ਜੋਹਲ
ਆਸਟ੍ਰੇਲੀਆ ਅਤੇ ਸਮੂਹ ਪਰਿਵਾਰ




--✶ ਵੱਲੋਂ ✶--

# ਬਾਬਾ ਬਲਵਿੰਦਰ ਸਿੰਘ ਜੀ

## ਹੈੱਡ ਗ੍ਰੰਥੀ, ਗੁਰਦੁਆਰਾ ਸੰਤ ਖਾਲਸਾ, ਪਿੰਡ ਰੋਡੇ (ਮੋਗਾ)




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਸ੍ਰ: ਤਰਨਜੀਤ ਸਿੰਘ ਜੌਹਲ ਉਰਫ਼ ਡੀ . ਸੀ . ਜੌਹਲ
ਵਾਲਸਾਲ ( ਇੰਗਲੈਂਡ )
ਅਤੇ ਸਮੂਹ ਪਰਿਵਾਰ




--★ ਵੱਲੋਂ ★--

# ਭਾਈ ਅਮੋਲਕ ਸਿੰਘ ਅਖਾੜਾ

## ਪੀ. ਏ.

## ਬਾਬਾ ਜੋਗਿੰਦਰ ਸਿੰਘ ਜੀ





ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ



ਰਸ਼ਪਿੰਦਰ ਕੌਰ ਗਿੱਲ
ਲੇਖਿਕਾ, ਐਂਕਰ ਤੇ ਪ੍ਰਧਾਨ, ਪੀਂਘਾ ਸੋਚ ਦੀਆਂ ਸਾਹਿਤ
ਮੰਚ ਪਬਲੀਕੇਸ਼ਨ, ਮੈਗਜ਼ੀਨ ਸਿੱਖ ਫਰਜ਼ ਸਕਾਲਰਸ਼ਿਪ




--★ ਵੱਲੋਂ ★--

# ਗਿਆਨੀ ਰਾਜਪਾਲ ਸਿੰਘ ਬੋਪਰਾਏ
## ਪ੍ਰਚਾਰਕ
## ਪੰਥਕ ਅਕਾਲੀ ਦਲ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਜਥੇਦਾਰ ਦਰਸ਼ਨ ਸਿੰਘ ਮੰਡ
ਸੀਨੀਅਰ ਅਕਾਲੀ ਆਗੂ




--✶ ਵੱਲੋਂ ✶--

# ਭਾਈ ਪ੍ਰਗਟ ਸਿੰਘ ਨਿੱਝਰ
## ਅਤੇ
# ਪਰਿਵਾਰ, ਜਰਮਨੀ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਸ. ਅਰਸ਼ਦੀਪ ਸਿੰਘ ਸਮਰਾ
ਮੁੱਖ ਸੰਪਾਦਕ, ਅੱਜ ਦੀ ਆਵਾਜ਼




--✶ ਵੱਲੋਂ ✶--

# ਜਥੇਦਾਰ ਦਲੀਪ ਸਿੰਘ ਚਕਰ

## ਕਨਵੀਨਰ ,
## ਪੰਥਕ ਅਕਾਲੀ ਦਲ



www.awazeqaumtv.com | ਮੰਗਲਵਾਰ, 27 ਅਕਤੂਬਰ 2026 ਲੰਡਨ (ਯੂ. ਕੇ.) | ਆਵਾਜ਼ਿ ਕੌਮ AWAZE QAUM






--✶ ਵੱਲੋਂ ✶--

# ਹਰਚੰਦ ਸਿੰਘ ਚਕਰ

ਪ੍ਰਧਾਨ,

## ਪੰਥਕ ਅਕਾਲੀ ਦਲ





# ਸ੍ਰੀ ਹਰਿਮੰਦਰ ਸਾਹਿਬ

ਦੇ ਸਿਰਜਨਹਾਰ ਚੌਥੇ ਪਾਤਿਸ਼ਾਹ

## ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ

ਦੇ

# ਪ੍ਰਕਾਸ਼ ਗੁਰਪੁਰਬ

ਦੀ ਸਮੂਹ ਸਾਧ ਸੰਗਤ ਨੂੰ

## ਲੱਖ-ਲੱਖ ਵਧਾਈ



## ਭਾਈ ਸਤਵੰਤ ਸਿੰਘ

ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ




--✶ ਵੱਲੋਂ ✶--

# ਭਾਈ ਗੁਰਦੀਪ ਸਿੰਘ ਬਠਿੰਡਾ

## ਪ੍ਰਧਾਨ

## ਯੂਨਾਈਟਿਡ ਅਕਾਲੀ ਦਲ





ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਬਾਬਾ ਨਛੱਤਰ ਸਿੰਘ ਜੀ
ਭੈਣੀ ਮੱਸਾ ਸਿੰਘ, ਪ੍ਰਧਾਨ ਆਸਟਰੀਆ (ਯੂਰਪ)




--✶ ਵੱਲੋਂ ✶--

# ਜਥੇਦਾਰ ਰਣਧੀਰ ਸਿੰਘ

## ਪ੍ਰਧਾਨ

## ਪੰਥਕ ਅਕਾਲੀ ਦਲ, ਸੰਗਰੂਰ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਜਥੇਦਾਰ ਬੂਟਾ ਸਿੰਘ ਰਣਸੀਂਹ
ਸੀਨੀਅਰ ਆਗੂ, (ਯੂਨਾਈਟਿਡ ਅਕਾਲੀ ਦਲ)




--★ ਵੱਲੋਂ ★--

# ਹਰਕ੍ਰਿਸ਼ਨ ਸਿੰਘ ਕੋਠੇਜੀਵਾ

## ਪ੍ਰਧਾਨ ਦਿਹਾਤੀ

## ਜ਼ਿਲ੍ਹਾ ਲੁਧਿਆਣਾ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਸੰਤ ਬਾਬਾ ਜਤਿੰਦਰ ਸਿੰਘ
ਗੋਬਿੰਦਬਾਗ ਵਾਲੇ, ਕਾਰਜਕਾਰੀ ਪ੍ਰਧਾਨ, ਪੰਥਕ ਅਕਾਲੀ ਦਲ




--★ ਵੱਲੋਂ ★--

ਬਾਬਾ ਸੁਖਵੰਤ ਸਿੰਘ ਚੰਨਣਕੇ
ਚੌਂਕ ਮਹਿਤਾ





# ਸ੍ਰੀ ਹਰਿਮੰਦਰ ਸਾਹਿਬ

ਦੇ ਸਿਰਜਨਹਾਰ ਚੌਥੇ ਪਾਤਿਸ਼ਾਹ

## ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ

ਦੇ

# ਪ੍ਰਕਾਸ਼ ਗੁਰਪੁਰਬ

ਦੀ ਸਮੂਹ ਸਾਧ ਸੰਗਤ ਨੂੰ

## ਲੱਖ-ਲੱਖ ਵਧਾਈ



## ਭਾਈ ਗੁਰਬਚਨ ਸਿੰਘ ਅਣਖੀ

ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਲਿਵਰਪੂਲ, ਇੰਗਲੈਂਡ
ਅਤੇ ਜਥੇਦਾਰ ਨਿਹੰਗ ਜਥੇਬੰਦੀ ਇੰਗਲੈਂਡ ਅਤੇ ਯੂਰਪ






--✶ ਵੱਲੋਂ ✶--

# ਪਰਗਟ ਸਿੰਘ-ਬਲਜੀਤ ਕੌਰ ਅਤੇ ਸਮੂਹ ਪਰਿਵਾਰ


ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਇੰਦਰਜੀਤ ਸਿੰਘ
ਸੰਤ ਭਿੰਡਰਾਂਵਾਲਿਆਂ ਜੀ ਦੇ ਸਪੁੱਤਰ




--* ਵੱਲੋਂ *--

ਭਾਈ ਗੁਰਪ੍ਰੀਤ ਸਿੰਘ ਕੈਨੇਡਾ

ਵਿਦਿਆਰਥੀ, ਗੁ. ਸੰਤ ਖਾਲਸਾ ਰੋਡੇ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੂਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਇੰਦਰਜੀਤ ਸਿੰਘ
ਭਿੰਡਰ ਕਲਾਂ, ਯੂ. ਏ. ਈ.




--★ ਵੱਲੋਂ ★--

# ਭਾਈ ਜਸਵਿੰਦਰ ਸਿੰਘ

## ਕਿੱਲੀ ਚਾਹਲ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਲਹਿੰਬਰ ਸਿੰਘ
ਯੂ. ਕੇ. , ਫ਼ਤਹਿਪੁਰ ਵਾਲੇ




--✶ ਵੱਲੋਂ ✶--

# ਭਾਈ ਗੁਰਜਾਪ ਸਿੰਘ ਰੋਡੇ

## ਕੈਨੇਡਾ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੂਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਗੁਰਦੇਵ ਸਿੰਘ ਬਰਾੜ
ਰੋਡੇ (ਯੂ. ਕੇ.)




--✶ ਵੱਲੋਂ ✶--

# ਭਾਈ ਬਲਬੀਰ ਸਿੰਘ ਰੰਧਾਵਾ
# ਯੂ. ਕੇ.




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਮੈਨੇਜਰ ਸ. ਬਲਜੀਤ ਸਿੰਘ
ਗੁ. ਸ਼ਹੀਦ ਬਾਬਾ ਨਿਹਾਲ ਸਿੰਘ ਜੀ ਤੱਲ੍ਹਣ




--* ਵੱਲੋਂ *--

# ਭਾਈ ਹਰਜਿੰਦਰ ਸਿੰਘ ਖੇਲਾ

# ਯੂ. ਕੇ.




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਜਥੇਦਾਰ ਬੂਟਾ ਸਿੰਘ ਜੀ
ਗੁਰਦੁਆਰਾ ਸੰਤ ਖਾਲਸਾ, ਪਿੰਡ ਰੋਡੇ (ਜ਼ਿਲ੍ਹਾ ਮੋਗਾ)

ਆਵਾਜ਼ਿ ਕੌਮ AWAZE QAUM




--✶ ਵੱਲੋਂ ✶--

ਭਾਈ ਧੰਨਾ ਸਿੰਘ ਗੋਸਲ
ਯੂ. ਕੇ.




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਸ. ਅਜੀਤ ਸਿੰਘ ਬਰਾੜ
ਕੈਨੇਡਾ




--* ਵੱਲੋਂ *--

# ਸ. ਯਾਦਵਿੰਦਰ ਸਿੰਘ ਬਰਾੜ

# ਯੂ. ਐਸ. ਏ.




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਕੁਲਦੀਪ ਸਿੰਘ ਦਿਓਲ
ਸਮੈਥਿਕ, ਯੂ. ਕੇ.




--* ਵੱਲੋਂ *--

# ਭਾਈ ਜਤਿੰਦਰ ਸਿੰਘ

## ਪ੍ਰਧਾਨ, ਗੁਰਦੁਆਰਾ ਸਮੈਥਿਕ, ਯੂ. ਕੇ.




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਭਾਈ ਬਲਿਹਾਰ ਸਿੰਘ ਰੰਧਾਵਾ
ਸਿੱਖ ਵਿਦਵਾਨ




--✶ ਵੱਲੋਂ ✶--

# ਭਾਈ ਅਵਤਾਰ ਸਿੰਘ ਕੂੰਨਰ

## ਸਾਬਕਾ ਪ੍ਰਧਾਨ

## ਆਈ. ਐਸ. ਵਾਈ. ਐਫ. ਕੈਨੇਡਾ





# ਸ੍ਰੀ ਹਰਿਮੰਦਰ ਸਾਹਿਬ

ਦੇ ਸਿਰਜਨਹਾਰ ਚੌਥੇ ਪਾਤਿਸ਼ਾਹ

## ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ

ਦੇ

# ਪ੍ਰਕਾਸ਼ ਗੁਰਪੁਰਬ

ਦੀ ਸਮੂਹ ਸਾਧ ਸੰਗਤ ਨੂੰ

## ਲੱਖ-ਲੱਖ ਵਧਾਈ



## ਗਿਆਨੀ ਸੰਦੀਪ ਸਿੰਘ ਜੀ

ਯੂ. ਐਸ. ਏ.




--✶ ਵੱਲੋਂ ✶--

# ਭਾਈ ਚਮਕੌਰ ਸਿੰਘ

## ਵਲਵਰਹੈਂਪਟਨ

## (ਇੰਗਲੈਂਡ) ਯੂ. ਕੇ.




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੁਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ
ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ
ਸਾਹਿਬ ਵਾਲੇ, ਮੁੱਖੀ ਤੇਰੀ ਓਟ ਆਸੀਆਨਾ ਗਦਲੀ




--✶ ਵੱਲੋਂ ✶--

# ਚੇਅਰਮੈਨ ਸਿਕੰਦਰ ਸਿੰਘ ਭੋਏਵਾਲ




ਸ੍ਰੀ ਹਰਿਮੰਦਰ ਸਾਹਿਬ
ਦੇ ਸਿਰਜਨਹਾਰ ਚੌਥੇ ਪਾਤਿਸ਼ਾਹ
ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ
ਦੇ
ਪ੍ਰਕਾਸ਼ ਗੁਰਪੂਰਬ
ਦੀ ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈ
ਪ੍ਰਧਾਨ ਗੁਰਮੁੱਖ ਸਿੰਘ ਸਾਬਕਾ
ਆੜ੍ਹਤੀਆ ਚੌਕ ਮਹਿਤਾ




--* ਵੱਲੋਂ *--

# ਭਾਈ ਕੁਲਦੀਪ ਸਿੰਘ ਡੱਲਾ

## ਜਿਲ੍ਹਾ ਪ੍ਰਧਾਨ ਧਾਰਮਿਕ ਵਿੰਗ

## ਅਤੇ ਹਲਕਾ ਇਨਚਾਰਜ ਜਗਰਾਉਂ






ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On Visit on facebook

https://www.facebook.com/awazeqaumtv/videos/194899582124531/

Awaze Qaum (ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 27 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੧ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸ਼੍ਰੋਮਣੀ ਅਕਾਲੀ ਦਲ ਦਾ ਵੱਡਾ ਐਲਾਨ, 2 ਆਗੂਆਂ ਨੂੰ ਸੌਂਪੀ ਅਹਿਮ ਜ਼ਿੰਮੇਵਾਰੀ



**ਪਟਿਆਲਾ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਲਗਾਤਾਰ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ। ਅਕਾਲੀ ਦਲ ਨੇ ਹੁਣ ਰਾਜਪੁਰਾ ਅਤੇ ਸ੍ਰੀ ਫਤਿਹਗੜ੍ਹ ਸਾਹਿਬ ਵਿਚ ਹਲਕਾ ਆਬਜ਼ਰਵਰਾਂ ਦੀ ਨਿਯੁਕਤੀ ਕੀਤੀ ਹੈ। ਪਾਰਟੀ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਹਰਪ੍ਰੀਤ ਸਿੰਘ ਗੀਚੀ ਨੂੰ ਰਾਜਪੁਰਾ ਵਿਧਾਨ ਸਭਾ ਹਲਕੇ ਦਾ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਬਲਜਿੰਦਰ ਸਿੰਘ ਭੁੱਚੀ ਨੂੰ ਸ੍ਰੀ ਫਤਿਹਗੜ੍ਹ ਸਾਹਿਬ ਹਲਕੇ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਇਨ੍ਹਾਂ ਨਿਯੁਕਤੀਆਂ ਰਾਹੀਂ ਪਾਰਟੀ ਨੇ ਦੋਵਾਂ ਹਲਕਿਆਂ ਵਿਚ ਆਪਣੀਆਂ ਸਰਗਰਮੀਆਂ ਨੂੰ ਮਜ਼ਬੂਤ ਕਰਨ ਵੱਲ ਕਦਮ ਵਧਾਇਆ ਹੈ।

## ਸਮੁੱਚੇ ਪੰਜਾਬ ’ਚ ਪੈ ਰਹੀਆਂ ਲਗਾਤਾਰ ਰੇਡਾਂ

# ਨਸ਼ਿਆਂ ਖ਼ਿਲਾਫ਼ ਕੇਂਦਰੀ ਏਜੰਸੀਆਂ ਦਾ ਐਕਸ਼ਨ ਤੇਜ਼




**ਚੰਡੀਗੜ੍ਹ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਵਿਚ ਨਸ਼ਿਆਂ ਖ਼ਿਲਾਫ਼ ਲੜਾਈ ਲੜਣ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਕਤਲਕਾਂਡ ਮਗਰੋਂ ਕੇਂਦਰੀ ਏਜੰਸੀਆਂ ਵੀ ਨਸ਼ਿਆਂ ਵਿਰੁੱਧ ਐਕਸ਼ਨ ਮੋਡ ਵਿਚ ਆ ਗਈਆਂ ਹਨ। ਮਾਨਸਾ ਵਿਚ ਪਹਿਲਾਂ ਤੋਂ ਹੀ ਪਰਵਿੰਦਰ ਸਿੰਘ ਝੋਟਾ ਕਤਲਕਾਂਡ ਨੂੰ ਲੈ ਕੇ ਸੀ. ਬੀ. ਆਈ. ਵੱਲੋਂ ਕਾਰਵਾਈ ਜਾਰੀ ਹੈ, ਉੱਥੇ ਹੀ ਅੱਜ ਖੰਨਾ ਅਤੇ ਫ਼ਤਿਹਗੜ੍ਹ ਸਾਹਿਬ ਵਿਚ ਕੁਝ ਨਸ਼ਾ ਛੁਡਾਊ ਕੇਂਦਰਾਂ ਤੇ ਹਸਪਤਾਲਾਂ ’ਤੇ ਕੇਂਦਰੀ ਏਜੰਸੀਆਂ ਨੇ ਛਾਪਾ ਮਾਰਿਆ ਹੈ। ਜਾਣਕਾਰੀ ਮੁਤਾਬਕ, ਅੱਜ ਸ਼ਾਮ ਨੂੰ ਕੇਂਦਰੀ ਏਜੰਸੀਆਂ ਖਮਾਣੋ ਦੇ ਕੁਝ ਨਸ਼ਾ ਛੁਡਾਊ ਕੇਂਦਰਾਂ ਤੇ ਹਸਪਤਾਲਾਂ ਵਿਚ ਪਹੁੰਚੀਆਂ ਤੇ ਚੈਕਿੰਗ ਸ਼ੁਰੂ ਕੀਤੀ। ਫ਼ਿਲਹਾਲ ਇਸ ਸਬੰਧੀ ਕਿਸੇ ਵੀ ਅਧਿਕਾਰੀ ਵੱਲੋਂ ਕੋਈ ਵੀ ਬਿਆਨ ਨਹੀਂ ਦਿੱਤਾ ਗਿਆ। ਮਾਮਲੇ ਸਬੰਧੀ ਹੋਰ ਵੇਰਵਿਆਂ ਦੀ ਉਡੀਕ ਹੈ। ਖ਼ਬਰ ਲਿਖੇ ਜਾਣ ਤਕ ਇਨ੍ਹਾਂ ਥਾਵਾਂ ’ਤੇ ਕੇਂਦਰੀ ਏਜੰਸੀਆਂ ਵੱਲੋਂ ਚੈਕਿੰਗ ਜਾਰੀ ਸੀ।

## ਪਰਵਿੰਦਰ ਸਿੰਘ ਝੋਟਾ ਦੇ ਇਨਸਾਫ਼ ਲਈ ਲੱਗੇ ਧਰਨੇ ’ਚ ਪਹੁੰਚੀ ਪੰਜਾਬੀ ਅਦਾਕਾਰਾ ਪ੍ਰੀਤੀ ਸਪਰੂ



**ਮਾਨਸਾ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਰਵਿੰਦਰ ਸਿੰਘ ਝੋਟਾ ਦੇ ਕਤਲ ਦੇ ਮਾਮਲੇ ਨੂੰ ਲੈ ਕੇ ਇਨਸਾਫ਼ ਦੀ ਮੰਗ ਲਗਾਤਾਰ ਤੇਜ਼ ਹੁੰਦੀ ਜਾ ਰਹੀ ਹੈ। ਰੋਜਾਨਾ ਵੱਖ ਵੱਖ ਰਾਜਨੀਤਕ ਆਗੂਆਂ ਤੋਂ ਲੈ ਕੇ ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਵਲੋਂ ਮਾਨਸਾ ਵਿਖੇ ਧਰਨੇ ਵਿੱਚ ਪਹੁੰਚ ਕੇ ਸਮਰਥਨ ਦਿੱਤਾ ਜਾ ਰਿਹਾ ਹੈ। ਮਾਨਸਾ ਦੇ ਤਿੰਨਕੋਣੀ ’ਤੇ ਚੱਲ ਰਹੇ ਧਰਨੇ ਵਿੱਚ ਅੱਜ ਪੰਜਾਬੀ ਫ਼ਿਲਮ ਜਗਤ ਦੀ ਪ੍ਰਸਿੱਧ ਅਦਾਕਾਰਾ ਪ੍ਰੀਤੀ ਸਪਰੂ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਪਰਵਿੰਦਰ ਸਿੰਘ ਝੋਟਾ ਦੇ ਇਨਸਾਫ਼ ਲਈ ਆਪਣੀ ਆਵਾਜ਼ ਬੁਲੰਦ ਕੀਤੀ ਅਤੇ ਧਰਨੇ ’ਤੇ ਬੈਠੇ ਲੋਕਾਂ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ। ਮਾਨਸਾ ਦੀ ਤਿੰਨਕੋਣੀ ’ਤੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਚੱਲ ਰਹੇ ਧਰਨੇ ਵਿੱਚ ਅੱਜ ਪੰਜਾਬੀ ਅਦਾਕਾਰਾ ਪ੍ਰੀਤੀ ਸਪਰੂ ਨੇ ਝੋਟਾ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਦੌਰਾਨ ਪ੍ਰੀਤੀ ਸਪਰੂ ਨੇ ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ਼ ਦਿਵਾਉਣ ਦੀ ਮੰਗ ਦੇ ਹੱਕ ਵਿੱਚ ਆਵਾਜ਼ ਉਠਾਈ। ਉਨ੍ਹਾਂ ਨੇ ਪਰਵਿੰਦਰ ਸਿੰਘ ਝੋਟਾ ਦੀ ਪਤਨੀ ਨਾਲ ਵੀ ਗੱਲਬਾਤ ਕੀਤੀ ਅਤੇ ਇਸ ਔਖੀ ਘੜੀ ਵਿੱਚ ਹੌਸਲਾ ਦਿੱਤਾ। ਧਰਨੇ ਵਿੱਚ ਅਦਾਕਾਰਾ ਦੀ ਸ਼ਮੂਲੀਅਤ ਨੂੰ ਪਰਵਿੰਦਰ ਸਿੰਘ ਝੋਟਾ ਦੇ ਇਨਸਾਫ਼ ਲਈ ਚੱਲ ਰਹੇ ਸੰਘਰਸ਼ ਨਾਲ ਜੁੜੀ ਇੱਕ ਅਹਿਮ ਹਾਜ਼ਰੀ ਵਜੋਂ ਦੇਖਿਆ ਜਾ ਰਿਹਾ ਹੈ। ਧਰਨਾਕਾਰੀਆਂ ਵੱਲੋਂ ਇਸ ਮਾਮਲੇ ਵਿੱਚ ਇਨਸਾਫ਼ ਦੀ ਮੰਗ ਕੀਤੀ ਜਾ ਰਹੀ ਹੈ। ਹੁਣ ਦੇਖਣਾ ਹੋਵੇਗਾ ਕਿ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਚੱਲ ਰਹੇ ਇਸ ਸੰਘਰਸ਼ ’ਤੇ ਸਰਕਾਰ ਅਤੇ ਸਬੰਧਤ ਪ੍ਰਸ਼ਾਸਨ ਵੱਲੋਂ ਕੀ ਕਦਮ ਚੁੱਕੇ ਜਾਂਦੇ ਹਨ।

## ਅਮਿਤ ਸ਼ਾਹ ਟਿੱਪਣੀ ਮਾਮਲੇ ਵਿੱਚ ਰਾਹੁਲ ਗਾਂਧੀ ਬਰੀ, ਅਦਾਲਤ ਨੇ ਸਬੂਤਾਂ ਦੀ ਘਾਟ ਕਾਰਨ ਸੁਣਾਇਆ ਫੈਸਲਾ





**ਨਵੀਂ ਦਿੱਲੀ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਰੁੱਧ ਕਥਿਤ ਅਪਮਾਨਜਨਕ ਟਿੱਪਣੀਆਂ ਦੇ ਮਾਮਲੇ ਵਿੱਚ ਕਾਂਗਰਸ ਨੇਤਾ ਰਾਹੁਲ ਗਾਂਧੀ ਨੂੰ ਵੱਡੀ ਰਾਹਤ ਮਿਲੀ ਹੈ। ਸੋਮਵਾਰ ਨੂੰ ਸੁਲਤਾਨਪੁਰ ਦੀ ਐਮਪੀ-ਐਮਐਲਏ ਅਦਾਲਤ ਨੇ ਸਬੂਤਾਂ ਦੀ ਘਾਟ ਕਾਰਨ ਰਾਹੁਲ ਗਾਂਧੀ ਨੂੰ ਮਾਣਹਾਨੀ ਮਾਮਲੇ ਵਿੱਚ ਬਰੀ ਕਰ ਦਿੱਤਾ ਹੈ। ਸਪੈਸ਼ਲ ਮੈਜਿਸਟਰੇਟ ਸ਼ੁਭਮ ਵਰਮਾ ਦੀ ਅਦਾਲਤ ਨੇ ਇਹ ਫੈਸਲਾ ਸੁਣਾਇਆ। ਫੈਸਲੇ ਤੋਂ ਬਾਅਦ ਸਮਰਥਕਾਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਦਰਅਸਲ ਇਹ ਮਾਮਲਾ 2018 ਵਿੱਚ ਕੀਤੀ ਗਈ ਇੱਕ ਟਿੱਪਣੀ ਤੋਂ ਪੈਦਾ ਹੋਇਆ ਸੀ। ਕੋਤਵਾਲੀ ਦੇਹਾਤ ਥਾਣਾ ਖੇਤਰ ਦੇ ਹਨੂੰਮਾਨਗੰਜ ਦੇ ਰਹਿਣ ਵਾਲੇ ਭਾਜਪਾ ਨੇਤਾ ਵਿਜੇ ਮਿਸ਼ਰਾ ਨੇ ਅਮਿਤ ਸ਼ਾਹ ਵਿਰੁੱਧ ਰਾਹੁਲ ਗਾਂਧੀ ਦੀਆਂ ਟਿੱਪਣੀਆਂ ਤੋਂ ਨਾਰਾਜ਼ ਹੋ ਕੇ ਮਾਣਹਾਨੀ ਦਾ ਮੁਕੱਦਮਾ ਦਾਇਰ ਕੀਤਾ ਸੀ। ਬਾਅਦ ਵਿੱਚ ਇਸ ਮਾਮਲੇ ਦੀ ਸੁਣਵਾਈ ਐਮਪੀ-ਐਮਐਲਏ ਮੈਜਿਸਟ੍ਰੇਟ ਅਦਾਲਤ ਵਿੱਚ ਹੋਈ। ਮਾਮਲੇ ਵਿੱਚ ਦੋਵਾਂ ਧਿਰਾਂ ਵਿਚਕਾਰ ਬਹਿਸ 13 ਅਕਤੂਬਰ ਨੂੰ ਲੰਬੀ ਦੇਰੀ ਤੋਂ ਬਾਅਦ ਸਮਾਪਤ ਹੋਈ। ਲਿਖਤੀ ਦਲੀਲਾਂ ਵਿੱਚ ਰਾਹੁਲ ਗਾਂਧੀ ਦੇ ਵਕੀਲ ਨੇ ਵਿਵਾਦਪੂਰਨ ਬਿਆਨ ਨੂੰ ਸਵੀਕਾਰ ਕੀਤਾ ਪਰ ਦਲੀਲ ਦਿੱਤੀ ਕਿ ਇਹ ਚੰਗੀ ਭਾਵਨਾ ਨਾਲ ਦਿੱਤਾ ਗਿਆ ਸੀ ਅਤੇ ਕਿਸੇ ਨੂੰ ਅਪਮਾਨ ਕਰਨ ਦਾ ਇਰਾਦਾ ਨਹੀਂ ਸੀ। ਬਚਾਅ ਪੱਖ ਨੇ ਹੋਰ ਦਲੀਲਾਂ ਵੀ ਦਿੱਤੀਆਂ, ਜਿਸ ਵਿੱਚ ਇਹ ਵੀ ਸ਼ਾਮਲ ਹੈ ਕਿ ਬਿਆਨ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਗਿਆ ਸੀ। ਇਸ ਦੌਰਾਨ ਮੁੱਦਈ ਦੇ ਵਕੀਲ ਨੇ ਰਾਹੁਲ ਗਾਂਧੀ ਨੂੰ ਇਸ ਆਧਾਰ ’ਤੇ ਦੋਸ਼ੀ ਠਹਿਰਾਉਣ ਦੀ ਕੋਸ਼ਿਸ਼ ਕੀਤੀ ਕਿ ਉਨ੍ਹਾਂ ਨੇ ਵਿਵਾਦਪੂਰਨ ਬਿਆਨ ਦੇਣ ਦੀ ਗੱਲ ਮੰਨ ਲਈ ਹੈ। ਦੋਵਾਂ ਧਿਰਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ, ਅਦਾਲਤ ਨੇ ਕੇਸ ਨੂੰ ਫੈਸਲੇ ਲਈ ਰਾਖਵਾਂ ਰੱਖ ਲਿਆ ਸੀ। ਸੋਮਵਾਰ ਨੂੰ ਅਦਾਲਤ ਨੇ ਆਪਣਾ ਫੈਸਲਾ ਸੁਣਾਉਂਦਿਆਂ ਸਬੂਤਾਂ ਦੀ ਘਾਟ ਕਾਰਨ ਰਾਹੁਲ ਗਾਂਧੀ ਨੂੰ ਬਰੀ ਕਰ ਦਿੱਤਾ। ਉਨ੍ਹਾਂ ਦੇ ਸਮਰਥਕਾਂ ਨੇ ਇਸ ਫੈਸਲੇ ਦਾ ਜਸ਼ਨ ਮਨਾਇਆ। ਇਹ ਫੈਸਲਾ 2018 ਵਿੱਚ ਦਾਇਰ ਮਾਣਹਾਨੀ ਦੇ ਮਾਮਲੇ ਵਿੱਚ ਰਾਹੁਲ ਗਾਂਧੀ ਨੂੰ ਰਾਹਤ ਪ੍ਰਦਾਨ ਕਰਦਾ ਹੈ।

## ਚੰਡੀਗੜ੍ਹ ਦੀ ਸਫ਼ਾਈ ਵਿਵਸਥਾ ਤੋਂ ਨਾਰਾਜ਼ ਪਦਮਸ੍ਰੀ ਇੰਦਰਜੀਤ ਸਿੰਘ ਸਿੱਧੂ, ਖ਼ੁਦ ਕੂੜਾ ਚੁੱਕਣ ਲਈ ਉਤਰੇ

### ਨਗਰ ਨਿਗਮ ਦੀ ਕਾਰਗੁਜ਼ਾਰੀ ’ਤੇ ਚੁੱਕੇ ਸਵਾਲ



**ਚੰਡੀਗੜ੍ਹ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਦੀ ਸਫ਼ਾਈ ਵਿਵਸਥਾ ਤੋਂ ਨਾਰਾਜ਼ 89 ਸਾਲਾ ਪਦਮਸ੍ਰੀ ਐਵਾਰਡੀ ਅਤੇ ਸੇਵਾਮੁਕਤ ਆਈ.ਪੀ.ਐੱਸ. ਅਧਿਕਾਰੀ ਇੰਦਰਜੀਤ ਸਿੰਘ ਸਿੱਧੂ ਇੱਕ ਵਾਰ ਫਿਰ ਖ਼ੁਦ ਸੜਕਾਂ ਅਤੇ ਗਲੀਆਂ ਵਿੱਚੋਂ ਕੂੜਾ ਚੁੱਕਣ ਲਈ ਉਤਰ ਆਏ ਹਨ। ਨਗਰ ਨਿਗਮ ਦੇ ਸਫ਼ਾਈ ਪ੍ਰਬੰਧਾਂ ਵਿੱਚ ਕਥਿਤ ਲਾਪਰਵਾਹੀ ਤੋਂ ਦੁਖੀ ਸਿੱਧੂ ਨੇ ਅਧਿਕਾਰੀਆਂ ਦੀ ਕਾਰਗੁਜ਼ਾਰੀ ’ਤੇ ਸਵਾਲ ਖੜ੍ਹੇ ਕਰਦਿਆਂ ਉਨ੍ਹਾਂ ਨੂੰ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਦਾ ਨਿਯਮਿਤ ਦੌਰਾ ਕਰਨ ਦੀ ਅਪੀਲ ਕੀਤੀ ਹੈ। ਇੰਦਰਜੀਤ ਸਿੰਘ ਸਿੱਧੂ ਦਾ ਕਹਿਣਾ ਹੈ ਕਿ ਸ਼ਹਿਰ ਦੀਆਂ ਸੜਕਾਂ, ਪਾਰਕਾਂ, ਗਲੀਆਂ ਅਤੇ ਬਾਜ਼ਾਰਾਂ ਵਿੱਚ ਕੂੜਾ ਖਿੱਲਰਿਆ ਪਿਆ ਹੈ। ਉਨ੍ਹਾਂ ਅਨੁਸਾਰ ਸੈਕਟਰ-49 ਦੇ ਪਾਰਕ ਵਿੱਚੋਂ ਕੂੜਾਦਾਨ ਤੱਕ ਗਾਇਬ ਹਨ, ਜਦਕਿ ਬਾਜ਼ਾਰ ਵਿੱਚ ਵੀ ਸਫ਼ਾਈ ਦੀ ਮਾੜੀ ਹਾਲਤ ਦੇਖਣ ਨੂੰ ਮਿਲ ਰਹੀ ਹੈ। ਉਨ੍ਹਾਂ ਨੇ ਨਗਰ ਨਿਗਮ ਦੇ ਉੱਚ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਖ਼ੁਦ ਮੌਕੇ ’ਤੇ ਜਾ ਕੇ ਜਾਂਚ ਕਰਨ ਕਿ ਸਫ਼ਾਈ ਕਰਮਚਾਰੀ ਆਪਣੀ ਡਿਊਟੀ ਸਹੀ ਢੰਗ ਨਾਲ ਨਿਭਾ ਰਹੇ ਹਨ ਜਾਂ ਨਹੀਂ। ਉਨ੍ਹਾਂ ਸੈਕਟਰ-49ਏ ਦੇ ਬਾਜ਼ਾਰ ਵਿੱਚ ਜਨਤਕ ਪਖਾਨਿਆਂ ਦੇ ਬਾਹਰ ਦੁਕਾਨਦਾਰਾਂ ਵੱਲੋਂ ਕਥਿਤ ਨਾਜਾਇਜ਼ ਕਬਜ਼ਿਆਂ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਕਿਹਾ ਕਿ ਇਨ੍ਹਾਂ ਕਬਜ਼ਿਆਂ ਕਾਰਨ ਲੋਕਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਜਨਤਕ ਪਖਾਨਿਆਂ ਦੀ ਵਰਤੋਂ ਕਰਨ ਵਿੱਚ ਵੀ ਮੁਸ਼ਕਲ ਆਉਂਦੀ ਹੈ। ਇੰਦਰਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਅਮਰੀਕਾ ਵਿੱਚ ਰਹਿੰਦਾ ਹੈ ਅਤੇ ਉਹ ਵੀ ਇਸ ਸਫ਼ਾਈ ਮੁਹਿੰਮ ਵਿੱਚ ਆਪਣੇ ਪਿਤਾ ਦਾ ਸਾਥ ਦੇ ਰਿਹਾ ਹੈ। ਸਿੱਧੂ ਨੇ ਕਿਹਾ ਕਿ ਉਨ੍ਹਾਂ ਦੀ ਸਿਹਤ ਨੂੰ ਦੇਖਦਿਆਂ ਪੁੱਤਰ ਨੇ ਉਨ੍ਹਾਂ ਨੂੰ ਅਮਰੀਕਾ ਆਉਣ ਦੀ ਸਲਾਹ ਦਿੱਤੀ ਸੀ, ਪਰ ਉਨ੍ਹਾਂ ਨੇ ਵਿਦੇਸ਼ ਜਾਣ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਉਹ ਅਮਰੀਕਾ ਜਾਣ ਦੀ ਬਜਾਏ ਆਪਣੇ ਦੇਸ਼ ਵਿੱਚ ਰਹਿ ਕੇ ਲੋਕਾਂ ਦੀ ਸੇਵਾ ਕਰਨਾ ਚਾਹੁੰਦੇ ਹਨ ਅਤੇ ਆਪਣੀ ਜ਼ਿੰਦਗੀ ਦੇ ਆਖ਼ਰੀ ਸਾਹ ਤੱਕ ਦੇਸ਼ ਲਈ ਯੋਗਦਾਨ ਪਾਉਂਦੇ ਰਹਿਣਾ ਚਾਹੁੰਦੇ ਹਨ। ਉਨ੍ਹਾਂ ਮੁਤਾਬਕ ਪਹਿਲਾਂ ਉਨ੍ਹਾਂ ਨੇ ਪੁਲੀਸ ਅਧਿਕਾਰੀ ਵਜੋਂ ਦੇਸ਼ ਦੀ ਸੇਵਾ ਕੀਤੀ ਅਤੇ ਹੁਣ ਸੇਵਾਮੁਕਤੀ ਤੋਂ ਬਾਅਦ ਸਫ਼ਾਈ ਮੁਹਿੰਮ ਰਾਹੀਂ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾ ਰਹੇ ਹਨ। ਉਨ੍ਹਾਂ ਦੇ ਗੁਆਂਢੀ ਰਾਜੇਸ਼ ਕੇ. ਆਰੀਆ ਨੇ ਦੱਸਿਆ ਕਿ ਉਮਰ ਅਤੇ ਕਮਜ਼ੋਰ ਸਿਹਤ ਦੇ ਬਾਵਜੂਦ ਸਿੱਧੂ ਹਰ ਰੋਜ਼ ਸਵੇਰੇ ਅਤੇ ਸ਼ਾਮ ਨੂੰ ਗਲੀਆਂ ਦੀ ਸਫ਼ਾਈ ਕਰਦੇ ਹਨ। ਉਨ੍ਹਾਂ ਦਾ ਸਫ਼ਾਈ ਪ੍ਰਤੀ ਸਮਰਪਣ ਇਲਾਕੇ ਦੇ ਲੋਕਾਂ ਲਈ ਪ੍ਰੇਰਨਾ ਦਾ ਸਰੋਤ ਹੈ। ਆਰੀਆ ਅਨੁਸਾਰ ਗੁਆਂਢੀ ਕਈ ਵਾਰ ਸਿੱਧੂ ਨੂੰ ਆਪਣੀ ਸਿਹਤ ਦਾ ਧਿਆਨ ਰੱਖਣ ਅਤੇ ਆਰਾਮ ਕਰਨ ਦੀ ਸਲਾਹ ਦਿੰਦੇ ਹਨ, ਪਰ ਉਹ ਆਪਣਾ ਕੰਮ ਜਾਰੀ ਰੱਖਣ ਨੂੰ ਤਰਜੀਹ ਦਿੰਦੇ ਹਨ। ਇੰਦਰਜੀਤ ਸਿੰਘ ਸਿੱਧੂ ਸਾਲ 1996 ਵਿੱਚ ਪੰਜਾਬ ਪੁਲੀਸ ਵਿੱਚ ਡੀ.ਆਈ.ਜੀ. ਦੇ ਅਹੁਦੇ ਤੋਂ ਸੇਵਾਮੁਕਤ ਹੋਏ ਸਨ।

## ਪਾਕਿਸਤਾਨ ਤੋਂ 150 ਸਿੱਖ ਸ਼ਰਧਾਲੂਆਂ ਦਾ ਜਥਾ ਸ੍ਰੀ ਅਨੰਦਪੁਰ ਸਾਹਿਬ ਪੁੱਜਿਆ, 8 ਸਾਲ ਬਾਅਦ ਸਿੱਖ ਸ਼ਰਧਾਲੂਆਂ ਦੇ ਜਥੇ ਦੀ ਆਮਦ ਨਾਲ ਸੰਗਤਾਂ ਵਿੱਚ ਖੁਸ਼ੀ ਦੀ ਲਹਿਰ



**ਸ੍ਰੀ ਅਨੰਦਪੁਰ ਸਾਹਿਬ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਤੋਂ 150 ਸਿੱਖ ਸ਼ਰਧਾਲੂਆਂ ਦਾ ਜਥਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜਿਆ, ਜਿੱਥੇ ਸੰਗਤਾਂ ਵੱਲੋਂ ਜਥੇ ਦਾ ਨਿੱਘਾ ਸਵਾਗਤ ਕੀਤਾ ਗਿਆ। ਲੰਮੇ ਸਮੇਂ ਬਾਅਦ ਸਿੱਖ ਸ਼ਰਧਾਲੂਆਂ ਦੇ ਜਥੇ ਦੀ ਆਮਦ ਨਾਲ ਸੰਗਤਾਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੇਖਣ ਨੂੰ ਮਿਲੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾਲੂਆਂ ਦਾ ਸਨਮਾਨ ਕੀਤਾ ਗਿਆ ਅਤੇ ਉਨ੍ਹਾਂ ਨਾਲ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਆਈ ਸੰਗਤ ਵੱਲੋਂ ਖੁਸ਼ੀ ਸਾਂਝੀ ਕੀਤੀ ਗਈ। ਜਾਣਕਾਰੀ ਅਨੁਸਾਰ ਲਗਪਗ ਅੱਠ ਸਾਲਾਂ ਬਾਅਦ ਸਿੱਖ ਸ਼ਰਧਾਲੂਆਂ ਦੇ ਜਥੇ ਦੀ ਆਮਦ ਨੂੰ ਸੰਗਤਾਂ ਵੱਲੋਂ ਵਿਸ਼ੇਸ਼ ਮਹੱਤਵ ਦਿੱਤਾ ਜਾ ਰਿਹਾ ਹੈ। ਪਾਕਿਸਤਾਨ ਤੋਂ ਆਏ ਸ਼ਰਧਾਲੂਆਂ ਨੇ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ’ਤੇ ਪਹੁੰਚ ਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸੰਗਤਾਂ ਨੇ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਸਿੱਖ ਸ਼ਰਧਾਲੂਆਂ ਲਈ ਵੀਜ਼ਾ ਪ੍ਰਕਿਰਿਆ ਨੂੰ ਸੌਖਾ ਬਣਾਇਆ ਜਾਵੇ, ਤਾਂ ਜੋ ਵੱਧ ਤੋਂ ਵੱਧ ਸ਼ਰਧਾਲੂ ਆਪਣੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰ ਸਕਣ। ਇਸ ਮੌਕੇ ਨੰਨ੍ਹੀ ਕਿਰਤ ਕੌਰ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ। ਸ਼੍ਰੋਮਣੀ ਕਮੇਟੀ ਦੇ ਐਗਜ਼ੈਕਟਿਵ ਮੈਂਬਰ ਦਲਜੀਤ ਸਿੰਘ ਭਿੰਡਰ ਵੱਲੋਂ ਕਿਰਤ ਕੌਰ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਦੱਸਿਆ ਗਿਆ ਕਿ ਕਿਰਤ ਕੌਰ ਪਾਕਿਸਤਾਨ ਵਿੱਚ ਪਹਿਲੀ ਸਿੱਖ ਬੀਬੀ ਹੈ, ਜਿਸ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਵਿਸ਼ੇ ’ਤੇ ਪੀਐੱਚ.ਡੀ. ਦੀ ਪੜ੍ਹਾਈ ਕੀਤੀ ਗਈ ਹੈ। ਇਸ ਪ੍ਰਾਪਤੀ ਦੇ ਸਨਮਾਨ ਵਜੋਂ ਸ਼੍ਰੋਮਣੀ ਕਮੇਟੀ ਵੱਲੋਂ ਵੀ ਵਿਸ਼ੇਸ਼ ਸਨਮਾਨ ਭੇਜਿਆ ਗਿਆ। ਸਿੱਖ ਧਰਮ, ਗੁਰਬਾਣੀ ਅਤੇ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਨਾਲ ਜੁੜੀ ਇਸ ਪ੍ਰਾਪਤੀ ਨੂੰ ਸੰਗਤਾਂ ਵੱਲੋਂ ਮਾਣ ਵਾਲੀ ਗੱਲ ਦੱਸਿਆ ਗਿਆ। ਇਸ ਮੌਕੇ ਕਿਰਤ ਕੌਰ ਦਾ ਸਨਮਾਨ ਕਰਦਿਆਂ ਸਿੱਖਿਆ ਅਤੇ ਧਾਰਮਿਕ ਅਧਿਐਨ ਦੇ ਖੇਤਰ ਵਿੱਚ ਉਸ ਦੀ ਪ੍ਰਾਪਤੀ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਅਜਮੇਰ ਸਿੰਘ ਖੇੜਾ, ਤਖ਼ਤ ਸਾਹਿਬ ਦੇ ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਮੌਜੂਦ ਸੀ।

## ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ





**ਨਵੀਂ ਦਿੱਲੀ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਾਰਿਆਂ, ਜੈਕਾਰਿਆਂ ਅਤੇ ਨਰਸਿੰਙਿਆਂ ਦੀ ਗੂੰਜ ਵਿਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ ਅਤੇ ਚੌਰ ਸਾਹਿਬ ਦੀ ਸੇਵਾ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਵੱਲੋਂ ਨਿਭਾਈ ਗਈ। ਇਸ ਮੌਕੇ ਹਾਜ਼ਰ ਵੱਡੀ ਗਿਣਤੀ ’ਚ ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਨਗਰ ਕੀਰਤਨ ਦਾ ਪੁਰਾਤਨ ਦਰਵਾਜ਼ਿਆਂ ਨੂੰ ਜੋੜਦੇ ਮਾਰਗ ’ਤੇ ਸਭਾ-ਸੁਸਾਇਟੀਆਂ ਅਤੇ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ। ਵੱਖ-ਵੱਖ ਥਾਵਾਂ ’ਤੇ ਜਿਥੇ ਸੰਗਤਾਂ ਨੇ ਪੰਜ ਪਿਆਰੇ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਸ਼ਰਧਾ ਪ੍ਰਗਟਾਈ, ਉਥੇ ਹੀ ਸੰਗਤਾਂ ਵੱਲੋਂ ਵੱਖ-ਵੱਖ ਤਰ੍ਹਾਂ ਦੇ ਲੰਗਰਾਂ ਦਾ ਪ੍ਰਬੰਧ ਵੀ ਕੀਤਾ ਹੋਇਆ ਸੀ। ਸਾਰੇ ਰਸਤੇ ਨਗਰ ਕੀਰਤਨ ਨਾਲ ਚੱਲਦੀਆਂ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਕੇ ਚੌਥੇ ਪਾਤਸ਼ਾਹ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰ ਰਹੀਆਂ ਸਨ। ਨਗਰ ਕੀਰਤਨ ਮੌਕੇ ਘੰਟਾ ਘਰ ਪਲਾਜ਼ਾ ਵਿਖੇ ਪੰਜਾਬ ਪੁਲਿਸ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਤਿਕਾਰ ਭੇਟ ਕਰਦਿਆਂ ਸਲਾਮੀ ਦਿੱਤੀ ਗਈ, ਉਥੇ ਹੀ ਹੈਲੀਕਾਪਟਰ ਰਾਹੀਂ ਨਗਰ ਕੀਰਤਨ ’ਤੇ ਕੀਤੀ ਫੁੱਲਾਂ ਦੀ ਵਰਖਾ ਨੇ ਅਲੌਕਿਕ ਦ੍ਰਿਸ਼ ਸਿਰਜਿਆ। ਨਗਰ ਕੀਰਤਨ ’ਚ ਸ਼ਾਮਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਸੰਗਤ ਨੂੰ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਣਾ ਕੀਤੀ। ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਉਪਦੇਸ਼ਾਂ ’ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣਾ ਅਤੇ ਗੁਰਮਤਿ ਰਹਿਣੀ ਦੇ ਧਾਰਨੀ ਹੋਣਾ ਹਰ ਸਿੱਖ ਦਾ ਮੁੱਢਲਾ ਫ਼ਰਜ਼ ਹੈ। ਇਸੇ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਵੀ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸੰਗਤ ਨੂੰ ਵਧਾਈ ਦਿੱਤੀ ਅਤੇ ਬਾਣੀ ਤੇ ਬਾਣੇ ਧਾਰਨੀ ਹੋਣ ਲਈ ਪ੍ਰੇਰਿਆ। ਨਗਰ ਕੀਰਤਨ ਦੌਰਾਨ ਵੱਖ-ਵੱਖ ਸਭਾ-ਸੁਸਾਇਟੀਆਂ ਦੇ ਨੁਮਾਇੰਦਿਆਂ ਤੇ ਸੰਗਤਾਂ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਕਮੇਟੀ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਬਾਵਾ ਸਿੰਘ ਗੁਮਾਨਪੁਰਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਅਜੈਬ ਸਿੰਘ ਅਭਿਆਸੀ, ਸ. ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਕੇਵਲ ਸਿੰਘ ਬਾਦਲ, ਸ. ਬਲਬੀਰ ਸਿੰਘ ਘੁੰਨਸ, ਭਾਈ ਮਨਜੀਤ ਸਿੰਘ, ਸ. ਅਵਤਾਰ ਸਿੰਘ ਰਿਆ, ਸ. ਹਰਪਾਲ ਸਿੰਘ ਜੱਲ੍ਹਾ, ਸ. ਬਲਵਿੰਦਰ ਸਿੰਘ ਭੁੰਮਾਂਲੰਡਾ, ਸ. ਗੁਰਨਾਮ ਸਿੰਘ ਜੱਸਲ, ਬਾਬਾ ਬੂਟਾ ਸਿੰਘ, ਸ. ਸੁਖਵਰਸ਼ ਸਿੰਘ ਪੰਨੂ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਸ. ਜਸਵਿੰਦਰ ਸਿੰਘ ਜੱਸੀ, ਸ. ਤੇਜਿੰਦਰ ਸਿੰਘ ਪੱਡਾ, ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਗੁਰਨਾਮ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ. ਅਜ਼ਾਦ ਦੀਪ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਸਤਨਾਮ ਸਿੰਘ ਰਿਆੜ, ਬਾਬਾ ਸਤਨਾਮ ਸਿੰਘ ਕਾਰਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ, ਸ. ਅਮਰਬੀਰ ਸਿੰਘ ਢੋਟ, ਸ. ਰਣਜੀਤ ਸਿੰਘ ਜਲੰਧਰ, ਸੁਪਰਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਨਰਿੰਦਰ ਸਿੰਘ, ਸ. ਸਤਿੰਦਰ ਸਿੰਘ, ਸ. ਰਜਿੰਦਰ ਸਿੰਘ ਰੂਬੀ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਿੰਦਰ ਸਿੰਘ ਦੇਵੀਦਾਸਪੁਰ, ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਸ. ਜਸਬੀਰ ਸਿੰਘ, ਸ. ਯੁਵਰਾਜ ਸਿੰਘ, ਸ. ਗੁਰਵਿੰਦਰ ਸਿੰਘ ਭੋਮਾਂ, ਸ. ਬਲਵਿੰਦਰ ਸਿੰਘ, ਸ. ਹਰਵਿੰਦਰ ਸਿੰਘ ਅਤੇ ਵੱਡੀ ਗਿਣਤੀ ’ਚ ਸੰਗਤਾਂ ਮੌਜੂਦ ਸਨ।

### ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ

ਆਵਾਜ਼ਿ ਕੌਮ AWAZE QAUM International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਪੰਥਕ ਸ਼ਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

### ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ–ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ–ਢਾਡੀ–ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141–27470**
**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408–35137**
**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


DHAN DHAN SRI GURU NANAK DEV JI
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 1ST NOVEMBER 2026
GURDWARA GURU HAR RAI SAHIB JI START 9:00AM
George Street, West Bromwich
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ ਅਰੰਭਤਾ: ੯:੦੦ ਵਜੇ
ਜਰੋਜ ਸਟਰੀਟ, ਵੈਸਟ ਬ੍ਰਮਮਿਚ
GURU NANAK GURDWARA 11:00AM
Edward Street, West Bromwich
ਗੁਰੂ ਨਾਨਕ ਗੁਰਦੁਆਰਾ ੧੧:੦੦ ਵਜੇ
ਏਡਵਰਡ ਸਟਰੀਟ, ਵੈਸਟ ਬ੍ਰਮਮਿਚ
GURDWARA AMRIT PARCHAR DHARMIK DIWAN 1:00PM
Birmingham Road, Oldbury
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧:੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
GURDWARA GURU MANEYO GRANTH 2:00PM
Popes Lane, Oldbury
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨:੦੦ ਵਜੇ
ਪੋਪਸ ਲੇਨ, ਓਲਡਬਰੀ
GURDWARA BABA SANG 3:15PM
St. Paul's Road, Smethwick
ਗੁਰਦੁਆਰਾ ਬਾਬਾ ਸੰਗ ਜੀ ੩:੧੫ ਵਜੇ
ਸਟ, ਪੋਲਜ ਰੋਡ, ਸਮੇਦਿਕ
GURU NANAK GURDWARA SMETHWICK 4:00PM
High Street, Smethwick
ਗੁਰੂ ਨਾਨਕ ਗੁਰਦੁਆਰਾ ੪:੦੦ ਵਜੇ
ਸਮੇਦਿਕ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ
AWAZE QAUM
International Newspaper & WEB TV
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
The Council of Sikh Gurdwaras in Sandwell


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar





## ਦਿੱਲੀ ਦੇ ਉਪ-ਰਾਜਪਾਲ ਸੰਧੂ ਤੇ ਮੁਖ ਮੰਤਰੀ ਭੂਪੇਂਦਰ ਪਟੇਲ ਵੱਲੋਂ ਸ. ਤੇਜਾ ਸਿੰਘ ਸਮੁੰਦਰੀ ਬਾਰੇ ਗੁਜਰਾਤੀ 'ਚ ਪੁਸਤਕ ਰਿਲੀਜ਼

# ਨਵਲ ਕਿਸ਼ੋਰ, ਦਪਿੰਦਰ ਸਿੰਘ ਅਤੇ ਸ੍ਰੀ ਤਿਆਗੀ ਦੇ ਸਵਾਗਤ ਤੇ ਸਹਿਯੋਗ ਨਾਲ ਅਹਿਮਦਾਬਾਦ ਦੌਰਾ ਯਾਦਗਾਰ ਬਣਿਆ

### ਸ ਤੇਜਾ ਸਿੰਘ ਸਮੁੰਦਰੀ ਦੇ ਯੋਗਦਾਨ ਨੂੰ ਗੁਜਰਾਤੀ ਭਾਸ਼ਾ ਵਿੱਚ ਪਹੁੰਚਾਉਣਾ ਕੌਮੀ ਸਨਮਾਨ ਦਾ ਪ੍ਰਤੀਕ : ਤਰਨਜੀਤ ਸਿੰਘ ਸੰਧੂ

ਗੋਵਿੰਦ ਧਾਮ ਗੁਰਦੁਆਰਾ ਸਾਹਿਬ ਵਿਖੇ ਉਪ-ਰਾਜਪਾਲ ਸੰਧੂ ਨੇ ਦੇਸ਼ ਦੀ ਸ਼ਾਂਤੀ ਤੇ ਖ਼ੁਸ਼ਹਾਲੀ ਲਈ ਕੀਤੀ ਅਰਦਾਸ

**ਅੰਮ੍ਰਿਤਸਰ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਉਪ-ਰਾਜਪਾਲ ਸ੍ਰੀ ਤਰਨਜੀਤ ਸਿੰਘ ਸੰਧੂ ਅਤੇ ਗੁਜਰਾਤ ਦੇ ਮੁੱਖ ਮੰਤਰੀ ਸ੍ਰੀ ਭੂਪੇਂਦਰ ਪਟੇਲ ਨੇ ਅਹਿਮਦਾਬਾਦ ਵਿਖੇ ਸਾਬਰਮਤੀ ਅੰਤਰਰਾਸ਼ਟਰੀ ਪੁਸਤਕ ਮੇਲੇ ਦੌਰਾਨ ਸਿੱਖ ਆਗੂ ਅਤੇ ਆਜ਼ਾਦੀ ਸੰਗਰਾਮੀ ਸਰਦਾਰ ਤੇਜਾ ਸਿੰਘ ਸਮੁੰਦਰੀ ਦੇ ਜੀਵਨ ਅਤੇ ਯੋਗਦਾਨ

ਆਵਾਜ਼ਿ ਕੌਮ AWAZE QAUM
International Newspaper & WEB TV

ਬਾਰੇ ਗੁਜਰਾਤੀ ਭਾਸ਼ਾ ਵਿੱਚ ਪ੍ਰਕਾਸ਼ਿਤ ਪੁਸਤਕ ਰਿਲੀਜ਼ ਕੀਤੀ। ਨੈਸ਼ਨਲ ਬੁੱਕ ਟਰੱਸਟ ਵੱਲੋਂ ਗੁਜਰਾਤ ਸਰਕਾਰ ਦੇ ਸਹਿਯੋਗ ਨਾਲ ਪ੍ਰਕਾਸ਼ਿਤ ਇਸ ਪੁਸਤਕ ਨੂੰ ਦੋਵਾਂ ਆਗੂਆਂ ਨੇ ਸਾਂਝੇ ਤੌਰ 'ਤੇ ਲੋਕ ਅਰਪਣ ਕੀਤਾ।

ਇਸ ਦੌਰੇ ਦੌਰਾਨ ਸ੍ਰੀ ਨਵਲ ਕਿਸ਼ੋਰ, ਦਪਿੰਦਰ ਸਿੰਘ ਅਤੇ ਸ੍ਰੀ ਤਿਆਗੀ ਨੇ ਅਹਿਮ ਭੂਮਿਕਾ ਨਿਭਾਈ। ਅਹਿਮਦਾਬਾਦ ਪਹੁੰਚਣ 'ਤੇ ਸ੍ਰੀ ਤਿਆਗੀ ਵੱਲੋਂ ਸ੍ਰੀ ਤਰਨਜੀਤ ਸਿੰਘ ਸੰਧੂ ਦਾ ਨਿੱਘਾ ਸਵਾਗਤ ਕੀਤਾ ਗਿਆ। ਨਵਲ ਕਿਸ਼ੋਰ, ਦਪਿੰਦਰ ਸਿੰਘ ਅਤੇ ਸ੍ਰੀ ਤਿਆਗੀ ਪੂਰੇ ਦੌਰੇ ਦੌਰਾਨ ਉਨ੍ਹਾਂ ਦੇ ਨਾਲ ਰਹੇ ਅਤੇ ਪ੍ਰੋਗਰਾਮਾਂ ਦੇ ਪ੍ਰਬੰਧਾਂ ਤੇ ਸਫ਼ਲਤਾ ਵਿੱਚ ਸਰਗਰਮ ਸਹਿਯੋਗ ਦਿੱਤਾ।

ਅੱਜ ਦਿੱਲੀ ਵਾਪਸੀ ਤੋਂ ਪਹਿਲਾਂ ਸ੍ਰੀ ਤਰਨਜੀਤ ਸਿੰਘ ਸੰਧੂ ਗੋਵਿੰਦ ਧਾਮ ਗੁਰਦੁਆਰਾ ਸਾਹਿਬ, ਅਹਿਮਦਾਬਾਦ ਵਿਖੇ ਨਤਮਸਤਕ ਹੋਏ ਅਤੇ ਸਮੁੱਚੀ ਸੰਗਤ ਨਾਲ ਮਿਲ ਕੇ ਅਹਿਮਦਾਬਾਦ, ਗੁਜਰਾਤ, ਦਿੱਲੀ ਅਤੇ ਪੂਰੇ ਦੇਸ਼ ਦੀ ਸ਼ਾਂਤੀ, ਖ਼ੁਸ਼ਹਾਲੀ ਤੇ ਬਿਹਤਰੀ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦਾ 'ਵੰਡ ਛਕੋ ਅਤੇ ਸੇਵਾ ਕਰੋ' ਦਾ ਸੰਦੇਸ਼ ਸਾਨੂੰ ਸੇਵਾ, ਸਾਂਝ ਅਤੇ ਸਮਾਜਿਕ ਸਦਭਾਵਨਾ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ।




ਸਰਦਾਰ ਤੇਜਾ ਸਿੰਘ ਸਮੁੰਦਰੀ ਦੇ ਯੋਗਦਾਨ ਦਾ ਜ਼ਿਕਰ ਕਰਦਿਆਂ ਸ੍ਰੀ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਨਾਲ ਉਨ੍ਹਾਂ ਦਾ ਵਿਸ਼ੇਸ਼ ਨਾਤਾ ਹੈ। ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿੱਚ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਉਨ੍ਹਾਂ ਦੇ ਦਾਦਾ ਸਰਦਾਰ ਤੇਜਾ ਸਿੰਘ ਸਮੁੰਦਰੀ ਦੀ ਯਾਦ ਅਤੇ ਪੰਥ ਲਈ ਕੀਤੀਆਂ ਸੇਵਾਵਾਂ ਦਾ ਵਿਲੱਖਣ ਪ੍ਰਤੀਕ ਹੈ। ਉਨ੍ਹਾਂ ਦੀ ਅਗਵਾਈ ਅਤੇ ਸਰਗਰਮ ਭੂਮਿਕਾ ਗੁਰਦੁਆਰਾ ਸੁਧਾਰ ਲਹਿਰ ਅਤੇ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਨਾਲ ਜੁੜੀ ਰਹੀ। ਉਨ੍ਹਾਂ ਨੇ ਸਿੱਖਿਆ ਦੇ ਪ੍ਰਸਾਰ, ਸਮਾਜ ਦੇ ਲੋਕਤੰਤਰੀਕਰਨ ਅਤੇ ਮਹਿਲਾਵਾਂ, ਨੌਜਵਾਨਾਂ ਤੇ ਦਲਿਤ ਭਾਈਚਾਰੇ ਦੇ ਸਸ਼ਕਤੀਕਰਨ ਲਈ ਵੀ ਮਹੱਤਵਪੂਰਨ ਕੰਮ ਕੀਤਾ। ਸ੍ਰੀ ਸੰਧੂ ਨੇ ਗੁਰਦੁਆਰਾ ਸੁਧਾਰ ਲਹਿਰ ਦੌਰਾਨ ਸਿੱਖਾਂ ਵੱਲੋਂ ਚਾਬੀਆਂ ਦਾ ਮੋਰਚਾ ਫ਼ਤਹਿ ਕੀਤੇ ਜਾਣ ਨੂੰ ਇਤਿਹਾਸਕ ਪ੍ਰਾਪਤੀ ਦੱਸਿਆ। ਉਨ੍ਹਾਂ ਕਿਹਾ ਕਿ ਇਸ ਜਿੱਤ 'ਤੇ ਮਹਾਤਮਾ ਗਾਂਧੀ ਨੇ ਸਿੱਖ ਭਾਈਚਾਰੇ ਨੂੰ ਵਧਾਈ ਦਿੰਦਿਆਂ ਕਿਹਾ ਸੀ ਕਿ "ਹਿੰਦੁਸਤਾਨ ਦੀ ਆਜ਼ਾਦੀ ਦੀ ਪਹਿਲੀ ਜੰਗ ਜਿੱਤੀ ਗਈ ਹੈ।" ਇਹ ਕਥਨ ਗੁਰਦੁਆਰਾ ਸੁਧਾਰ ਲਹਿਰ ਦੀ ਇਤਿਹਾਸਕ ਮਹੱਤਤਾ ਅਤੇ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਵਿੱਚ ਸਿੱਖਾਂ ਦੇ ਯੋਗਦਾਨ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ, ਮਦਨ ਮੋਹਨ ਮਾਲਵੀਆ ਅਤੇ ਹੋਰ ਕੌਮੀ ਆਗੂਆਂ ਨਾਲ ਸਿੱਖਾਂ ਦੇ ਇਤਿਹਾਸਕ ਸਬੰਧਾਂ ਅਤੇ ਆਜ਼ਾਦੀ ਦੀ ਲਹਿਰ ਵਿੱਚ ਸਿੱਖ ਭਾਈਚਾਰੇ ਦੀਆਂ ਕੁਰਬਾਨੀਆਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਬੇਹੱਦ ਜ਼ਰੂਰੀ ਹੈ। ਸਰਦਾਰ ਤੇਜਾ ਸਿੰਘ ਸਮੁੰਦਰੀ ਬਾਰੇ ਗੁਜਰਾਤੀ ਭਾਸ਼ਾ ਵਿੱਚ ਪੁਸਤਕ ਦਾ ਪ੍ਰਕਾਸ਼ਨ ਇਸੇ ਦਿਸ਼ਾ ਵਿੱਚ ਮਹੱਤਵਪੂਰਨ

> **ਸ ਤੇਜਾ ਸਿੰਘ ਸਮੁੰਦਰੀ ਦੇ ਯੋਗਦਾਨ ਨੂੰ ਗੁਜਰਾਤੀ ਭਾਸ਼ਾ ਵਿੱਚ ਪਹੁੰਚਾਉਣਾ ਕੌਮੀ ਸਨਮਾਨ ਦਾ ਪ੍ਰਤੀਕ: ਤਰਨਜੀਤ ਸਿੰਘ ਸੰਧੂ**

ਉਪਰਾਲਾ ਹੈ ਉਨ੍ਹਾਂ ਆਸ ਪ੍ਰਗਟਾਈ ਕਿ ਸਰਦਾਰ ਤੇਜਾ ਸਿੰਘ ਸਮੁੰਦਰੀ ਵਰਗੀਆਂ ਮਹਾਨ ਸ਼ਖ਼ਸੀਅਤਾਂ ਦਾ ਜੀਵਨ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੇਵਾ, ਸਿੱਖਿਆ ਅਤੇ ਕੁਰਬਾਨੀ ਲਈ ਪ੍ਰੇਰਿਤ ਕਰਦਾ ਰਹੇਗਾ। ਸ੍ਰੀ ਤਰਨਜੀਤ ਸਿੰਘ ਸੰਧੂ ਨੇ ਗੋਵਿੰਦ ਧਾਮ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸਮੁੱਚੀ ਸੰਗਤ ਵੱਲੋਂ ਮਿਲੇ ਪਿਆਰ, ਸਤਿਕਾਰ ਅਤੇ ਨਿੱਘੇ ਸਵਾਗਤ ਲਈ ਧੰਨਵਾਦ ਕੀਤਾ। ਖਾਸ ਕਰਕੇ ਸ੍ਰੀ ਸੰਧੂ ਨੇ ਅਹਿਮਦਾਬਾਦ ਦੌਰੇ ਦੌਰਾਨ ਪ੍ਰਬੰਧਾਂ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਸ੍ਰੀ ਨਵਲ ਕਿਸ਼ੋਰ, ਦਪਿੰਦਰ ਸਿੰਘ ਅਤੇ ਸ੍ਰੀ ਤਿਆਗੀ ਦਾ ਵਿਸ਼ੇਸ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਗੁਜਰਾਤ ਜਿਸ ਤਰ੍ਹਾਂ ਤਰੱਕੀ ਦੇ ਰਾਹ 'ਤੇ ਅੱਗੇ ਵਧ ਰਿਹਾ ਹੈ ਅਤੇ ਇੱਥੇ ਵੱਸਦਾ ਸਿੱਖ ਭਾਈਚਾਰਾ ਖ਼ੁਸ਼ਹਾਲ ਹੈ, ਇਹ ਖ਼ੁਸ਼ੀ ਦੀ ਗੱਲ ਹੈ। ਉਨ੍ਹਾਂ ਕਾਮਨਾ ਕੀਤੀ ਕਿ ਗੁਜਰਾਤ ਹੋਰ ਤਰੱਕੀ ਕਰੇ, ਸਿੱਖ ਭਾਈਚਾਰਾ ਹੋਰ ਖ਼ੁਸ਼ਹਾਲ ਹੋਵੇ ਅਤੇ ਪੂਰੇ ਦੇਸ਼ ਵਿੱਚ ਸ਼ਾਂਤੀ, ਆਪਸੀ ਸਦਭਾਵਨਾ ਤੇ ਖ਼ੁਸ਼ਹਾਲੀ ਬਣੀ ਰਹੇ।

ਜੇਹਾ ਚੀਰੀ ਲਿਖਿਆ ਤੇਹਾ ਹੁਕਮ ਕਮਾਹਿ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥

## ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਅਤੇ ਅੰਤਿਮ ਅਰਦਾਸ



# ਸਰਦਾਰਨੀ ਹਰਦੀਪ ਕੌਰ ਜੀ

### ਧਰਮ ਪਤਨੀ ਸ਼ਹੀਦ ਸ: ਜਗੀਰ ਸਿੰਘ ਜੀ

ਮਾਤਾ ਜੀ ਦੇ ਨਿਮਿੱਤ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਅਟਾਰੀ ਸਾਹਿਬ ਸੁਲਤਾਨਵਿੰਡ ਅੰਮ੍ਰਿਤਸਰ ਵਿਖੇ 28 ਅਕਤੂਬਰ 2026 ਦਿਨ ਬੁੱਧਵਾਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 01 ਵਜੇ ਤੱਕ ਹੋਵੇਗੀ। ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਵਿਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।

**ਆਪ ਜੀ ਨੇ ਅੰਤਿਮ ਅਰਦਾਸ ਵਿਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।**

ਗੁਰੂ ਦੇ ਭਾਣੇ 'ਚ

**ਭਾਈ ਮੋਹਕਮ ਸਿੰਘ**
(ਦਮਦਮੀ ਟਕਸਾਲ)

ਬੇਟੇ: ਸਵਰਗੀ ਸ. ਮੇਜਰ ਸਿੰਘ ਵਿਰਕ
ਸ. ਨਿਸ਼ਾਨ ਸਿੰਘ ਵਿਰਕ
ਸ. ਕਰਨਜੀਤ ਸਿੰਘ ਵਿਰਕ

ਦਾਮਾਦ: ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ
(ਉਰਫ਼ ਮੁਸੀਬਤ ਸਿੰਘ ਵੈਰੜ)
ਸ. ਮਨਜੀਤ ਸਿੰਘ ਕੋਟਲਾ

ਆਵਾਜ਼ਿ ਕੌਮ
AWAZE QAUM
International Newspaper & WEB TV

ਸੰਪਰਕ ਨੰਬਰ: +91 97797-50126, +91 99149-07973

ਅੱਜ 27 ਅਕਤੂਬਰ ਸ਼ਹੀਦੀ 'ਤੇ ਵਿਸ਼ੇਸ਼

# ਸਿਦਕੀ ਸਿੱਖ ਸ਼ਹੀਦ ਸ: ਦਰਸ਼ਨ ਸਿੰਘ ਫੇਰੂਮਾਨ ਦੀ ਕੁਰਬਾਨੀ ਨੂੰ ਯਾਦ ਕਰਦਿਆਂ



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਸਿੱਖੀ ਸਿਦਕ, ਸਬਰ ਤੇ ਸਿਰੜ ਨੂੰ ਤੋੜ ਨਿਭਾਉਣ ਵਾਲੇ ਸਿੱਖ ਆਗੂ ਸ। ਦਰਸ਼ਨ ਸਿੰਘ ਫੇਰੂਮਾਨ ਆਪਣੇ ਕੀਤੇ ਪ੍ਰਣ ਨੂੰ ਨਿਭਾਉਣ ਵਾਲੇ ਮਰਜੀਵੜੇ ਸਨ । ਆਪ ਵੀਹਵੀਂ ਸਦੀ ਦੇ ਉਨ੍ਹਾਂ ਸਿੱਖ ਆਗੂਆਂ ਵਿੱਚੋਂ ਇਕ ਸਨ, ਜਿਨ੍ਹਾਂ ਜੋ ਕਿਹਾ, ਉਸ ਨੂੰ ਪੂਰਾ ਕੀਤਾ। ਸ. ਦਰਸ਼ਨ ਸਿੰਘ ਫੇਰੂਮਾਨ ਨੇ ਆਪਣੀ ਇਸ ਕਾਇਆ ਦਾ ਬਲੀਦਾਨ ਦੇ ਕੇ ਸਮੁੱਚੇ ਪੰਜਾਬੀਆਂ ਅਤੇ ਸਿੱਖ ਜਗਤ ਤੋਂ ਭਰਪੂਰ ਸਤਿਕਾਰ ਪ੍ਰਾਪਤ ਕੀਤਾ । ਇਸ ਮਹਾਨ ਬਲੀਦਾਨੀ ਦਾ ਜਨਮ ਪਹਿਲੀ ਅਗਸਤ 1885 ਈ: ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਫੇਰੂਮਾਨ ਵਿੱਚ ਸ। ਚੰਦਾ ਸਿੰਘ ਅਤੇ ਮਾਤਾ ਚੰਦ ਕੌਰ ਦੇ ਗ੍ਰਹਿ ਵਿਖੇ ਹੋਇਆ ।

ਸ. ਦਰਸ਼ਨ ਸਿੰਘ ਦੱਸਵੀਂ ਦਾ ਇਮਤਿਹਾਨ ਪਾਸ ਕਰਨ ਪਿੱਛੋਂ 1912 ਈ: ਵਿੱਚ ਭਾਰਤੀ ਅੰਗ੍ਰੇਜ਼ੀ ਫੌਜ ਵਿੱਚ ਭਰਤੀ ਹੋ ਗਏ । ਪਰ ਫੌਜ ਦੀ ਨੌਕਰੀ ਕੇਵਲ 2 ਕੁ ਸਾਲ ਕਰਨ ਤੋਂ ਬਾਅਦ ਹਿਸਾਰ (ਮੌਜੂਦਾ ਹਰਿਆਣਾ) ਵਿਖੇ ਰਹਿ ਕੇ ਠੇਕੇਦਾਰੀ ਕਰਨੀ ਸ਼ੁਰੂ ਕੀਤੀ । ਜਦੋਂ 1920 ਵਿੱਚ ਸੰਪੂਰਨ ਰੂਪ ਵਿੱਚ ਗੁਰਦੁਆਰਾ ਸੁਧਾਰ ਲਹਿਰ ਦਾ ਸਿਖ਼ਰ ਸੀ, ਆਪ ਸਿੱਖ ਸੰਘਰਸ਼ ਵਿੱਚ ਕੁੱਦ ਪਏ। 1921 ਈ: ਵਿੱਚ ਚਾਬੀਆਂ ਦੇ ਮੋਰਚੇ ਦੌਰਾਨ ਗ੍ਰਿਫਤਾਰ ਕੀਤਾ ਗਿਆ । ਇਸ ਸੰਘਰਸ਼ ਦੌਰਾਨ ਉਨ੍ਹਾਂ ਨੂੰ ਇਕ ਸਾਲ ਦੀ ਕੈਦ ਕੱਟਣੀ ਪਈ । ਇਸ ਤੋਂ ਬਾਅਦ ਦਸੰਬਰ, 1924 ਈ: ਵਿੱਚ ਜਦੋਂ ਜੈਤੋਂ ਦਾ ਮੋਰਚਾ ਆਪਣੀ ਸਿਖਰ 'ਤੇ ਸੀ, ਸਿੱਖ ਧੜਾ ਧੜ ਗ੍ਰਿਫਤਾਰੀਆਂ ਦੇ ਰਹੇ ਸਨ ਤਾਂ ਸ: ਦਰਸ਼ਨ ਸਿੰਘ ਫੇਰੂਮਾਨ ਨੂੰ 14ਵੇਂ ਜਥੇਦਾਰ ਥਾਪਿਆ ਗਿਆ । ਜਥੇ ਦੀ ਗ੍ਰਿਫਤਾਰੀ ਤੋਂ ਪਿੱਛੋਂ ਉਨ੍ਹਾਂ ਨੂੰ 10 ਮਹੀਨੇ ਦੀ ਕੈਦ ਕੱਟਣੀ ਪਈ । ਇਸ ਤੋਂ ਬਾਅਦ ਦੇਸ਼ ਦੀ ਅਜ਼ਾਦੀ ਲਈ ਚੱਲ ਰਹੇ ਸੰਘਰਸ਼ ਦੇ ਦੌਰਾਨ ਨਾ ਮਿਲ-ਵਰਤਣ ਲਹਿਰ ਵਿੱਚ ਸ਼ਾਮਿਲ ਹੋ ਕੇ ਮੁੜ 14 ਮਹੀਨੇ ਸਖ਼ਤ ਕੈਦ ਕੱਟਣੀ ਪਈ । 1926 ਈ: ਵਿੱਚ ਆਪ ਮਲਾਇਆ ਚਲੇ ਗਏ, ਉਥੇ ਵੀ ਸੰਘਰਸ਼ ਨੂੰ ਮੱਠਾ ਨਹੀਂ ਪੈਣ ਦਿੱਤਾ । ਫਿਰ ਗ੍ਰਿਫਤਾਰ ਕਰ ਲਿਆ ਗਿਆ । ਜੇਲ੍ਹ ਵਿੱਚ ਸਿੱਖੀ ਦੇ ਕਕਾਰਾਂ ਦਾ ਅੰਗ ਕਛਹਿਰਾ ਪਹਿਨਣ ਦਾ ਹੱਕ ਪ੍ਰਾਪਤ ਕਰਨ ਲਈ 21 ਦਿਨ ਲਗਾਤਾਰ ਭੁੱਖ ਹੜਤਾਲ ਕੀਤੀ । ਆਪਣੀ ਗੱਲ ਨੂੰ ਮੰਨਵਾ ਕੇ ਹੀ ਭੁੱਖ ਹੜਤਾਲ ਖ਼ਤਮ ਕੀਤੀ । ਇਸ ਤੋਂ ਪਿੱਛੋਂ ਜਦੋਂ ਦੇਸ਼ ਪਰਤੇ, ਅਜ਼ਾਦੀ ਦੀ ਲਹਿਰ ਲਈ ਚੱਲ ਰਹੇ ਸੰਘਰਸ਼ ਤਹਿਤ ਕਾਂਗਰਸ ਵੱਲੋਂ ਚਲਾਈ ਸਿਵਲ-ਨਾ ਫੁਰਮਾਨੀ ਲਹਿਰ ਤੇ ਭਾਰਤ ਛੱਡੋ ਅੰਦੋਲਨ ਵਿੱਚ ਭਰਪੂਰ ਯੋਗਦਾਨ ਪਾਇਆ । ਕਾਂਗਰਸ ਪਾਰਟੀ ਵੱਲੋਂ ਨਾਮਜ਼ਦਗੀ ਪ੍ਰਾਪਤ ਕਰਕੇ ਆਪ ਰਾਜ ਸਭਾ ਦੇ ਮੈਂਬਰ ਪਾਰਲੀਮੈਂਟ ਵੀ ਰਹੇ । ਪਰ ਕਾਂਗਰਸ ਪਾਰਟੀ ਨਾਲ ਮੱਤਭੇਦ ਹੋਣ ਕਰਕੇ ਕਾਂਗਰਸ ਛੱਡ ਕੇ ਸੁਤੰਤਰ ਪਾਰਟੀ ਵਿੱਚ ਸ਼ਾਮਿਲ ਹੋ ਗਏ । ਪੰਜਾਬ ਵਿੱਚ ਸੁਤੰਤਰ ਪਾਰਟੀ ਦੇ ਪ੍ਰਚਾਰ ਲਈ ਲਗਾਤਾਰ ਯਤਨਸ਼ੀਲ ਰਹੇ । ਇਸ ਪਾਰਟੀ ਦੇ ਮੋਢੀ ਆਗੂ ਵਜੋਂ ਰਾਤ-ਦਿਨ ਇਕ ਕਰਕੇ ਸਖਤ ਮਿਹਨਤ ਕੀਤੀ । ਜਦੋਂ ਭਾਰਤੀ ਸਰਕਾਰ ਵੱਲੋਂ ਪੰਜਾਬੀ ਸੂਬੇ ਦੀ ਮੰਗ ਮਨ ਲਈ ਗਈ, ਪਰ ਪੰਜਾਬੀ ਬੋਲਦੇ ਇਲਾਕੇ ਅਤੇ ਚੰਡੀਗੜ੍ਹ ਨੂੰ ਪੰਜਾਬ ਤੋਂ ਬਾਹਰ ਰਹਿਣ ਦਿੱਤਾ ਗਿਆ । ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿੱਚ ਸ਼ਾਮਿਲ ਕਰਵਾਉਣ ਲਈ ਉਸ ਸਮੇਂ ਦੇ ਅਕਾਲੀ ਆਗੂਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਕੀਤੀ ਅਰਦਾਸ ਤੋਂ ਵਾਰ-ਵਾਰ ਮੂੰਹ ਫੇਰਿਆ ਗਿਆ ਤਾਂ ਇਨ੍ਹਾਂ ਘਟਨਾਵਾਂ ਨਾਲ ਇਸ ਸਿਦਕੀ ਅਤੇ ਕਹਿਣੀ ਤੇ ਕਰਣੀ ਦੇ ਸੂਰੇ ਤੇ ਪੂਰੇ ਸਿੱਖ ਦੇ ਹਿਰਦੇ ਨੂੰ ਡੂੰਘੀ ਸੱਟ ਵੱਜੀ । ਸਿੱਖ ਅਰਦਾਸ ਵਿੱਚ ਸ਼ਾਮਿਲ ਸਿਦਕ ਤੇ ਸਿਰੜ ਨੂੰ ਨਿਭਾਉਣ ਵਾਲੇ ਸਿੱਖਾਂ ਦੀ ਹੁੰਦੀ ਬੇਹੁਰਮਤੀ ਸਹਾਰੀ ਨਾ ਗਈ । ਇਸ ਸਿਦਕੀ ਸਿੱਖ ਨੇ 15 ਅਗਸਤ, 1969 ਈ: ਨੂੰ ਮਰਨ ਵਰਤ ਆਰੰਭ ਕਰ ਦਿੱਤਾ । ਉਨ੍ਹਾਂ ਕਿਹਾ ਕਿ ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿੱਚ ਸ਼ਾਮਿਲ ਕਰਨ ਦੀ ਮੰਗ ਪੂਰੀ ਹੋਣ ਤੱਕ ਭੁੱਖੇ ਰਹਿਣ ਦੇ ਸੰਕਲਪ ਲਈ ਕੀਤੀ ਅਰਦਾਸ ਨੂੰ ਅਤੇ ਕੀਤੇ ਪ੍ਰਣ ਨੂੰ ਜ਼ਿੰਦਗੀ ਦੀ ਡੋਰ ਟੁੱਟਣ ਤੱਕ ਨਿਭਾਵਾਂਗਾ।

ਇਸ ਮਹਾਨ ਸਿਦਕੀ ਸਿੱਖ ਨੇ ਆਪਣੇ ਪ੍ਰਣ ਨੂੰ ਨਿਭਾਉਣ ਲਈ ਅਤੇ ਕੀਤੀ ਅਰਦਾਸ 'ਤੇ ਕਾਇਮ ਰਹਿਣ ਲਈ ਲਗਾਤਾਰ 74 ਦਿਨ ਤੱਕ ਭੁੱਖੇ ਰਹਿ ਕੇ 27 ਅਕਤੂਬਰ, 1969 ਨੂੰ ਆਪਣਾ ਬਲੀਦਾਨ ਦਿੱਤਾ । ਅੱਜ ਅਧੀ ਸਦੀ ਬੀਤ ਜਾਣ ਤੋਂ ਬਾਅਦ ਵੀ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨਾਲ ਕੀਤਾ ਧੱਕਾ ਹਕੂਮਤ ਨੂੰ ਪੁੱਛਦਾ ਹੈ, ਅਜੇ ਹੋਰ ਕਿੰਨੀਆਂ ਕੁ ਕੁਰਬਾਨੀਆਂ ਦੀ ਲੋੜ ਹੈ । ••

ਆਵਾਜ਼ਿ ਕੌਮ AWAZE QAUM International Newspaper & WEB TV

ਆਨਲਾਈਨ ਠੱਗਾਂ ਖ਼ਿਲਾਫ਼ ਅਮਰੀਕਾ ਦੀ ਵੱਡੀ ਜੰਗ

# ਐਫਬੀਆਈ ਵੱਲੋਂ 'ਆਪ੍ਰੇਸ਼ਨ ਬਲੈਕਆਊਟ' ਤਹਿਤ ਦੁਨੀਆ ਭਰ 'ਚ ਕਾਰਵਾਈ



**20 ਤੋਂ ਵੱਧ ਠੱਗੀ ਦੇ ਅੱਡੇ ਤਬਾਹ, 17 ਅਰਬ ਡਾਲਰ ਜ਼ਬਤ ਕਰਨ ਦਾ ਦਾਅਵਾ; 300 ਮੁਲਜ਼ਮ ਗ੍ਰਿਫ਼ਤਾਰ**

ਵਾਸ਼ਿੰਗਟਨ, 26 ਅਕਤੂਬਰ (ਸਰਬਜੀਤ ਸਿੰਘ ਬਨੂੜ)-ਅਮਰੀਕਾ ਵਿੱਚ ਆਨਲਾਈਨ ਧੋਖਾਧੜੀ ਰਾਹੀਂ ਲੋਕਾਂ ਦੀ ਮਿਹਨਤ ਦੀ ਕਮਾਈ ਲੁੱਟਣ ਵਾਲੇ ਅੰਤਰਰਾਸ਼ਟਰੀ ਅਪਰਾਧਿਕ ਗਿਰੋਹਾਂ ਖ਼ਿਲਾਫ਼ ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (629) ਨੇ ਵੱਡੀ ਮੁਹਿੰਮ ਛੇੜ ਦਿੱਤੀ ਹੈ। 'ਆਪ੍ਰੇਸ਼ਨ ਬਲੈਕਆਊਟ' ਤਹਿਤ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਸਰਗਰਮ ਠੱਗੀ ਦੇ ਨੈੱਟਵਰਕਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। 629 ਡਾਇਰੈਕਟਰ ਕਸ਼ ਪਟੇਲ ਨੇ ਸਪੱਸ਼ਟ ਚਿਤਾਵਨੀ ਦਿੱਤੀ ਹੈ ਕਿ ਅਮਰੀਕੀ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਅਪਰਾਧੀਆਂ ਨੂੰ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਲੁਕਣ ਨਹੀਂ ਦਿੱਤਾ ਜਾਵੇਗਾ। ਵ੍ਹਾਈਟ ਹਾਊਸ ਵਿੱਚ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਮੌਜੂਦਗੀ ਵਿੱਚ ਸਾਈਬਰ ਅਪਰਾਧਾਂ ਸਬੰਧੀ ਹੋਈ ਉੱਚ ਪੱਧਰੀ ਮੀਟਿੰਗ ਦੌਰਾਨ ਕਸ਼ ਪਟੇਲ ਨੇ ਦੱਸਿਆ ਕਿ 629 ਅਤੇ ਹੋਰ ਸੁਰੱਖਿਆ ਏਜੰਸੀਆਂ ਨੇ ਸਾਂਝੀ ਕਾਰਵਾਈ ਕਰਦਿਆਂ ਦੱਖਣ-ਪੂਰਬੀ ਏਸ਼ੀਆ, ਅਫ਼ਰੀਕਾ ਅਤੇ ਮੱਧ ਪੂਰਬ ਵਿੱਚ ਆਨਲਾਈਨ ਠੱਗੀ ਦੇ 20 ਤੋਂ ਵੱਧ ਵੱਡੇ ਅੱਡਿਆਂ ਨੂੰ ਤਬਾਹ ਜਾਂ ਬੰਦ ਕਰਵਾਇਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਨ੍ਹਾਂ ਕਾਰਵਾਈਆਂ ਦੌਰਾਨ ਅਪਰਾਧਿਕ ਨੈੱਟਵਰਕਾਂ ਨਾਲ ਸਬੰਧਤ 17 ਅਰਬ ਡਾਲਰ ਤੋਂ ਵੱਧ ਦੀ ਰਕਮ ਜ਼ਬਤ ਕੀਤੀ ਗਈ ਹੈ। ਕਸ਼ ਪਟੇਲ ਅਨੁਸਾਰ ਇਹ ਅਪਰਾਧਿਕ ਗਿਰੋਹ ਸਿਰਫ਼ ਕੁਝ ਵਿਅਕਤੀਆਂ ਤੱਕ ਸੀਮਤ ਨਹੀਂ ਹਨ, ਸਗੋਂ ਕਈ ਦੇਸ਼ਾਂ ਵਿੱਚ ਪੂਰੇ ਕੰਪਲੈਕਸ ਅਤੇ ਵੱਡੇ ਨੈੱਟਵਰਕ ਸਥਾਪਿਤ ਕਰਕੇ ਲੋਕਾਂ ਨੂੰ ਧੋਖਾਧੜੀ ਦਾ ਸ਼ਿਕਾਰ ਬਣਾ ਰਹੇ ਹਨ। ਇਨ੍ਹਾਂ ਵਿੱਚ ਮਨੁੱਖੀ ਤਸਕਰੀ ਦਾ ਸ਼ਿਕਾਰ ਹੋਏ ਵਿਅਕਤੀਆਂ ਤੋਂ ਵੀ ਜਬਰੀ ਕੰਮ ਕਰਵਾਏ ਜਾਣ ਦੀ ਸਮੱਸਿਆ ਸਾਹਮਣੇ ਆਈ ਹੈ। ਉਨ੍ਹਾਂ ਦੱਸਿਆ ਕਿ ਅਫ਼ਰੀਕੀ ਦੇਸ਼ਾਂ ਘਾਨਾ ਅਤੇ ਨਾਈਜੀਰੀਆ ਵਿੱਚ ਕੀਤੀਆਂ ਕਾਰਵਾਈਆਂ ਦੌਰਾਨ ਕਰੀਬ 300 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਲਗਭਗ ਡੇਢ ਕਰੋੜ ਡਾਲਰ ਜ਼ਬਤ ਕੀਤੇ ਗਏ। ਇਨ੍ਹਾਂ ਗਿਰੋਹਾਂ ਵੱਲੋਂ ਖ਼ਾਸ ਤੌਰ 'ਤੇ ਬਜ਼ੁਰਗ ਅਮਰੀਕੀ ਨਾਗਰਿਕਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਸੀ। ਐਫਬੀਆਈ ਡਾਇਰੈਕਟਰ ਨੇ ਦੱਸਿਆ ਕਿ ਅਮਰੀਕੀ ਏਜੰਸੀਆਂ ਨੇ ਬਰਤਾਨੀਆ ਦੀਆਂ ਸੁਰੱਖਿਆ ਏਜੰਸੀਆਂ ਨਾਲ ਮਿਲ ਕੇ ਵੀ ਸਾਈਬਰ ਅਪਰਾਧੀਆਂ ਦੇ ਨੈੱਟਵਰਕਾਂ ਵਿਰੁੱਧ ਕਾਰਵਾਈ ਕੀਤੀ ਹੈ। ਇਸ ਮੁਹਿੰਮ ਵਿੱਚ ਮੈਟਾ, ਗੂਗਲ, ਮਾਈਕ੍ਰੋਸਾਫਟ ਅਤੇ ਆਈ.ਬੀ.ਐੱਮ. ਵਰਗੀਆਂ ਵੱਡੀਆਂ ਤਕਨਾਲੋਜੀ ਕੰਪਨੀਆਂ ਦਾ ਸਹਿਯੋਗ ਵੀ ਲਿਆ ਜਾ ਰਿਹਾ ਹੈ, ਤਾਂ ਜੋ ਠੱਗੀ ਲਈ ਵਰਤੇ ਜਾਣ ਵਾਲੇ ਇੰਟਰਨੈੱਟ ਨੈੱਟਵਰਕਾਂ ਅਤੇ ਵੈੱਬਸਾਈਟਾਂ ਨੂੰ ਬੰਦ ਕਰਵਾਇਆ ਜਾ ਸਕੇ। ਕਸ਼ ਪਟੇਲ ਨੇ ਇੱਕ ਹੋਰ ਅਹਿਮ ਖ਼ੁਲਾਸਾ ਕਰਦਿਆਂ ਕਿਹਾ ਕਿ ਅਮਰੀਕੀ ਪ੍ਰਸ਼ਾਸਨ ਦੀਆਂ ਕੋਸ਼ਿਸ਼ਾਂ ਨਾਲ ਕਰੀਬ 11 ਹਜ਼ਾਰ ਨਾਗਰਿਕਾਂ ਨੂੰ ਠੱਗੀ ਦਾ ਸ਼ਿਕਾਰ ਹੋਣ ਤੋਂ ਪਹਿਲਾਂ ਹੀ ਸੁਚੇਤ ਕੀਤਾ ਗਿਆ। ਇਸ ਕਾਰਨ ਲਗਭਗ 67 ਕਰੋੜ 50 ਲੱਖ ਡਾਲਰ ਦੀ ਸੰਭਾਵਿਤ ਧੋਖਾਧੜੀ ਰੋਕਣ ਵਿੱਚ ਸਫ਼ਲਤਾ ਮਿਲੀ ਹੈ। ਉਨ੍ਹਾਂ ਕਿਹਾ ਕਿ ਹੁਣ ਐਫਬੀਆਈ ਦੀ ਰਣਨੀਤੀ ਸਿਰਫ਼ ਠੱਗੀ ਹੋਣ ਤੋਂ ਬਾਅਦ ਸ਼ਿਕਾਇਤ ਦਰਜ ਕਰਕੇ ਜਾਂਚ ਕਰਨ ਤੱਕ ਸੀਮਤ ਨਹੀਂ ਰਹੇਗੀ। ਏਜੰਸੀ ਅਪਰਾਧੀਆਂ ਦੇ ਨੈੱਟਵਰਕਾਂ ਦੀ ਪਹਿਲਾਂ ਹੀ ਪਛਾਣ ਕਰਕੇ ਉਨ੍ਹਾਂ ਵਿਰੁੱਧ ਕਾਰਵਾਈ ਕਰੇਗੀ। ਕਸ਼ ਪਟੇਲ ਨੇ ਚਿਤਾਵਨੀ ਦਿੰਦਿਆਂ ਕਿਹਾ, "ਅਸੀਂ ਆਪਣੇ ਨਾਗਰਿਕਾਂ ਨੂੰ ਠੱਗਾਂ ਦਾ ਸ਼ਿਕਾਰ ਬਣਨ ਦੀ ਉਡੀਕ ਨਹੀਂ ਕਰ ਰਹੇ। ਅਸੀਂ ਪੂਰੀ ਤਾਕਤ ਨਾਲ ਉਨ੍ਹਾਂ ਖ਼ਿਲਾਫ਼ ਕਾਰਵਾਈ ਕਰ ਰਹੇ ਹਾਂ। ਜੇਕਰ ਤੁਸੀਂ ਅਮਰੀਕੀ ਲੋਕਾਂ ਨੂੰ ਆਪਣਾ ਸ਼ਿਕਾਰ ਬਣਾਉਂਦੇ ਹੋ ਤਾਂ ਅਸੀਂ ਤੁਹਾਨੂੰ ਲੱਭਾਂਗੇ ਅਤੇ ਇਨਸਾਫ਼ ਦੇ ਕਟਹਿਰੇ ਵਿੱਚ ਖੜ੍ਹਾ ਕਰਾਂਗੇ।" ਇਸ ਦੇ ਨਾਲ ਹੀ ਐਫਬੀਆਈ ਨੇ ਅਮਰੀਕੀ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਨਲਾਈਨ ਧੋਖਾਧੜੀ ਨਾਲ ਸਬੰਧਤ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਜਾਣਕਾਰੀ ਤੁਰੰਤ ਏਜੰਸੀ ਨੂੰ ਦੇਣ। ਕਸ਼ ਪਟੇਲ ਨੇ ਕਿਹਾ ਕਿ ਲੋਕਾਂ ਵੱਲੋਂ ਦਿੱਤੀ ਗਈ ਛੋਟੀ ਤੋਂ ਛੋਟੀ ਜਾਣਕਾਰੀ ਵੀ ਅੰਤਰਰਾਸ਼ਟਰੀ ਅਪਰਾਧਿਕ ਗਿਰੋਹਾਂ ਦਾ ਪਰਦਾਫਾਸ਼ ਕਰਨ ਵਿੱਚ ਅਹਿਮ ਸਾਬਤ ਹੋ ਸਕਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮਹਾਰਾਜਾ ਦਲੀਪ ਸਿੰਘ ਦੀ ਬਰਸੀ ਮੌਕੇ ਖ਼ਾਲਿਸਤਾਨ ਬਾਰੇ ਆਪਣਾ ਸਟੈਂਡ ਸਪੱਸ਼ਟ ਕਰਨ ਜਥੇਦਾਰ ਗੜਗੱਜ : ਗੁਰਚਰਨ ਸਿੰਘ

**☛ ਲੰਡਨ ਦੌਰੇ ਦੌਰਾਨ ਭਾਰਤੀ ਹਾਈ ਕਮਿਸ਼ਨ ਬਾਹਰ ਸਿੱਖ ਨਸਲਕੁਸ਼ੀ ਦੀ ਯਾਦ 'ਚ ਦਿਨ-ਰਾਤ ਲੱਗਣ ਵਾਲੇ ਰੋਸ ਮੁਜ਼ਾਹਰੇ ਵਿੱਚ ਵੀ ਸ਼ਮੂਲੀਅਤ ਕਰਨ ਦੀ ਅਪੀਲ ☛ 31 ਅਕਤੂਬਰ ਨੂੰ ਐਲਵਡਨ ਵਿਖੇ ਮਹਾਰਾਜਾ ਦਲੀਪ ਸਿੰਘ ਦੀ ਬਰਸੀ ਮੌਕੇ ਖਾਲਿਸਤਾਨ ਪੱਖੀ ਸਿੱਖਾਂ ਨੂੰ ਪਹੁੰਚਣ ਦਾ ਸੱਦਾ**



ਫਾਇਲ ਤਸਵੀਰ ਖਾਲਿਸਤਾਨ ਪੱਖੀ ਗੁਰਚਰਨ ਸਿੰਘ ਤੇ ਜਥੇਦਾਰ ਗੜਗੱਜ



**ਲੰਡਨ, 26 ਅਕਤੂਬਰ (ਸਰਬਜੀਤ ਸਿੰਘ ਬਨੂੜ)** - ਦਲ ਖ਼ਾਲਸਾ ਇੰਟਰਨੈਸ਼ਨਲ ਦੇ ਮੁਖੀ ਗੁਰਚਰਨ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਇੰਗਲੈਂਡ ਦੌਰੇ ਦੌਰਾਨ ਲੰਡਨ ਸਥਿਤ ਭਾਰਤੀ ਹਾਈ ਕਮਿਸ਼ਨ ਦੇ ਬਾਹਰ ਨਵੰਬਰ 1984 ਦੀ ਸਿੱਖ ਨਸਲਕੁਸ਼ੀ ਦੀ ਯਾਦ ਵਿੱਚ ਦਿਨ-ਰਾਤ ਲੱਗਣ ਵਾਲੇ ਰੋਸ ਮੁਜ਼ਾਹਰੇ ਵਿੱਚ ਵੀ ਸ਼ਮੂਲੀਅਤ ਕਰਨ। ਗੁਰਚਰਨ ਸਿੰਘ ਨੇ ਕਿਹਾ ਕਿ 31 ਅਕਤੂਬਰ ਨੂੰ ਐਲਵਡਨ ਵਿਖੇ ਸਿੱਖ ਰਾਜ ਦੇ ਆਖ਼ਰੀ ਮਹਾਰਾਜਾ ਦਲੀਪ ਸਿੰਘ ਦੀ ਬਰਸੀ ਮਨਾਈ ਜਾ ਰਹੀ ਹੈ, ਜਿਸ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੀ ਪਹੁੰਚ ਰਹੇ ਹਨ। ਉਨ੍ਹਾਂ ਖ਼ਾਲਿਸਤਾਨ ਪੱਖੀ ਸਿੱਖਾਂ ਨੂੰ ਵੀ ਇਸ ਮੌਕੇ ਪਹੁੰਚਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮਹਾਰਾਜਾ ਦਲੀਪ ਸਿੰਘ ਦਾ ਇਤਿਹਾਸ ਖ਼ਾਲਸਾ ਰਾਜ ਦੀ ਖੁੱਸ ਚੁੱਕੀ ਪ੍ਰਭੂਸੱਤਾ ਨਾਲ ਜੁੜਿਆ ਹੋਇਆ ਹੈ। ਇਸ ਲਈ ਜਥੇਦਾਰ ਸਾਹਿਬ ਨੂੰ ਇਸ ਇਤਿਹਾਸਕ ਅਸਥਾਨ 'ਤੇ ਖ਼ਾਲਸਾ ਰਾਜ ਦੀ ਮੁੜ ਸਥਾਪਨਾ ਅਤੇ ਆਜ਼ਾਦ ਖ਼ਾਲਿਸਤਾਨ ਦੇ ਮੁੱਦੇ ਉੱਤੇ ਖੁੱਲ੍ਹ ਕੇ ਗੱਲਬਾਤ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਸਾਹਿਬ ਨੂੰ ਖ਼ਾਲਿਸਤਾਨ ਦੀ ਮੰਗ ਸਬੰਧੀ ਆਪਣਾ ਸਟੈਂਡ ਵੀ ਸਿੱਖ ਸੰਗਤਾਂ ਸਾਹਮਣੇ ਸਪੱਸ਼ਟ ਕਰਨਾ ਚਾਹੀਦਾ ਹੈ। ਗੁਰਚਰਨ ਸਿੰਘ ਨੇ ਕਿਹਾ ਕਿ ਮਹਾਰਾਜਾ ਦਲੀਪ ਸਿੰਘ ਦੀ ਯਾਦਗਾਰ ਉੱਤੇ ਜਾਣ ਦੀ ਸਾਰਥਕਤਾ ਤਾਂ ਹੀ ਬਣਦੀ ਹੈ ਜੇਕਰ ਉੱਥੇ ਸਿੱਖ ਰਾਜ ਦੇ ਖੁੱਸਣ ਦੇ ਇਤਿਹਾਸ ਦੇ ਨਾਲ-ਨਾਲ ਖ਼ਾਲਸਾ ਰਾਜ ਅਤੇ ਸਿੱਖਾਂ ਦੇ ਰਾਜਸੀ ਭਵਿੱਖ ਬਾਰੇ ਵੀ ਵਿਚਾਰ-ਚਰਚਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਹ ਮੌਕਾ ਸਿਰਫ਼ ਇਤਿਹਾਸ ਨੂੰ ਯਾਦ ਕਰਨ ਤੱਕ ਸੀਮਿਤ ਨਹੀਂ ਰਹਿਣਾ ਚਾਹੀਦਾ, ਸਗੋਂ ਸਿੱਖ ਕੌਮ ਨਾਲ ਜੁੜੇ ਅਹਿਮ ਰਾਜਸੀ ਸਵਾਲਾਂ ਉੱਤੇ ਵੀ ਸਪੱਸ਼ਟ ਗੱਲਬਾਤ ਹੋਣੀ ਚਾਹੀਦੀ ਹੈ। ਜ਼ਿਕਰਯੋਗ ਹੈ ਕਿ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਜੁਲਾਈ 2026 ਦੇ ਇੰਗਲੈਂਡ ਦੌਰੇ ਦੌਰਾਨ ਵੀ ਖ਼ਾਲਿਸਤਾਨ ਪੱਖੀ ਸਿੱਖਾਂ ਨਾਲ ਮੁਲਾਕਾਤਾਂ ਨੂੰ ਲੈ ਕੇ ਚਰਚਾ ਛਿੜੀ ਸੀ। ਉਸ ਸਮੇਂ ਕੁਝ ਖ਼ਾਲਿਸਤਾਨ ਪੱਖੀ ਸਿੱਖਾਂ ਵੱਲੋਂ ਜਥੇਦਾਰ ਸਾਹਿਬ 'ਤੇ ਉਨ੍ਹਾਂ ਨਾਲ ਮੁਲਾਕਾਤ ਕਰਨ ਤੋਂ ਗੁਰੇਜ਼ ਕਰਨ ਦੇ ਸਵਾਲ ਉਠਾਏ ਗਏ ਸਨ। ਦੂਜੇ ਪਾਸੇ ਲੰਡਨ ਸਥਿਤ ਭਾਰਤੀ ਹਾਈ ਕਮਿਸ਼ਨ ਤੋਂ ਝੰਡਾ ਉਤਾਰਨ ਦੇ ਮਾਮਲੇ ਦੀ ਪਿਛੋਕੜ ਵਿੱਚ ਗੁਰਚਰਨ ਸਿੰਘ ਅਤੇ ਕੁਝ ਹੋਰ ਖ਼ਾਲਿਸਤਾਨ ਪੱਖੀ ਸਿੱਖਾਂ ਨਾਲ ਮੁਲਾਕਾਤ ਦੀ ਗੱਲ ਸਾਹਮਣੇ ਆਉਣ ਤੋਂ ਬਾਅਦ ਚਰਚਾ ਹੋਰ ਤੇਜ਼ ਹੋ ਗਈ ਸੀ। ਸੂਤਰਾਂ ਨੇ ਕਿਹਾ ਕਿ ਇੰਗਲੈਂਡ ਤੋਂ ਵਾਪਸੀ ਉਪਰੰਤ ਜਥੇਦਾਰ ਸਾਹਿਬ ਨੂੰ ਇਸ ਮੁਲਾਕਾਤ ਸਬੰਧੀ ਤਿੱਖੇ ਸਵਾਲਾਂ ਦਾ ਸਾਹਮਣਾ ਕਰਨਾ ਪਿਆ ਸੀ। ਜੁਲਾਈ ਦੇ ਦੌਰੇ ਦੀ ਇਸ ਪਿਛੋਕੜ ਕਾਰਨ ਹੁਣ ਅਕਤੂਬਰ ਦੇ ਦੌਰੇ ਦੌਰਾਨ ਖ਼ਾਲਿਸਤਾਨ ਦੇ ਮੁੱਦੇ 'ਤੇ ਜਥੇਦਾਰ ਸਾਹਿਬ ਦੇ ਰੁਖ਼ ਨੂੰ ਲੈ ਕੇ ਮੁੜ ਸਵਾਲ ਉੱਠ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਫਰੈਂਕਫਰਟ ਦੇ ਗੁਰਦੁਆਰਾ ਸਿੱਖ ਸੈਂਟਰ ਵਿਖੇ

# ਭਾਈ ਗਜਿੰਦਰ ਸਿੰਘ ਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀਆਂ ਤਸਵੀਰਾਂ ਸੁਸ਼ੋਭਿਤ



ਫਰੈਂਕਫਰਟ, 25 ਅਕਤੂਬਰ (ਸਰਬਜੀਤ ਸਿੰਘ ਬਨੂੜ) - ਜਰਮਨੀ ਦੇ ਗੁਰਦੁਆਰਾ ਸਿੱਖ ਸੈਂਟਰ ਫਰੈਂਕਫਰਟ ਵਿਖੇ ਹਫ਼ਤਾਵਾਰੀ ਗੁਰਮਤਿ ਦੀਵਾਨ ਦੀ ਸਮਾਪਤੀ ਉਪਰੰਤ ਸਿੱਖ ਕੌਮ ਦੀ ਆਜ਼ਾਦੀ ਦੇ ਸੰਘਰਸ਼ ਨੂੰ ਸਮਰਪਿਤ ਦਲ ਖ਼ਾਲਸਾ ਦੇ ਮੋਢੀ ਆਗੂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 'ਜਲਾਵਤਨ ਸਿੱਖ ਯੋਧੇ' ਵਜੋਂ ਸਤਿਕਾਰੇ

**☛ ਜੈਕਾਰਿਆਂ ਦੀ ਗੂੰਜ 'ਚ ਕੌਮੀ ਯੋਧਿਆਂ ਨੂੰ ਭੇਟ ਕੀਤਾ ਸਤਿਕਾਰ, ਵੱਡੀ ਗਿਣਤੀ 'ਚ ਸੰਗਤਾਂ ਨੇ ਭਰੀ ਹਾਜ਼ਰੀ ☛ ਸਿੱਖ ਕੌਮ ਦੀ ਆਜ਼ਾਦੀ ਲਈ ਸੰਘਰਸ਼ ਕਰਨ ਵਾਲੇ ਯੋਧਿਆਂ ਤੇ ਸ਼ਹੀਦਾਂ ਦੀ ਵਿਰਾਸਤ ਸੰਭਾਲਣਾ ਸਾਡਾ ਕੌਮੀ ਫ਼ਰਜ਼ : ਭਾਈ ਗੁਰਚਰਨ ਸਿੰਘ ਗੁਰਾਇਆ**

ਗਏ ਭਾਈ ਗਜਿੰਦਰ ਸਿੰਘ ਅਤੇ ਕੈਨੇਡਾ ਵਿੱਚ ਕਤਲ ਕੀਤੇ ਗਏ ਖ਼ਾਲਿਸਤਾਨੀ ਆਗੂ ਭਾਈ ਹਰਦੀਪ ਸਿੰਘ ਨਿੱਝਰ ਦੀਆਂ ਤਸਵੀਰਾਂ ਜੈਕਾਰਿਆਂ ਦੀ ਗੂੰਜ ਵਿੱਚ ਪੂਰੇ ਸਤਿਕਾਰ ਅਤੇ ਪੰਥਕ ਜਜ਼ਬੇ ਨਾਲ ਸੁਸ਼ੋਭਿਤ ਕੀਤੀਆਂ ਗਈਆਂ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਅਤੇ ਸੰਗਤਾਂ ਵੱਲੋਂ ਦੋਵਾਂ ਸ਼ਖ਼ਸੀਅਤਾਂ ਦੀ ਕੌਮੀ ਘਾਲਣਾ ਨੂੰ ਯਾਦ ਕਰਦਿਆਂ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਗਿਆ। ਜ਼ਿਕਰਯੋਗ ਹੈ ਕਿ ਦਲ ਖ਼ਾਲਸਾ ਦੇ ਮੋਢੀ ਆਗੂ ਭਾਈ ਗਜਿੰਦਰ ਸਿੰਘ ਨੇ ਆਪਣੀ ਜ਼ਿੰਦਗੀ ਦਾ ਲਗਭਗ ਅੱਧੀ ਸਦੀ ਦਾ ਲੰਮਾ ਸਮਾਂ ਸਿੱਖ ਕੌਮ ਦੇ ਹੱਕਾਂ ਅਤੇ ਆਜ਼ਾਦੀ ਦੇ ਸੰਘਰਸ਼ ਨੂੰ ਸਮਰਪਿਤ ਕੀਤਾ ਅਤੇ ਉਨ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਉਨ੍ਹਾਂ ਨੂੰ 'ਜਲਾਵਤਨ ਸਿੱਖ ਯੋਧਾ' ਦੇ ਸਨਮਾਨ ਨਾਲ ਨਿਵਾਜਿਆ ਗਿਆ ਸੀ। ਕੈਨੇਡਾ ਦੇ ਸਰੀ ਸ਼ਹਿਰ ਸਥਿਤ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਖ਼ਾਲਿਸਤਾਨੀ ਆਗੂ ਭਾਈ ਹਰਦੀਪ ਸਿੰਘ ਨਿੱਝਰ ਨੂੰ 18 ਜੂਨ 2023 ਨੂੰ ਗੁਰਦੁਆਰਾ ਸਾਹਿਬ ਦੇ ਬਾਹਰ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਇਸ ਕਤਲ ਵਿੱਚ ਭਾਰਤੀ ਏਜੰਸੀਆਂ ਦੀ ਕਥਿਤ ਸ਼ਮੂਲੀਅਤ ਸਬੰਧੀ ਕੈਨੇਡਾ ਦੇ ਤਤਕਾਲੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਸੰਸਦ ਵਿੱਚ ਗੰਭੀਰ ਦੋਸ਼ ਲਗਾਏ ਗਏ ਸਨ, ਸਿੱਖ ਜਥੇਬੰਦੀਆਂ ਵੱਲੋਂ ਭਾਈ ਨਿੱਝਰ ਨੂੰ ਕੌਮੀ ਸ਼ਹੀਦ ਵਜੋਂ ਸਤਿਕਾਰ ਦਿੱਤਾ ਜਾਂਦਾ ਹੈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਅਨੂਪ ਸਿੰਘ ਘੋਤੜਾ, ਮੀਤ ਪ੍ਰਧਾਨ ਭਾਈ ਗੁਰਚਰਨ ਸਿੰਘ ਗੁਰਾਇਆ, ਜਨਰਲ ਸਕੱਤਰ ਭਾਈ ਹੀਰਾ ਸਿੰਘ ਮੱਤੇਵਾਲ, ਚੇਅਰਮੈਨ ਭਾਈ ਗੁਰਦਿਆਲ ਸਿੰਘ ਲਾਲੀ, ਸਾਬਕਾ ਪ੍ਰਧਾਨ ਭਾਈ ਬਲਕਾਰ ਸਿੰਘ, ਭਾਈ ਨਰਿੰਦਰ ਸਿੰਘ ਘੋਤੜਾ, ਭਾਈ ਬਹਾਦਰ ਸਿੰਘ ਸਮਰਾ ਅਤੇ ਭਾਈ ਜਸਵੰਤ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ



ਸਨ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਭਾਈ ਗੁਰਚਰਨ ਸਿੰਘ ਗੁਰਾਇਆ ਨੇ ਕਿਹਾ ਕਿ ਗੁਰਦੁਆਰਾ ਸਿੱਖ ਸੈਂਟਰ ਫਰੈਂਕਫਰਟ ਦੀ ਸਟੇਜ ਦੀ ਹਮੇਸ਼ਾ ਵਿਲੱਖਣ ਪੰਥਕ ਪਛਾਣ ਰਹੀ ਹੈ, ਜਿੱਥੋਂ ਸਿੱਖ ਕੌਮ ਦੇ ਹੱਕਾਂ, ਮਨੁੱਖੀ ਅਧਿਕਾਰਾਂ ਅਤੇ ਆਜ਼ਾਦੀ ਦੇ ਸੰਘਰਸ਼ ਦੀ ਆਵਾਜ਼ ਬੇਬਾਕੀ ਨਾਲ ਬੁਲੰਦ ਕੀਤੀ ਜਾਂਦੀ ਰਹੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਵਿਖੇ ਪਹਿਲਾਂ ਵੀ ਸਿੱਖ ਸੰਘਰਸ਼ ਦੇ ਸ਼ਹੀਦਾਂ ਦੀਆਂ ਤਸਵੀਰਾਂ ਸੁਸ਼ੋਭਿਤ ਹਨ। ਇਹ ਤਸਵੀਰਾਂ ਮਹਿਜ਼ ਯਾਦਗਾਰੀ ਨਿਸ਼ਾਨੀਆਂ ਨਹੀਂ, ਸਗੋਂ ਕੌਮੀ ਇਤਿਹਾਸ, ਕੁਰਬਾਨੀਆਂ ਅਤੇ ਸਵੈਮਾਣ ਦੀਆਂ ਜਿਉਂਦੀਆਂ ਗਵਾਹੀਆਂ ਹਨ। ਉਨ੍ਹਾਂ ਕਿਹਾ ਕਿ ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਦੀਆਂ ਕੁਰਬਾਨੀਆਂ ਭੁੱਲ ਜਾਂਦੀਆਂ ਹਨ, ਉਹ ਆਪਣੀ ਵਿਰਾਸਤ ਤੋਂ ਦੂਰ ਹੋ ਜਾਂਦੀਆਂ ਹਨ। ਇਸ ਲਈ ਸ਼ਹੀਦਾਂ ਅਤੇ ਸੰਘਰਸ਼ਸ਼ੀਲ ਯੋਧਿਆਂ ਦੀਆਂ ਯਾਦਾਂ ਸੰਭਾਲ ਕੇ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਸਿਧਾਂਤਾਂ ਅਤੇ ਕੌਮੀ ਘਾਲਣਾ ਤੋਂ ਜਾਣੂ ਕਰਵਾਉਣਾ ਸਾਡਾ ਫ਼ਰਜ਼ ਹੈ। ਸਮਾਗਮ ਦੀ ਸਮਾਪਤੀ ਮੌਕੇ ਸੰਗਤਾਂ ਵੱਲੋਂ ਖ਼ਾਲਿਸਤਾਨ ਦੇ ਜੈਕਾਰਿਆਂ ਦੀ ਗੂੰਜ ਵਿੱਚ ਭਾਈ ਗਜਿੰਦਰ ਸਿੰਘ ਅਤੇ ਭਾਈ ਹਰਦੀਪ ਸਿੰਘ ਨਿੱਝਰ ਦੀ ਕੌਮੀ ਘਾਲਣਾ ਨੂੰ ਸਤਿਕਾਰ ਭੇਟ ਕੀਤਾ ਗਿਆ। ਗੁਰਦੁਆਰਾ ਸਾਹਿਬ ਦਾ ਮਾਹੌਲ ਪੰਥਕ ਜਜ਼ਬੇ ਅਤੇ ਚੜ੍ਹਦੀ ਕਲਾ ਨਾਲ ਭਰਿਆ ਰਿਹਾ।

### ਝੀਂਡਾ ਦੀ ਅਗਵਾਈ ਹੇਠ ਹਰਿਆਣਾ ਦੀ ਸਿੱਖ ਸੰਸਥਾ ਨੂੰ ਹੋ ਰਿਹਾ ਨੁਕਸਾਨ

# ਸੰਗਤ ਦੀਆਂ ਉਮੀਦਾਂ 'ਤੇ ਨਹੀਂ ਉਤਰੀ ਕਮੇਟੀ : ਕੁਲਦੀਪ ਸਿੰਘ ਫੱਗੂ

**ਕਾਲਾਂਵਾਲੀ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਕੁਲਦੀਪ ਸਿੰਘ ਫੱਗੂ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਮੇਟੀ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਦੀ ਕਾਰਜਸ਼ੈਲੀ 'ਤੇ ਗੰਭੀਰ ਸਵਾਲ ਉਠਾਏ ਹਨ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਬਾਅਦ ਹੋਂਦ ਵਿੱਚ ਆਈ ਨਵੀਂ ਕਮੇਟੀ ਤੋਂ ਸਿੱਖ ਸੰਗਤ ਨੂੰ ਬਹੁਤ ਉਮੀਦਾਂ ਸਨ, ਪਰ ਹੁਣ

**ਕਮੇਟੀ ਦਾ ਬਜਟ ਪਾਸ ਨਾ ਹੋਣਾ ਅਤੇ ਮੀਰੀ ਪੀਰੀ ਮੈਡੀਕਲ ਕਾਲਜ ਦਾ ਪ੍ਰਬੰਧ ਨਾ ਸੰਭਾਲਣ ਕਰਕੇ ਸਿੱਖ ਸੰਗਤ ਵੱਲੋਂ ਕੀਤੇ ਜਾ ਰਹੇ ਸਵਾਲ - ਭਾਈ ਕੁਲਦੀਪ ਸਿੰਘ ਫੱਗੂ**

ਤੱਕ ਕਮੇਟੀ ਦੀ ਕਾਰਗੁਜ਼ਾਰੀ ਸੰਗਤ ਦੀਆਂ ਉਮੀਦਾਂ 'ਤੇ ਖਰੀ ਨਹੀਂ ਉਤਰ ਸਕੀ । ਕੁਲਦੀਪ ਸਿੰਘ ਫੱਗੂ ਨੇ ਕਿਹਾ ਕਿ ਮੀਰੀ-ਪੀਰੀ ਮੈਡੀਕਲ ਕਾਲਜ ਦੇ ਮਾਮਲੇ ਵਿੱਚ ਕੇਸ ਜਿੱਤਣ ਤੋਂ ਬਾਅਦ ਵੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਅਦਾਰੇ ਦਾ ਪ੍ਰਬੰਧ ਨਾ ਸੰਭਾਲੇ ਜਾਣ ਦੇ ਮੁੱਦੇ ਨੂੰ ਲੈ ਕੇ ਸਿੱਖ ਸੰਗਤ ਵਿੱਚ ਨਿਰਾਸ਼ਾ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੰਗਤ ਨੂੰ ਉਮੀਦ ਸੀ ਕਿ ਨਵੀਂ ਕਮੇਟੀ ਸਿੱਖ ਸੰਸਥਾਵਾਂ ਦੇ ਪ੍ਰਬੰਧ ਨੂੰ ਹੋਰ ਬਿਹਤਰ ਬਣਾਉਣ ਲਈ ਠੋਸ ਕਦਮ ਚੁੱਕੇਗੀ, ਪਰ ਮੌਜੂਦਾ ਹਾਲਾਤਾਂ ਨੇ ਸੰਗਤ ਦੀਆਂ ਉਮੀਦਾਂ ਨੂੰ ਠੇਸ ਪਹੁੰਚਾਈ ਹੈ।

ਉਨ੍ਹਾਂ ਕਿਹਾ ਕਿ ਕਮੇਟੀ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਦੀ ਅਗਵਾਈ ਵਾਲੀ ਕਮੇਟੀ ਦੀ ਕਾਰਗੁਜ਼ਾਰੀ ਤੋਂ ਅਸੰਤੁਸ਼ਟ ਸਿੱਖ ਸੰਗਤ ਦਾ ਰੋਸ ਕਮੇਟੀ ਦੇ ਸਾਰੇ ਮੈਂਬਰਾਂ ਨੂੰ ਝੱਲਣਾ ਪੈ ਰਿਹਾ ਹੈ। ਉਨ੍ਹਾਂ ਅਨੁਸਾਰ, ਜਦੋਂ ਕਿਸੇ ਸੰਸਥਾ ਦੀ ਅਗਵਾਈ ਪ੍ਰਤੀ ਸੰਗਤ ਵਿੱਚ ਅਸੰਤੁਸ਼ਟੀ ਪੈਦਾ ਹੁੰਦੀ ਹੈ, ਤਾਂ ਇਸ ਦਾ



ਪ੍ਰਭਾਵ ਪੂਰੀ ਸੰਸਥਾ ਦੇ ਅਕਸ ਅਤੇ ਭਰੋਸੇ 'ਤੇ ਪੈਂਦਾ ਹੈ। ਫੱਗੂ ਨੇ ਕਿਹਾ ਕਿ ਜਗਦੀਸ਼ ਸਿੰਘ ਝੀਂਡਾ ਕਮੇਟੀ ਦੇ ਮੈਂਬਰਾਂ ਦਾ ਵਿਸ਼ਵਾਸ ਗੁਆ ਚੁੱਕੇ ਹਨ ਅਤੇ ਬਹੁਮਤ ਸਾਬਤ ਕਰਨ ਵਿੱਚ ਅਸਫਲ ਰਹਿਣ ਕਾਰਨ ਕਮੇਟੀ ਦਾ ਬਜਟ ਪਾਸ ਨਹੀਂ ਹੋ ਰਿਹਾ। ਜਿਸਦਾ ਇਲਜ਼ਾਮ ਦੂਜੇ ਮੈਂਬਰਾਂ ਤੇ ਲਗਾ ਕੇ ਸਿੱਖ ਸੰਗਤ ਨੂੰ ਗੁੰਮਰਾਹ ਕਰਕੇ ਆਪ ਸੁਰਖਰੂ ਹੋਣਾਂ ਚਾਹੁੰਦਾ ਹੈ ਜਦੋਂ ਕੇ ਕਸੂਰ ਖੁਦ ਝੀਂਡਾ ਦਾ ਹੈ। ਉਨ੍ਹਾਂ ਕਿਹਾ ਕਿ ਬਜਟ ਪਾਸ ਨਾ ਹੋਣਾ ਕਮੇਟੀ ਦੇ ਪ੍ਰਬੰਧਕੀ ਕੰਮਕਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਝੀਂਡਾ ਸਿੱਖ ਸੰਗਤ ਨੂੰ ਗੁਮਰਾਹ ਕਰ ਰਹੇ ਹਨ ਅਤੇ ਉਨ੍ਹਾਂ ਦੀ ਕਾਰਜਸ਼ੈਲੀ ਹਰਿਆਣਾ ਦੀ ਇਸ ਸਿੱਖ ਸੰਸਥਾ ਨੂੰ ਨੁਕਸਾਨ ਪਹੁੰਚਾ ਰਹੀ ਹੈ। ਕੁਲਦੀਪ ਸਿੰਘ ਫੱਗੂ ਨੇ ਕਿਹਾ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਸੰਗਤ ਦੀ ਅਮਾਨਤ ਹੈ ਅਤੇ ਇਸ ਦੇ ਪ੍ਰਬੰਧ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ ਚੱਲਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਕਮੇਟੀ ਦੀ ਅਗਵਾਈ ਨੂੰ ਸੰਗਤ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਸੰਸਥਾ ਦੇ ਹਿੱਤਾਂ ਨੂੰ ਪਹਿਲ ਦੇਣੀ ਚਾਹੀਦੀ ਹੈ, ਤਾਂ ਜੋ ਸਿੱਖ ਸੰਗਤ ਦਾ ਭਰੋਸਾ ਮੁੜ ਬਹਾਲ ਹੋ ਸਕੇ।

# ਹਲਕਾ ਇੰਚਾਰਜ ਰੰਧਾਵਾ ਨੇ ਡੋਰ ਟੂ ਡੋਰ ਕਰਕੇ ਆਪਣੀ ਚੋਣ ਮੁਹਿੰਮ ਨੂੰ ਭਖਾਇਆ, ਲੋਕਾਂ ਵੱਲੋਂ ਮਿਲ ਰਿਹਾ ਬੇਹੱਦ ਪਿਆਰ



**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਨਸ਼ਿਆਂ ਦਾ ਵਧਦਾ ਪ੍ਰਕੋਪ ਸੂਬੇ ਦੀ ਜਵਾਨੀ ਨੂੰ ਖੋਖਲਾ ਕਰ ਰਿਹਾ ਹੈ। ਨਸ਼ਿਆਂ ਕਾਰਨ ਅਨੇਕਾਂ ਪਰਿਵਾਰਾਂ ਦੇ ਸੁਪਨੇ ਟੁੱਟ ਰਹੇ ਹਨ ਅਤੇ ਨੌਜਵਾਨ ਪੀੜ੍ਹੀ ਦਾ ਭਵਿੱਖ ਖ਼ਤਰੇ ਵਿੱਚ ਪੈ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ, ਨਸ਼ਿਆਂ ਦੇ ਖ਼ਾਤਮੇ ਅਤੇ ਸੂਬੇ ਦੇ ਹੱਕਾਂ ਦੀ ਰਾਖੀ ਲਈ ਠੋਸ ਉਪਰਾਲਿਆਂ ਦੀ ਲੋੜ ਹੈ। ਪੰਜਾਬ ਦੀ ਤਰੱਕੀ, ਕਿਸਾਨਾਂ ਦੀ ਖ਼ੁਸ਼ਹਾਲੀ ਅਤੇ ਨੌਜਵਾਨਾਂ ਨੂੰ ਬਿਹਤਰ ਭਵਿੱਖ ਦੇਣ ਲਈ ਸਾਰਿਆਂ ਨੂੰ ਇਕਜੁੱਟ ਹੋ ਕੇ ਯਤਨ ਕਰਨੇ ਚਾਹੀਦੇ ਹਨ। ਸ਼੍ਰੋਮਣੀ ਅਕਾਲੀ ਦਲ ਦੀਆਂ ਸਰਕਾਰਾਂ ਸਮੇਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ-ਭਲਾਈ ਦੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਹਲਕਾ ਧੂਰੀ ਦੇ ਪਿੰਡਾਂ ਵਿੱਚ ਡੋਰ-ਟੂ-ਡੋਰ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਹਲਕੇ ਦੇ ਲੋਕਾਂ ਨਾਲ ਸਿੱਧਾ ਸੰਪਰਕ ਕਰਨਗੇ ਅਤੇ ਪਾਰਟੀ ਦੀਆਂ ਨੀਤੀਆਂ, ਪ੍ਰਾਪਤੀਆਂ ਅਤੇ ਪੰਜਾਬ ਪ੍ਰਤੀ ਪਾਰਟੀ ਦੇ ਜਾਣੂ ਕਰਵਾਉਣਗੇ। ਡੋਰ-ਟੂ-ਡੋਰ ਮੁਹਿੰਮ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦੀ ਆਵਾਜ਼ ਨੂੰ ਉੱਚ ਪੱਧਰ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾਵੇਗਾ।

## ਝੋਟਾ ਦੇ ਪਰਿਵਾਰ ਨੂੰ ਇਨਸਾਫ਼ ਦੀ ਉਮੀਦ ਸਿਰਫ਼ ਭਾਜਪਾ ਤੋ ਹੀ ਹੈ : ਪ੍ਰੋ ਓਂਕਾਰ ਸਿੰਘ ਸਿੱਧੂ



**ਧੂਰੀ ( ਰਣਜੀਤ ਸਿੰਘ ਪੇਧਨੀ )**- ਸ਼ਹੀਦ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਨੂੰ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਸਵਾਲ ਖੜ੍ਹੇ ਕਰਦਿਆਂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਆਪਣੇ ਐਕਸ ਅਕਾਊਂਟ 'ਤੇ ਪਰਵਿੰਦਰ ਸਿੰਘ ਝੋਟਾ ਦੇ ਨਾਮ ਦੀ ਥਾਂ 'ਪਰਮਿੰਦਰ' ਲਿਖਣਾ ਬੇਹੱਦ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਦੇ ਮੁੱਖ ਮੰਤਰੀ ਨੂੰ ਹੀ ਇਸ ਮਾਮਲੇ ਨਾਲ ਜੁੜੇ ਵਿਅਕਤੀ ਦਾ ਨਾਮ ਸਹੀ ਢੰਗ ਨਾਲ ਪਤਾ ਨਹੀਂ, ਤਾਂ ਪੰਜਾਬ ਦੇ ਲੋਕ ਇਨਸਾਫ਼ ਦੀ ਉਮੀਦ ਕਿਵੇਂ ਰੱਖ ਸਕਦੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਲੋਕਾਂ ਦੀ ਉਮੀਦ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਭਾਰਤੀ ਜਨਤਾ ਪਾਰਟੀ ਤੋਂ ਹੈ। ਲੋਕ ਚਾਹੁੰਦੇ ਹਨ ਕਿ ਇਸ ਮਾਮਲੇ ਵਿੱਚ ਨਿਰਪੱਖ ਜਾਂਚ ਹੋਵੇ, ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਪੀੜਤ ਪਰਿਵਾਰ ਨੂੰ ਜਲਦੀ ਇਨਸਾਫ਼ ਮਿਲੇ। ਉਹਨਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀਆਂ ਕੁਰਬਾਨੀਆਂ ਨੂੰ ਅਣਡਿੱਠਾ ਨਹੀਂ ਕੀਤਾ ਜਾਣਾ ਚਾਹੀਦਾ। ਉਨ੍ਹਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਭਾਜਪਾ ਲੀਡਰਸ਼ਿਪ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਵਿੱਚ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਅਤੇ ਪੰਜਾਬ ਵਿੱਚ ਨਸ਼ਿਆਂ ਦੇ ਨੈੱਟਵਰਕ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਯਕੀਨੀ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣ। ਉਹਨਾਂ ਕਿਹਾ ਕਿ ਪੰਜਾਬ ਨੂੰ ਸਿਰਫ਼ ਭਰੋਸਿਆਂ ਦੀ ਨਹੀਂ, ਸਗੋਂ ਨਸ਼ਿਆਂ ਵਿਰੁੱਧ ਠੋਸ ਕਾਰਵਾਈ ਅਤੇ ਇਨਸਾਫ਼ ਦੀ ਲੋੜ ਹੈ। ਇਸ ਮੌਕੇ ਭਾਜਪਾ ਦੇ ਜਿਲ੍ਹਾ ਜਰਨਲ ਸਕੱਤਰ ਪਰਮਜੀਤ ਸਿੰਘ ਭਿੰਦੀ, ਬੀਜੇਪੀ ਐਸਸੀ ਵਿੰਗ ਜਿਲ੍ਹਾ ਪ੍ਰਧਾਨ ਨਰਪਿੰਦਰ ਸਿੰਘ ਗੋਰਾ ਹਾਜਰ ਸਨ।

## ਲੰਡਨ ਦੇ ਟਰੈਫਲਗਰ ਸਕੁਏਅਰ 'ਚ ਦੀਵਾਲੀ ਸਮਾਗਮ ਰੱਦ, ਖ਼ਰਾਬ ਮੌਸਮ ਕਾਰਨ ਲਿਆ ਵੱਡਾ ਫ਼ੈਸਲਾ

### ਤੂਫ਼ਾਨੀ ਮੌਸਮ ਦੀ ਚਿਤਾਵਨੀ ਮਗਰੋਂ ਸੁਰੱਖਿਆ ਮਾਹਿਰਾਂ ਨੇ ਦਿੱਤੀ ਸਮਾਗਮ ਰੱਦ ਕਰਨ ਦੀ ਸਲਾਹ

ਲੰਡਨ - ਸਰਬਜੀਤ ਸਿੰਘ ਬਨੂੜ- ਬਰਤਾਨੀਆ ਦੀ ਰਾਜਧਾਨੀ ਲੰਡਨ ਦੇ ਇਤਿਹਾਸਕ ਟਰੈਫਲਗਰ ਸਕੁਏਅਰ ਵਿਖੇ ਕਰਵਾਇਆ ਜਾਣ ਵਾਲਾ ਵਿਸ਼ਾਲ ਦੀਵਾਲੀ ਸਮਾਗਮ 'Diwali on the Square 2026' ਖ਼ਰਾਬ ਮੌਸਮ ਅਤੇ ਸੁਰੱਖਿਆ ਕਾਰਨਾਂ ਕਰਕੇ ਰੱਦ ਕਰ ਦਿੱਤਾ ਗਿਆ ਹੈ। ਲੰਡਨ ਦੇ ਮੇਅਰ ਸਾਦਿਕ ਖ਼ਾਨ ਦੇ ਦਫ਼ਤਰ ਵੱਲੋਂ ਇਸ ਸਬੰਧੀ ਅਧਿਕਾਰਤ ਐਲਾਨ ਕੀਤਾ ਗਿਆ। ਪ੍ਰਬੰਧਕਾਂ ਅਨੁਸਾਰ ਸ਼ਨੀਵਾਰ ਨੂੰ ਤੂਫ਼ਾਨੀ ਮੌਸਮ ਦੀ ਭਵਿੱਖਬਾਣੀ ਕਾਰਨ ਸਮਾਗਮ ਲਈ ਸਟੇਜਾਂ, ਸਟਾਲਾਂ ਅਤੇ ਹੋਰ ਲੋੜੀਂਦੇ ਪ੍ਰਬੰਧ ਸੁਰੱਖਿਅਤ ਢੰਗ ਨਾਲ ਮੁਕੰਮਲ ਕਰਨਾ ਸੰਭਵ ਨਹੀਂ ਸੀ। ਸੁਤੰਤਰ ਸਿਹਤ ਅਤੇ ਸੁਰੱਖਿਆ ਮਾਹਿਰਾਂ ਦੀ ਸਲਾਹ ਤੋਂ ਬਾਅਦ ਸਮਾਗਮ ਰੱਦ ਕਰਨ ਦਾ ਫ਼ੈਸਲਾ ਲਿਆ ਗਿਆ। ਮੇਅਰ ਦਫ਼ਤਰ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਕਿ ਇਹ ਫ਼ੈਸਲਾ ਲੈਣਾ ਸੌਖਾ ਨਹੀਂ ਸੀ। ਸਮਾਗਮ ਦੀਆਂ ਤਿਆਰੀਆਂ ਵਿੱਚ ਜੁਟੇ ਸੈਂਕੜੇ ਕਲਾਕਾਰਾਂ, ਵਾਲੰਟੀਅਰਾਂ ਅਤੇ ਪ੍ਰਬੰਧਕਾਂ ਦੀ ਮਿਹਨਤ ਨੂੰ ਧਿਆਨ ਵਿੱਚ ਰੱਖਦਿਆਂ ਇਸ ਦੇ ਰੱਦ ਹੋਣ ਦਾ ਦੁੱਖ ਹੈ, ਪਰ ਲੰਡਨ ਵਾਸੀਆਂ ਅਤੇ ਸੈਲਾਨੀਆਂ ਦੀ ਸੁਰੱਖਿਆ ਸਭ ਤੋਂ ਵੱਧ ਮਹੱਤਵਪੂਰਨ ਹੈ। ਜ਼ਿਕਰਯੋਗ ਹੈ ਕਿ ਲੰਡਨ ਦੇ ਟਰੈਫਲਗਰ ਸਕੁਏਅਰ ਵਿਖੇ ਹਰ ਸਾਲ ਦੀਵਾਲੀ ਮੌਕੇ ਵਿਸ਼ਾਲ ਸਮਾਗਮ ਕਰਵਾਇਆ ਜਾਂਦਾ ਹੈ। ਇਸ ਸਾਲ ਵੀ ਦੁਪਹਿਰ ਇੱਕ ਵਜੇ ਤੋਂ ਸ਼ਾਮ ਸੱਤ ਵਜੇ ਤੱਕ ਚੱਲਣ ਵਾਲੇ ਸਮਾਗਮ ਵਿੱਚ ਲਗਭਗ 200 ਡਾਂਸਰਾਂ ਦੀ ਪੇਸ਼ਕਾਰੀ ਸਮੇਤ ਹਿੰਦੂ, ਸਿੱਖ ਅਤੇ ਜੈਨ ਭਾਈਚਾਰਿਆਂ ਨਾਲ ਸਬੰਧਤ ਸੱਭਿਆਚਾਰਕ ਪ੍ਰੋਗਰਾਮ, ਸੰਗੀਤ, ਨਾਚ ਅਤੇ ਖਾਣ-ਪੀਣ ਦੇ ਸਟਾਲ ਲਗਾਏ ਜਾਣੇ ਸਨ। 'ਦੀਵਾਲੀ ਇਨ ਲੰਡਨ' ਕਮੇਟੀ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਮਾਗਮ ਵਿੱਚ ਸ਼ਾਮਲ ਹੋਣ ਲਈ ਟਰੈਫਲਗਰ ਸਕੁਏਅਰ ਨਾ ਜਾਣ। ਪ੍ਰਬੰਧਕਾਂ ਨੇ ਇਸ ਫ਼ੈਸਲੇ ਕਾਰਨ ਹੋਈ ਅਸੁਵਿਧਾ ਲਈ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਲੰਡਨ ਵਿੱਚ ਦੀਵਾਲੀ ਮਨਾਉਣ ਲਈ ਹੋਰ ਸੰਭਾਵਨਾਵਾਂ 'ਤੇ ਵਿਚਾਰ ਕੀਤਾ ਜਾ ਰਿਹਾ ਹੈ। ਹਾਲਾਂਕਿ ਕਿਸੇ ਬਦਲਵੇਂ ਸਮਾਗਮ ਜਾਂ ਨਵੀਂ ਤਰੀਕ ਦਾ ਅਜੇ ਐਲਾਨ ਨਹੀਂ ਕੀਤਾ ਗਿਆ।

### ਪੰਜਾਬ ਦੀ ਵਾਂਗਡੋਰ ਦਿੱਲੀ ਦੇ

# ਪਿੱਠੂਆਂ ਤੋਂ ਖੋਹ ਕੇ ਆਪਣੇ ਹੱਥਾਂ ਵਿੱਚ ਲੈਣ ਦਾ ਵੇਲਾ : ਸ਼ਮਸ਼ੇਰ ਸਿੰਘ ਪੱਧਰੀ



**ਅੰਮ੍ਰਿਤਸਰ 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੂਰਬੀ ਦੇ ਵੇਰਕਾ ਵਿਖੇ ਸਥਿਤ ਹੁੰਦਲ ਪੈਲੇਸ ਵਿੱਚ ਇੱਕ ਵਿਸ਼ੇਸ਼ ਮੀਟਿੰਗ ਹਲਕਾ ਸੇਵਾਦਾਰ ਸ਼ਮਸ਼ੇਰ ਸਿੰਘ ਪੱਧਰੀ ਦੀ ਅਗਵਾਈ ਹੇਠ ਕੀਤੀ ਗਈ। ਇਸ ਮੀਟਿੰਗ ਵਿੱਚ ਪੰਜਾਬ ਦੇ ਹੱਕਾਂ, ਹਿੱਤਾਂ, ਮੌਜੂਦਾ



## ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੰਮ੍ਰਿਤਸਰ ਹਲਕਾ ਪੂਰਬੀ ਦੇ ਵੇਰਕਾ ਵਿਖੇ ਹੁੰਦਲ ਪੈਲੇਸ ਵਿਖੇ ਵਿਸ਼ੇਸ਼ ਮੀਟਿੰਗ

ਰਾਜਨੀਤਿਕ ਹਾਲਾਤ ਅਤੇ ਸੂਬੇ ਦੇ ਭਵਿੱਖ ਨਾਲ ਜੁੜੇ ਅਹਿਮ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਅਤੇ ਪੰਜਾਬ ਦੇ ਭਖਦੇ ਮਸਲਿਆਂ ਨੂੰ ਲੋਕਾਂ ਤੱਕ ਪਹੁੰਚਾਉਣ ਸਬੰਧੀ ਵੀ ਵਿਚਾਰ ਸਾਂਝੇ ਕੀਤੇ ਗਏ ਅਤੇ ਕਈ ਪਰਿਵਾਰ ਵੱਖ-ਵੱਖ ਪਾਰਟੀਆਂ ਨੂੰ ਛੱਡਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋਏ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਭਾਈ ਅਮਨਦੀਪ ਸਿੰਘ ਡੱਡੂਆਣਾ (ਪ੍ਰਧਾਨ, ਅੰਮ੍ਰਿਤਸਰ ਸ਼ਹਿਰੀ), ਡਾਕਟਰ ਬਰਿੰਦਰ ਸਿੰਘ, ਭਾਈ ਲਵਜੀਤ ਸਿੰਘ ਖਾਲਸਾ, ਸ੍ਰੀ ਸੁਖਰਾਜ ਸਿੰਘ ਸੁਲਤਾਨਵਿੰਡ, ਸ੍ਰੀ ਮਹਿੰਦਰਪਾਲ ਸਿੰਘ ਤੁੰਗ, ਭਾਈ ਪੰਜਾਬ ਸਿੰਘ, ਭਾਈ ਮਨਪ੍ਰੀਤ ਸਿੰਘ, ਭਾਈ ਜਗਜੀਤ ਸਿੰਘ ਅਤੇ ਭਾਈ ਮਨਜੀਤ ਸਿੰਘ ਸਮੇਤ ਹੋਰ ਸਾਥੀ ਮੌਜੂਦ ਸਨ। ਇਸ ਮੌਕੇ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਪੰਜਾਬ ਦੀ ਵਾਂਗਡੋਰ ਦਿੱਲੀ ਦੇ ਪਿੱਠੂਆਂ ਤੋਂ ਖੋਹ ਕੇ ਆਪਣੇ ਹੱਥਾਂ ਵਿੱਚ ਲੈਣ ਦਾ ਵੇਲਾ ਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਆਪਣੇ ਹੱਕਾਂ, ਹਿੱਤਾਂ ਅਤੇ ਸੂਬੇ ਦੇ ਭਵਿੱਖ ਦੀ ਰਾਖੀ ਲਈ ਇਕਜੁੱਟ ਹੋ ਕੇ ਅੱਗੇ ਆਉਣਾ ਪਵੇਗਾ। ਪੰਜਾਬ ਦੀ ਰਾਜਨੀਤੀ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ, ਲੋੜਾਂ ਅਤੇ ਮਸਲਿਆਂ ਨੂੰ ਕੇਂਦਰ ਵਿੱਚ ਰੱਖ ਕੇ ਚੱਲਣੀ ਚਾਹੀਦੀ ਹੈ, ਤਾਂ ਜੋ ਸੂਬੇ ਦੇ ਹਿੱਤਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਪੈਰਵੀ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਨੇ ਦੇਸ਼ ਦੀ ਖ਼ਾਤਰ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ ਅਤੇ ਅੱਜ ਵੀ ਪੰਜਾਬ ਦੇ ਲੋਕ ਅਨੇਕਾਂ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ। ਅਜਿਹੇ ਸਮੇਂ ਵਿੱਚ ਪੰਜਾਬ ਦੇ ਹੱਕਾਂ ਦੀ ਰਾਖੀ, ਨੌਜਵਾਨਾਂ ਦੇ ਭਵਿੱਖ, ਸੂਬੇ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਸੁਹਿਰਦ ਯਤਨਾਂ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੇ ਹਿੱਤਾਂ ਨਾਲ ਜੁੜੇ ਮੁੱਦਿਆਂ ਨੂੰ ਉਭਾਰਨ ਅਤੇ ਲੋਕਾਂ ਦੀ ਆਵਾਜ਼ ਬਣਨ ਲਈ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖੇਗਾ। ਮੀਟਿੰਗ ਦੌਰਾਨ ਹਾਜ਼ਰ ਸਾਥੀਆਂ ਨੇ ਵੀ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਲੋਕਾਂ ਨਾਲ ਜੁੜੇ ਵੱਖ-ਵੱਖ ਮਸਲਿਆਂ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਪਾਰਟੀ ਦੀਆਂ ਸਰਗਰਮੀਆਂ ਨੂੰ ਹੋਰ ਸੁਚਾਰੂ ਬਣਾਉਣ ਅਤੇ ਲੋਕਾਂ ਨਾਲ ਸੰਪਰਕ ਵਧਾਉਣ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

### ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿੰਡ ਜੱਲੂਪੁਰ ਖੈੜਾ ਵਿਖੇ

# ਨਵੇਂ ਦਫ਼ਤਰ ਦਾ ਉਦਘਾਟਨ, ਭਾਜਪਾ ਤੇ 'ਆਪ' ਛੱਡ ਕੇ ਕਈ ਆਗੂ ਤੇ ਸਾਥੀ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ



**ਤਰਨਤਾਰਨ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਜਿਲਾ ਤਰਨਤਾਰਨ ਵਿੱਚ ਪੈਂਦੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਜੱਦੀ ਪਿੰਡ ਜੱਲੂਪੁਰ ਖੈੜਾ ਵਿਖੇ ਪਾਰਟੀ ਦੇ ਨਵੇਂ ਦਫ਼ਤਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਅਤੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਸਮੇਤ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਮਨਦੀਪ ਸਿੰਘ, ਭਾਈ ਪਰਮਜੀਤ ਸਿੰਘ ਜੌਹਲ, ਸ੍ਰੀ ਜਸਕਰਨ ਸਿੰਘ ਕਾਹਨਸਿੰਘ ਵਾਲਾ, ਸ੍ਰੀ ਪ੍ਰਗਟ ਸਿੰਘ ਸੰਧੂ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਕੁਲਦਮਨ ਮਨਰੂਪ ਸਿੰਘ ਅਤੇ ਬਾਬਾ ਹਰਪ੍ਰੀਤ ਸਿੰਘ ਸਮੇਤ ਸੰਗਤ ਨੇ ਹਾਜ਼ਰੀ ਭਰੀ। ਇਸੇ ਦੌਰਾਨ ਵਿਧਾਨ ਸਭਾ ਹਲਕਾ ਪੱਟੀ ਤੋਂ ਭਾਜਪਾ ਦੇ ਸੀਨੀਅਰ ਆਗੂ ਸ. ਹਰਭਾਗ ਸਿੰਘ ਨੇ ਭਾਜਪਾ ਨੂੰ ਅਲਵਿਦਾ ਕਹਿ ਕੇ ਬਾਬਾ ਹਰਪ੍ਰੀਤ ਸਿੰਘ ਦੇ ਯਤਨਾ ਸਦਕਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਲੋਕ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਵਿੱਚ ਭਾਈ ਕੁਲਦਮਨ ਮਨਰੂਪ ਸਿੰਘ, ਹਲਕਾ ਇੰਚਾਰਜ ਖਡੂਰ ਸਾਹਿਬ ਅਤੇ ਸਰਕਲ ਇੰਚਾਰਜ ਬਲਜਿੰਦਰ ਸਿੰਘ ਦੇਊ ਜੀ ਦੀ ਅਗਵਾਈ ਹੇਠ ਧਰਮ ਸਿੰਘ ਬਾਗੜੀਆਂ ਨੇ ਆਮ ਆਦਮੀ ਪਾਰਟੀ ਛੱਡ ਕੇ ਆਪਣੇ ਸਾਥੀਆਂ ਸਮੇਤ ਜਥੇਬੰਦੀ ਵਿੱਚ ਸ਼ਮੂਲੀਅਤ ਕੀਤੀ। ਉਨ੍ਹਾਂ ਦੇ ਨਾਲ ਬਲਵਿੰਦਰ ਸਿੰਘ ( ਮੌਜੂਦਾ ਮੈਂਬਰ ਪੰਚਾਇਤ ), ਰੇਸ਼ਮ ਸਿੰਘ, ਪਰਗਟ ਸਿੰਘ, ਗੁਰਦਿਆਲ ਸਿੰਘ, ਲਵਜੀਤ ਸਿੰਘ, ਪਵਨਜੀਤ ਸਿੰਘ, ਇਕਬਾਲ ਸਿੰਘ, ਸ਼ਰਨਪ੍ਰੀਤ ਸਿੰਘ, ਬਲਰਾਜ ਸਿੰਘ, ਰਵੇਲ ਸਿੰਘ, ਪਲਵਿੰਦਰ ਸਿੰਘ, ਦਾਰਾ ਸਿੰਘ, ਹੀਰਾ ਸਿੰਘ, ਮਨਜਿੰਦਰ ਸਿੰਘ, ਸ਼ਮਸ਼ੇਰ ਸਿੰਘ, ਕਰਨਦੀਪ ਸਿੰਘ ਪੱਖੋਕੇ, ਮਾਨਵੀਰ ਸਿੰਘ, ਗੁਰਿੰਦਰ ਸਿੰਘ, ਗੁਰਵਿੰਦਰ ਸਿੰਘ, ਸਿਮਰਨ ਸਿੰਘ, ਸੁਖਵਿੰਦਰ ਸਿੰਘ, ਸੁਖਦੇਵ ਸਿੰਘ, ਸਰਬਜੀਤ ਸਿੰਘ, ਰੋਬਨਜੀਤ ਸਿੰਘ, ਮਨਪ੍ਰੀਤ ਸਿੰਘ, ਜਸਪ੍ਰੀਤ ਸਿੰਘ, ਸੁਖਮਨਜੀਤ ਸਿੰਘ, ਵੀਰ ਸਿੰਘ ਅਤੇ ਤੇਜਬੀਰ ਸਿੰਘ ਵੀ ਸ਼ਾਮਲ ਹੋਏ। ਬਾਪੂ ਤਰਸੇਮ ਸਿੰਘ ਜੀ ਵੱਲੋਂ ਸਾਰੇ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਸਵਾਗਤ ਕਰਦਿਆਂ ਉਮੀਦ ਪ੍ਰਗਟਾਈ ਗਈ ਕਿ ਉਹ ਪੰਜਾਬ ਦੇ ਹੱਕਾਂ, ਸੂਬੇ ਦੇ ਹਿੱਤਾਂ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ 'ਤੇ ਜਥੇਬੰਦੀ ਦੀਆਂ ਸਰਗਰਮੀਆਂ ਨੂੰ ਅੱਗੇ ਵਧਾਉਣ ਵਿੱਚ ਆਪਣਾ ਯੋਗਦਾਨ ਪਾਉਣਗੇ। ਇਥੇ ਜਿਕਰਯੋਗ ਹੈ ਕਿ ਜੱਲੂਪੁਰ ਖੈੜਾ ਵਿਖੇ ਨਵੇਂ ਦਫ਼ਤਰ ਦੀ ਸ਼ੁਰੂਆਤ ਅਤੇ ਪੱਟੀ ਤੇ ਖਡੂਰ ਸਾਹਿਬ ਵਿੱਚ ਹੋਈਆਂ ਸ਼ਮੂਲੀਅਤਾਂ ਨਾਲ ਪਾਰਟੀ ਦੀਆਂ ਜਥੇਬੰਦਕ ਗਤੀਵਿਧੀਆਂ ਨੂੰ ਹੋਰ ਵਿਸਥਾਰ ਦੇਣ ਦੀ ਦਿਸ਼ਾ ਵਿੱਚ ਅਗਾਂਹਵਧੂ ਕਦਮ ਹੈ। ਇਸ ਮੌਕੇ ਪਾਰਟੀ ਦੇ ਦਫ਼ਤਰ ਨੂੰ ਵਰਕਰਾਂ ਅਤੇ ਅਹੁਦੇਦਾਰਾਂ ਲਈ ਸਾਂਝੇ ਸੰਪਰਕ ਕੇਂਦਰ ਵਜੋਂ ਵਿਕਸਤ ਕਰਨ ਅਤੇ ਇਲਾਕੇ ਦੇ ਲੋਕਾਂ ਨਾਲ ਲਗਾਤਾਰ ਤਾਲਮੇਲ ਬਣਾਈ ਰੱਖਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਗਿਆ। ਪਾਰਟੀ ਵਿੱਚ ਸ਼ਾਮਲ ਹੋਏ ਨਵੇਂ ਸਾਥੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨਾਲ ਮਿਲ ਕੇ ਪੰਜਾਬ ਨਾਲ ਜੁੜੇ ਮੁੱਦਿਆਂ ਨੂੰ ਉਭਾਰਨ ਅਤੇ ਜਥੇਬੰਦਕ ਕਾਰਜਾਂ ਨੂੰ ਅੱਗੇ ਲਿਜਾਣ ਦੀ ਆਸ ਪ੍ਰਗਟਾਈ ਗਈ।

## ਬਾਬਾ ਹਰਪ੍ਰੀਤ ਸਿੰਘ, ਭਾਈ ਕੁਲਦਮਨਰੂਪ ਸਿੰਘ ਅਤੇ ਬਲਜਿੰਦਰ ਸਿੰਘ ਨੇ ਬਾਪੂ ਤਰਸੇਮ ਦੀ ਅਗਵਾਈ ਵਿੱਚ ਕਰਵਾਈਆਂ ਸ਼ਮੂਲੀਅਤਾਂ

ਆਵਾਜ਼ਿ ਕੌਮ AWAZE QAUM International Newspaper & WEB TV

# ਨੀਲੂ ਮਿੱਤਲ ਨੇ ਖੜਗੇ ਵੱਲੋਂ ਮੋਦੀ ਜੀ ਦੇ ਪਿਤਾ ਬਾਰੇ ਕੀਤੀ ਸਪੀਚ ਦੀ ਕੀਤੀ ਸਖ਼ਤ ਸ਼ਬਦਾਂ ਵਿੱਚ ਨਿਖੇਦੀ



ਧੂਰੀ (ਰਣਜੀਤ ਸਿੰਘ ਪੇਧਨੀ) ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਪਿਤਾ ਜੀ ਦੇ ਖਿਲਾਫ ਕਾਂਗਰਸ ਪਾਰਟੀ ਦੇ ਕੌਮੀ ਪ੍ਰਧਾਨ ਸ੍ਰੀ ਖੜਗੇ ਵੱਲੋਂ ਭੱਦੀ ਸਬਦਾਂਵਲੀ ਵਰਤੀ ਗਈ। ਜਿਸ ਦੀ ਸਖਤ ਸ਼ਬਦਾਂ ਵਿੱਚ ਨਿਖੇਦੀ ਕਰਦਿਆਂ ਭਾਰਤੀ ਜਨਤਾ ਪਾਰਟੀ ਤੇ ਜਿਲਾ ਸਪੋਕਸਮੈਨ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿ ਕਾਂਗਰਸ ਪਾਰਟੀ ਦੇ ਲੀਡਰਾਂ ਨੂੰ ਇਸ ਤਰ੍ਹਾਂ ਦੀ ਬਿਆਨਬਾਜ਼ੀ ਨਹੀਂ ਕਰਨੀ ਚਾਹੀਦੀ ਉਹਨਾਂ ਨੂੰ ਜਨਤਕ ਤੌਰ ਤੇ ਮਾਫੀ ਮੰਗਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਹਨ ਪੰਜਾਬ ਦੇ ਲੋਕ ਸ੍ਰੀ ਨਰਿੰਦਰ ਮੋਦੀ ਅਤੇ ਭਾਰਤੀ ਜਨਤਾ ਪਾਰਟੀ ਦੇ ਨਾਲ ਚਟਾਨ ਵਾਂਗ ਖੜੇ ਹਨ। ਅਜਿਹੀਆਂ ਗੱਲਾਂ ਦਾ ਜਵਾਬ ਉਹ 2027 ਦੇ ਵਿਧਾਨ ਸਭਾ ਚੋਣਾਂ ਵਿੱਚ ਦੇਣਗੇ। ਉਹ ਪੰਜਾਬ ਵਿੱਚੋਂ ਕਾਂਗਰਸ ਦਾ ਸੁਪੜਾ ਸਾਫ ਕਰ ਦੇਣਗੇ । ਉਹਨਾਂ ਕਿਹਾ ਕਿ ਇੰਨੇ ਵੱਡੇ ਅਹੁਦਿਆਂ ਤੇ ਬੈਠ ਕੇ ਜਨਤਕ ਤੌਰ ਤੇ ਅਜਿਹੀਆਂ ਗੱਲਾਂ ਕਰਨੀਆਂ ਇਹ ਘਟੀਆ ਤੇ ਨੀਚ ਹਰਕਤ ਹੈ। ਭਾਰਤੀ ਜਨਤਾ ਪਾਰਟੀ ਦੇ ਕਾਰਕੁਨ ਇਸ ਤਰ੍ਹਾਂ ਦੀ ਗੱਲ ਨੂੰ ਬਰਦਾਸ਼ਤ ਨਹੀਂ ਕਰਨਗੇ ਅਤੇ ਨਾ ਹੀ ਇਸ ਤਰ੍ਹਾਂ ਦੀਆਂ ਗੱਲਾਂ ਕਰਨ ਵਾਲਿਆਂ ਨੂੰ ਮਾਫ ਕਰਨਗੇ ।

# ਉੱਘੇ ਪੰਜਾਬੀ ਲੇਖਕਾਂ ਅਜਾਇਬ ਸਿੰਘ ਹੁੰਦਲ, ਗੁਰਨਾਮ ਢਿੱਲੋਂ ਅਤੇ ਰਘਬੀਰ ਸਿੰਘ ਭਰਤ ਦੇ ਵਿਛੋੜੇ 'ਤੇ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਦੁੱਖ ਦਾ ਪ੍ਰਗਟਾਵਾ



**ਚੌਕ ਮਹਿਤਾ, 26 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬੀ ਦੇ ਉੱਘੇ ਕਵੀ ਤੇ ਲੇਖਕ ਅਜਾਇਬ ਸਿੰਘ ਹੁੰਦਲ, ਗੁਰਨਾਮ ਢਿੱਲੋਂ ਅਤੇ ਰਘਬੀਰ ਸਿੰਘ ਭਰਤ ਦੇ ਸਦੀਵੀ ਵਿਛੋੜੇ 'ਤੇ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਅਜਾਇਬ ਸਿੰਘ ਹੁੰਦਲ ਪੰਜਾਬੀ ਕਵਿਤਾ ਦੇ ਸਥਾਪਤ ਹਸਤਾਖ਼ਰ ਸਨ। ਉਨ੍ਹਾਂ ਨੇ ਗ਼ਜ਼ਲ ਤੋਂ ਆਪਣਾ ਕਾਵਿ-ਸਫ਼ਰ ਸ਼ੁਰੂ ਕਰਕੇ ਆਜ਼ਾਦ ਕਵਿਤਾ ਦੇ ਖੇਤਰ ਵਿੱਚ ਵੀ ਵਿਲੱਖਣ ਪਛਾਣ ਬਣਾਈ। ਉਨ੍ਹਾਂ ਦੀਆਂ ਪ੍ਰਮੁੱਖ ਕਾਵਿ-ਪੁਸਤਕਾਂ ਵਿੱਚ 'ਅਜੇ ਨਾ ਗਿਣ', 'ਫ਼ੈਸਲੇ ਤੋਂ ਬਾਅਦ', 'ਮਿੱਟੀ ਸਾਹਵੇਂ ਖੜਾ ਵਾਰਿਸ', 'ਆਪਣਾ ਆਪਣਾ ਕੁਰੂਕਸ਼ੇਤਰ' ਅਤੇ 'ਕਚਹਿਰੀ ਵਿੱਚ ਖੜ੍ਹਾ ਦਰਖ਼ਤ' ਸ਼ਾਮਲ ਹਨ। ਭਾਸ਼ਾ ਵਿਭਾਗ, ਪੰਜਾਬ ਵੱਲੋਂ ਉਨ੍ਹਾਂ ਨੂੰ ਸ਼੍ਰੋਮਣੀ ਪੰਜਾਬੀ ਕਵੀ ਵਜੋਂ ਸਨਮਾਨਿਤ ਕੀਤਾ ਗਿਆ ਸੀ। ਗੁਰਨਾਮ ਢਿੱਲੋਂ ਪ੍ਰਗਤੀਸ਼ੀਲ ਤੇ ਇਨਕਲਾਬੀ ਵਿਚਾਰਧਾਰਾ ਦੇ ਪ੍ਰਤੀਨਿਧ ਕਵੀ, ਲੇਖਕ ਅਤੇ ਆਲੋਚਕ ਸਨ। ਬਰਤਾਨੀਆ ਵਿੱਚ ਰਹਿੰਦਿਆਂ ਵੀ ਉਹ ਪੰਜਾਬੀ ਸਾਹਿਤ ਨਾਲ ਸਰਗਰਮੀ ਨਾਲ ਜੁੜੇ ਰਹੇ। ਉਨ੍ਹਾਂ ਦੀਆਂ ਰਚਨਾਵਾਂ 'ਲੋਕ ਸ਼ਕਤੀ', 'ਨਗਾਰਾ' ਅਤੇ 'ਝੁਝਦੇ ਸੂਰਜ' ਲੋਕ-ਪੱਖੀ ਸਰੋਕਾਰਾਂ, ਸਮਾਜਿਕ ਚੇਤਨਾ ਅਤੇ ਸੰਘਰਸ਼ ਦੀ ਆਵਾਜ਼ ਬਣ ਕੇ ਸਾਹਮਣੇ ਆਈਆਂ। ਮਾਸਟਰ ਰਘਬੀਰ ਸਿੰਘ ਭਰਤ ਪੰਜਾਬੀ ਸਾਹਿਤ, ਸੱਭਿਆਚਾਰ ਅਤੇ ਪਾਕਿਸਤਾਨੀ ਪੰਜਾਬੀ ਸਾਹਿਤ ਦੇ ਗੂੜ੍ਹੇ ਗਿਆਤਾ ਸਨ। ਉਨ੍ਹਾਂ ਨੇ ਮਾਛੀਵਾੜਾ ਸਾਹਿਬ ਵਿੱਚ ਅਧਿਆਪਨ ਦੇ ਨਾਲ-ਨਾਲ ਸਮਾਜ ਅਤੇ ਸਾਹਿਤ ਦੀ ਸੇਵਾ ਕੀਤੀ। ਉਹ ਸਾਹਿਤ ਸਭਾ ਮਾਛੀਵਾੜਾ ਦੇ ਮੋਢੀਆਂ ਵਿੱਚੋਂ ਸਨ। ਮੌਲਾ ਬਖ਼ਸ਼ ਕੁਸ਼ਤਾ ਦੀ ਪੁਸਤਕ 'ਪੰਜਾਬੀ ਸ਼ਾਇਰਾਂ ਦਾ ਤਜ਼ਕਰਾ' ਅਤੇ ਅਫ਼ਜ਼ਲ ਪਰਵੇਜ਼ ਦੀ ਪੁਸਤਕ 'ਬਨ ਫੁਲਵਾੜੀ' ਦਾ ਲਿਪੀਅੰਤਰਣ ਕਰਨਾ ਉਨ੍ਹਾਂ ਦੇ ਮਹੱਤਵਪੂਰਨ ਸਾਹਿਤਕ ਕਾਰਜਾਂ ਵਿੱਚ ਸ਼ਾਮਲ ਹੈ। ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ ਅਤੇ ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ ਨੇ ਇੱਥੋਂ ਜਾਰੀ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਤਿੰਨਾਂ ਲੇਖਕਾਂ ਦਾ ਵਿਛੋੜਾ ਪੰਜਾਬੀ ਸਾਹਿਤ ਅਤੇ ਸੱਭਿਆਚਾਰਕ ਜਗਤ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਲੇਖਕਾਂ ਨੇ ਆਪਣੀ ਸਿਰਜਣਾ, ਵਿਚਾਰਧਾਰਕ ਪ੍ਰਤੀਬੱਧਤਾ ਅਤੇ ਸਾਹਿਤਕ ਸਰਗਰਮੀਆਂ ਰਾਹੀਂ ਪੰਜਾਬੀ ਸਾਹਿਤ ਨੂੰ ਅਮੀਰ ਬਣਾਇਆ ਅਤੇ ਲੋਕ-ਪੱਖੀ ਚੇਤਨਾ ਨੂੰ ਮਜ਼ਬੂਤ ਕੀਤਾ। ਉਨ੍ਹਾਂ ਦੀਆਂ ਰਚਨਾਵਾਂ ਅਤੇ ਸਾਹਿਤਕ ਯੋਗਦਾਨ ਆਉਣ ਵਾਲੀਆਂ ਪੀੜ੍ਹੀਆਂ ਦੇ ਲੇਖਕਾਂ ਤੇ ਪਾਠਕਾਂ ਦਾ ਮਾਰਗ-ਦਰਸ਼ਨ ਕਰਦੇ ਰਹਿਣਗੇ। ਸਭਾ ਦੇ ਅਹੁਦੇਦਾਰਾਂ ਨੇ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਤਿੰਨਾਂ ਲੇਖਕਾਂ ਦੇ ਪਰਿਵਾਰਾਂ, ਸਨੇਹੀਆਂ ਅਤੇ ਸਾਹਿਤਕ ਸਾਥੀਆਂ ਨਾਲ ਡੂੰਘੀ ਸੰਵੇਦਨਾ ਪ੍ਰਗਟ ਕੀਤੀ। ਇਸੇ ਦੌਰਾਨ ਪੰਜਾਬੀ ਲੋਕ ਵਿਰਾਸਤ ਅਕਾਡਮੀ, ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ, ਡਾ. ਉਮਿੰਦਰ ਜੌਹਲ, ਡਾ. ਸ਼ਿੰਦਰਪਾਲ ਸਿੰਘ, ਗੁਰਮੀਤ ਸਿੰਘ ਪਲਾਹੀ, ਮਨਜਿੰਦਰ ਸਿੰਘ ਧਨੋਆ, ਤਰਲੋਚਨ ਲੋਚੀ, ਦੀਪ ਦੇਵਿੰਦਰ ਸਿੰਘ, ਸੁਰਿੰਦਰਪ੍ਰੀਤ ਘਣੀਆ, ਸ਼ੇਲਿੰਦਰਜੀਤ ਸਿੰਘ ਰਾਜਨ, ਜੈਨਿੰਦਰ ਚੌਹਾਨ, ਗੁਰਮੀਤ ਸਿੰਘ ਬਾਜਵਾ, ਸੁਰਿੰਦਰ ਗਿੱਲ ਜੈਪਾਲ, ਜਤਿੰਦਰ ਕੌਰ ਮਾਹਲ, ਸੁਰਿੰਦਰਜੀਤ ਚੌਹਾਨ, ਦਲਜੀਤ ਸਿੰਘ ਸ਼ਾਹੀ, ਗੁਰਸੇਵਕ ਸਿੰਘ ਢਿੱਲੋਂ ਭੈਣੀ ਸਾਹਿਬ, ਰਾਜਵਿੰਦਰ ਸਮਰਾਲਾ, ਰਵਿੰਦਰ ਚੋਟ, ਸਿਮਰਜੀਤ ਸਿੰਘ ਕੰਗ, ਮਾਂ ਮਨਜੀਤ ਸਿੰਘ ਵੱਸੀ, ਗੁਰਪ੍ਰੀਤ ਸਿੰਘ ਰੰਗੀਲਪੁਰ ਨੇ ਵੀ ਤਿੰਨਾਂ ਲੇਖਕਾਂ ਦੇ ਸਦੀਵੀ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਲੇਖਕਾਂ ਦੀ ਸਾਹਿਤਕ ਦੇਣ ਪੰਜਾਬੀ ਸਾਹਿਤ ਦਾ ਅਨਮੋਲ ਸਰਮਾਇਆ ਹੈ ਅਤੇ ਉਨ੍ਹਾਂ ਦੀਆਂ ਰਚਨਾਵਾਂ ਪੰਜਾਬੀ ਪਾਠਕਾਂ ਤੇ ਆਉਣ ਵਾਲੀਆਂ ਪੀੜ੍ਹੀਆਂ ਦਾ ਮਾਰਗ-ਦਰਸ਼ਨ ਕਰਦੀਆਂ ਰਹਿਣਗੀਆਂ। ਉਨ੍ਹਾਂ ਵਿਛੜੇ ਲੇਖਕਾਂ ਦੇ ਪਰਿਵਾਰਾਂ ਅਤੇ ਸਾਹਿਤਕ ਸਾਥੀਆਂ ਨਾਲ ਦਿਲੀ ਹਮਦਰਦੀ ਪ੍ਰਗਟ ਕਰਦਿਆਂ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਨਾਲ ਸੰਵੇਦਨਾ ਸਾਂਝੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਧੰਨ ਧੰਨ ਸ਼੍ਰੀ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਵਿੱਖੇ ਧੰਨ ਧੰਨ ਸਾਹਿਬ ਸ਼੍ਰੀ ਰਾਮਦਾਸ ਸਾਹਿਬ ਜੀ ਅਤੇ

# ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ





ਚੌਕ ਮਹਿਤਾ,26 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਗੁਰਦੁਆਰਾ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਦੀ ਅਗਵਾਈ ਹੇਠ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਅਤੇ ਧੰਨ ਧੰਨ ਬ੍ਰਹਮਗਿਆਨੀ ਬਾਬਾ ਬੁੱਢਾ ਸਾਹਿਬ ਜੀ

ਆਵਾਜ਼ਿ ਕੌਮ AWAZE QAUM International Newspaper & WEB TV

ਪਵਿੱਤਰ ਪਾਵਨ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਸ ਮੌਕੇ ਤੇ ਬਾਬਾ ਜੀ ਗੜਵਈ ਭਾਈ ਦੀਪ ਸਿੰਘ ਅਤੇ ਬਾਬਾ ਦੇ ਸਪੁੱਤਰ ਭਾਈ ਜਰਨੈਲ ਸਿੰਘ ਨੇ ਸੰਗਤਾ ਨੂੰ ਪਵਿਤਰ ਪਾਵਨ ਗੁਰਬਾਣੀ ਦੇ ਕੀਰਤਨ ਨਾਲ ਨਿਹਾਲ ਕੀਤਾ।



ਇਸ ਤੋਂ ਉਪਰੰਤ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਮੂਲ਼ ਮੰਤਰ ਅਤੇ ਗੁਰੂ ਮੰਤਰ ਦਾ ਜਾਪ ਕਰਵਾਇਆ ਗਿਆ ਅਤੇ ਕੀਰਤਨ ਕਥਾ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਅਤੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਅਤੇ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਇਤਿਹਾਸ ਸੰਗਤਾਂ ਨੂੰ ਸਰਵਨ ਕਰਵਾਇਆ ਗਿਆ। ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਕਿਹਾ ਕਿ ਸਾਨੂੰ ਬਹੁਤ ਵਧੀਆ ਮਨੁੱਖਾ ਜੀਵਨ ਪ੍ਰਾਪਤ ਹੋਇਆ ਹੈ ਇਸ ਦਾ ਲਾਹ ਖੱਟਣਾ ਚਾਹੀਦਾ ਹੈ ਉਸ ਪ੍ਰਮਾਤਮਾ ਦਾ ਜਿੰਨਾ ਵੀ ਵੱਧ ਤੋਂ ਵੱਧ ਸ਼ੁਕਰਾਨਾ ਕਰਨਾ ਚਾਹੀਦਾ ਹੈ ਬਾਬਾ ਜੀ ਨੇ ਕਿਹਾ ਕਿ ਸਾਨੂੰ ਅਮ੍ਰਿਤ ਧਾਰੀ ਅਤੇ ਬਾਣੀ ਬਾਣੇ ਦੇ ਧਾਰਨੀ ਹੋਣਾ ਚਾਹੀਦਾ ਹੈ,ਸਾਨੂੰ ਨਾਮ ਜਪਣਾ,ਕਿਰਤ ਕਰਨੀ,ਅਤੇ ਵੰਡ ਕੇ ਛੱਕਣਾ ਚਾਹੀਦਾ ਹੈ ਚੁਗਲੀ ਨਿੰਦਿਆ ਦਾ ਤਿਆਗ ਕਰਨਾ ਚਾਹੀਦਾ ਹੈ। ਇਸ ਮੌਕੇ ਤੇ ਗੁਰੂ ਸਾਹਿਬ ਜੀ ਦੇ ਲੰਗਰ ਅਟੁੱਟ ਵਰਤੇ।

### ਕਸਬਾ ਮਹਿਤਾ ਚੌਕ ਵਿਖੇ ਜੇ ਡੀ ਜਿੰਮ 'ਤੇ

# ਅਣਪਛਾਤੇ ਵਿਅਕਤੀਆਂ ਵੱਲੋਂ ਤਾਬੜ ਤੋੜ ਚਲਾਈਆਂ ਗੋਲੀਆਂ




**ਚੌਕ ਮਹਿਤਾ, 26 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**:-ਕਸਬਾ ਮਹਿਤਾ ਚੌਂਕ ਵਿਖੇ ਤੜਕ ਸਾਰ ਜੇ ਡੀ ਜਿੰਮ 'ਤੇ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀਆਂ ਚਲਾਉਣ ਦੀ ਘਟਨਾ ਸਾਹਮਣੇ ਆਈ ਹੈ। ਇਸ ਘਟਨਾ ਨੂੰ ਇੱਕ ਕਰੋੜ ਰੁਪਏ ਦੀ ਫਿਰੌਤੀ ਮੰਗਣ ਦੇ ਮਾਮਲੇ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ, ਜਿਸ ਕਾਰਨ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਇੱਕ ਦਿਨ ਪਹਿਲਾਂ ਇੱਕ ਦੁਕਾਨ ਤੋਂ ਬਜ਼ੁਰਗ

ਆਵਾਜ਼ਿ ਕੌਮ AWAZE QAUM International Newspaper & WEB TV

ਮਾਤਾ ਦੀਆਂ ਕੰਨਾ ਦੀਆਂ ਵਾਲੀਆਂ ਦੀ ਖੋ ਹੋਈ ਸੀ ਪ੍ਰਾਪਤ ਜਾਣਕਾਰੀ ਅਨੁਸਾਰ, ਮੋਟਰਸਾਈਕਲ 'ਤੇ ਸਵਾਰ ਕੁਝ ਅਣਪਛਾਤੇ ਵਿਅਕਤੀਆਂ ਨੇ ਜਿੰਮ ਦੇ ਬਾਹਰ ਤੜਕ ਸਾਰ ਆ ਕੇ ਕਈ ਗੋਲੀਆਂ ਚਲਾਈਆਂ ਅਤੇ ਭੱਜ ਨਿਕਲੇ। ਗੋਲੀਆਂ ਜਿੰਮ ਦੀਆਂ ਖਿੜਕੀਆਂ, ਦਰਵਾਜ਼ੇ ਅਤੇ ਬਾਹਰੀ ਹਿੱਸੇ 'ਤੇ ਲੱਗੀਆਂ ਹਨ। ਘਟਨਾ ਤੋਂ ਬਾਅਦ ਇਲਾਕੇ ਵਿੱਚ ਸਨਸਨੀ ਫੈਲ ਗਈ ਅਤੇ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਫਾਇਰਿੰਗ ਕਰਨ ਵਾਲੇ ਵਿਅਕਤੀਆਂ ਦੀ ਪਛਾਣ, ਫਿਰੌਤੀ ਦੀ ਮੰਗ ਸਬੰਧੀ ਪੂਰੀ ਜਾਣਕਾਰੀ ਅਤੇ ਪੁਲਿਸ ਵੱਲੋਂ ਕੀਤੀ ਜਾ ਰਹੀ ਕਾਰਵਾਈ ਬਾਰੇ ਅਧਿਕਾਰਤ ਪੁਸ਼ਟੀ ਹੋਣੀ ਬਾਕੀ ਹੈ। ਇਸ ਘਟਨਾ ਨੇ ਇਲਾਕੇ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਚਿੰਤਾ ਪੈਦਾ ਕਰ ਦਿੱਤੀ ਹੈ। ਸਥਾਨਕ ਲੋਕਾਂ ਮੁਤਾਬਕ, ਕੁਝ ਦਿਨ ਪਹਿਲਾਂ ਜਿੰਮ ਮਾਲਕ ਨੂੰ ਇੱਕ ਕਰੋੜ ਰੁਪਏ ਦੀ ਫਿਰੌਤੀ ਦੀ ਧਮਕੀ ਭਰਾ ਫੋਨ

### ਮਾਮਲਾ ਇੱਕ ਕਰੋੜ ਫਿਰੌਤੀ ਮੰਗਣ ਦਾ

ਵੀ ਆਇਆ ਸੀ, ਜਿਸ ਤੋਂ ਬਾਅਦ ਇਹ ਘਟਨਾ ਵਾਪਰੀ ਮੰਨੀ ਜਾ ਰਹੀ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਜਲਦ ਹੀ ਅਸਲ ਦੋਸ਼ੀਆਂ ਦਾ ਪਤਾ ਲਗਾਇਆ ਜਾਵੇਗਾ, ਐਸ ਪੀ ਸਬੰਧੀ ਪੁਲਿਸ ਦਾ ਕਹਿਣਾ ਹੈ। ਕਰਨ ਵਾਲੇ ਇਨ੍ਹਾਂ ਦੋਸ਼ੀਆਂ ਨੇ ਸਾਬਤ ਕਰ ਦਿੱਤਾ ਹੈ ਕਿ ਹੁਣ ਅਪਰਾਧੀ ਕਸਬਿਆਂ ਤੱਕ ਵੀ ਨਿਗਾਹ ਰੱਖ ਰਹੇ ਹਨ। ਪੁਲਿਸ ਨੂੰ ਜਲਦ ਹੀ ਦੋਸ਼ੀਆਂ ਨੂੰ ਗ੍ਰਿਫਤਾਰ ਕਰਨਾ ਚਾਹੀਦਾ ਹੈ ਤਾਂ ਜੋ ਆਮ ਲੋਕਾਂ ਦੀ ਸੁਰੱਖਿਆ ਯਕੀਨੀ ਬਣ ਸਕੇ। ਮਹਿਤਾ ਥਾਣਾ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ। ਜਲਦ ਹੀ ਦੋਸ਼ੀਆਂ ਦੀ ਪਛਾਣ ਕਰਕੇ ਕਾਰਵਾਈ ਕੀਤੀ ਜਾਵੇਗੀ।

## ਜਨਗਣਨਾ-2027 ਸਬੰਧੀ ਦੇਸ਼ ਭਗਤ ਕਾਲਜ, ਬਰੜਵਾਲ ਵਿਖੇ ਯੁਵਕ ਮੇਲੇ ਦੌਰਾਨ ਲਗਾਇਆ ਜਾਗਰੂਕਤਾ ਕੈਂਪ; ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਸੁੱਖੀ ਨੇ ਕੀਤੀ ਸ਼ਿਰਕਤ

# ਸਹੀ ਅੰਕੜਿਆਂ 'ਤੇ ਆਧਾਰਿਤ ਵਿਕਾਸ ਯੋਜਨਾਵਾਂ ਦੀ ਵਿਉਂਤਬੰਦੀ ਲਈ ਜਨਗਣਨਾ ਵਿੱਚ ਹਰੇਕ ਨਾਗਰਿਕ ਦਾ ਸਹਿਯੋਗ ਜ਼ਰੂਰੀ: ਸੁਖਵੀਰ ਸਿੰਘ ਸੁੱਖੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਜਨਗਣਨਾ-2027 ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਅਤੇ ਇਸ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਦੇਸ਼ ਭਗਤ ਕਾਲਜ, ਬਰੜਵਾਲ, ਧੂਰੀ ਵਿਖੇ ਯੁਵਕ ਮੇਲੇ ਦੌਰਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਮੁੱਖ ਮੰਤਰੀ ਪੰਜਾਬ ਦੇ ਓ.ਐੱਸ.ਡੀ. ਸੁਖਵੀਰ ਸਿੰਘ ਸੁੱਖੀ ਨੇ ਸ਼ਿਰਕਤ ਕੀਤੀ ਅਤੇ ਨੌਜਵਾਨਾਂ ਨੂੰ ਜਨਗਣਨਾ ਸਬੰਧੀ ਜਾਗਰੂਕਤਾ ਦਾ ਸੁਨੇਹਾ ਘਰ-ਘਰ ਪਹੁੰਚਾਉਣ ਦਾ ਸੱਦਾ ਦਿੱਤਾ। ਸੁਖਵੀਰ ਸਿੰਘ ਸੁੱਖੀ ਨੇ ਕਿਹਾ, "ਜਨਗਣਨਾ

ਆਵਾਜ਼ਿ ਕੌਮ AWAZE QAUM International Newspaper & WEB TV

ਰਾਹੀਂ ਪ੍ਰਾਪਤ ਸਹੀ ਅੰਕੜੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਯੋਜਨਾਵਾਂ ਉਲੀਕਣ ਦਾ ਅਹਿਮ ਆਧਾਰ ਬਣਦੇ ਹਨ। ਹਰੇਕ ਵਿਅਕਤੀ ਦੀ ਗਿਣਤੀ ਅਤੇ ਹਰੇਕ ਪਰਿਵਾਰ ਦੇ ਵੇਰਵਿਆਂ ਦਾ ਸਹੀ ਦਰਜ ਹੋਣਾ ਬੇਹੱਦ ਜ਼ਰੂਰੀ ਹੈ। ਨੌਜਵਾਨ ਆਪਣੇ ਪਰਿਵਾਰਾਂ ਨੂੰ ਆਨਲਾਈਨ ਸਵੈ-ਗਣਨਾ ਵਿੱਚ ਸਹਿਯੋਗ ਦੇਣ ਦੇ ਨਾਲ-ਨਾਲ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਇਸ ਪ੍ਰਕਿਰਿਆ ਦੀ ਮਹੱਤਤਾ ਬਾਰੇ ਜਾਗਰੂਕ ਕਰਨ।" ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਰਿਹਾਇਸ਼, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਦੀ ਪ੍ਰਭਾਵਸ਼ਾਲੀ ਵਿਉਂਤਬੰਦੀ ਲਈ ਭਰੋਸੇਯੋਗ ਅੰਕੜਿਆਂ ਦੀ ਅਹਿਮ ਭੂਮਿਕਾ ਹੁੰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ 'ਸਾਡੀ ਜਨਗਣਨਾ, ਸਾਡਾ ਵਿਕਾਸ' ਦੇ ਸੁਨੇਹੇ ਨੂੰ ਅੱਗੇ ਵਧਾਉਂਦਿਆਂ ਲੋਕਾਂ ਨੂੰ ਸਹੀ ਅਤੇ ਮੁਕੰਮਲ ਜਾਣਕਾਰੀ ਦਰਜ ਕਰਵਾਉਣ ਲਈ ਪ੍ਰੇਰਿਤ ਕਰਨ। ਕੈਂਪ ਦੌਰਾਨ ਵਿਦਿਆਰਥੀਆਂ ਨੂੰ ਜਨਗਣਨਾ ਦੀ ਮਹੱਤਤਾ, ਆਨਲਾਈਨ ਸਵੈ-ਗਣਨਾ ਦੀ ਸਹੂਲਤ ਅਤੇ ਗਣਨਾਕਾਰਾਂ ਵੱਲੋਂ ਘਰ-ਘਰ ਜਾ ਕੇ ਕੀਤੀ ਜਾਣ ਵਾਲੀ ਆਬਾਦੀ ਦੀ ਗਣਨਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਜਾਣਕਾਰੀ ਭਰਪੂਰ ਪੈਂਫ਼ਲੈਟ ਵੀ ਵੰਡੇ ਗਏ ਅਤੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦੇ ਕੇ ਉਨ੍ਹਾਂ ਦੀਆਂ ਸ਼ੰਕਾਵਾਂ ਦੂਰ ਕੀਤੀਆਂ ਗਈਆਂ। ਕੈਂਪ ਦੌਰਾਨ ਦੱਸਿਆ ਗਿਆ ਕਿ ਜਨਗਣਨਾ-2027 ਤਹਿਤ ਆਬਾਦੀ ਦੀ ਗਣਨਾ ਦਾ ਦੂਜਾ ਪੜਾਅ ਪੰਜਾਬ ਵਿੱਚ 16 ਨਵੰਬਰ, 2026 ਤੋਂ ਸ਼ੁਰੂ ਹੋਵੇਗਾ ਅਤੇ 4 ਜਨਵਰੀ, 2027 ਤੱਕ ਜਾਰੀ ਰਹੇਗਾ। ਇਸ ਤਹਿਤ 16 ਤੋਂ 30 ਨਵੰਬਰ, 2026 ਤੱਕ ਲੋਕ ਆਨਲਾਈਨ ਸਵੈ-ਗਣਨਾ ਦੀ ਸਹੂਲਤ ਦਾ ਲਾਭ ਲੈ ਸਕਣਗੇ, ਜਦਕਿ ਪਹਿਲੀ ਦਸੰਬਰ, 2026 ਤੋਂ 4 ਜਨਵਰੀ, 2027 ਤੱਕ ਗਣਨਾਕਾਰ ਘਰ-ਘਰ ਜਾ ਕੇ ਆਬਾਦੀ ਦੀ ਗਣਨਾ ਕਰਨਗੇ। ਵਿਦਿਆਰਥੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਆਨਲਾਈਨ ਸਵੈ-ਗਣਨਾ ਦੌਰਾਨ ਆਪਣੇ ਪਰਿਵਾਰਾਂ ਨੂੰ ਸਹਿਯੋਗ ਦੇਣ ਅਤੇ ਵੇਰਵੇ ਦਰਜ ਕਰਦੇ ਸਮੇਂ ਜਾਣਕਾਰੀ ਦੀ ਧਿਆਨ ਨਾਲ ਜਾਂਚ ਕਰਨ। ਇਸ ਦੇ ਨਾਲ ਹੀ ਘਰ-ਘਰ ਆਉਣ ਵਾਲੇ ਅਧਿਕਾਰਤ ਗਣਨਾਕਾਰਾਂ ਨੂੰ ਸਹੀ ਅਤੇ ਮੁਕੰਮਲ ਜਾਣਕਾਰੀ ਮੁਹੱਈਆ ਕਰਵਾਉਣ ਦਾ ਸੁਨੇਹਾ ਵੀ ਦਿੱਤਾ ਗਿਆ। ਇਸ ਮੌਕੇ ਵਿਦਿਆਰਥੀਆਂ ਅਤੇ ਸਿੱਖਿਆ ਸੰਸਥਾਵਾਂ ਨੂੰ ਜਾਗਰੂਕਤਾ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੰਦਿਆਂ ਜ਼ੋਰ ਦਿੱਤਾ ਗਿਆ ਕਿ ਨੌਜਵਾਨਾਂ ਦੀ ਭਾਗੀਦਾਰੀ ਨਾਲ ਜਨਗਣਨਾ ਦੀ ਮਹੱਤਤਾ ਅਤੇ ਨਿਰਧਾਰਿਤ ਮਿਤੀਆਂ ਬਾਰੇ ਜਾਣਕਾਰੀ ਵੱਧ ਤੋਂ ਵੱਧ ਪਰਿਵਾਰਾਂ ਤੱਕ ਪਹੁੰਚਾਈ ਜਾ ਸਕਦੀ ਹੈ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਜਤਿੰਦਰ ਸਿੰਘ ਸੋਨੀ ਮੰਡੇਰ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਧੂਰੀ, ਪ੍ਰਿੰਸੀਪਲ ਡਾ ਬਲਵੀਰ ਸਿੰਘ ਹਾਜਰ ਸਨ।

# ਬਾਬਾ ਗੁਰੂ ਨਾਨਕ ਯੂਨੀਵਰਸਿਟੀ ਨਨਕਾਣਾ ਸਾਹਿਬ ਦੇ ਕੌਮਾਂਤਰੀ ਸਲਾਹਕਾਰ ਬੋਰਡ 'ਚ ਪਰਮਜੀਤ ਸਿੰਘ ਸਰਨਾ ਦੀ ਨਿਯੁਕਤੀ



ਨਵੀਂ ਦਿੱਲੀ, 25 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੂੰ ਪਾਕਿਸਤਾਨ ਸਥਿਤ ਬਾਬਾ ਗੁਰੂ ਨਾਨਕ ਯੂਨੀਵਰਸਿਟੀ, ਸ੍ਰੀ ਨਨਕਾਣਾ ਸਾਹਿਬ ਦੇ ਕੌਮਾਂਤਰੀ ਸਲਾਹਕਾਰ ਬੋਰਡ ਵਿੱਚ ਸ਼ਾਮਲ ਕੀਤਾ ਗਿਆ ਹੈ। ਦੁਨੀਆ ਦੇ ਵੱਖ-ਵੱਖ ਦੇਸ਼ਾਂ ਤੋਂ ਚੁਣੀਆਂ ਗਈਆਂ ਅੱਠ ਪ੍ਰਮੁੱਖ ਸ਼ਖਸੀਅਤਾਂ ਵਾਲੇ ਇਸ ਬੋਰਡ ਵਿੱਚ ਸਰਨਾ ਦੀ ਨਿਯੁਕਤੀ ਨੂੰ ਅਹਿਮ ਮੰਨਿਆ ਜਾ ਰਿਹਾ ਹੈ। ਸਿੱਖ ਭਾਈਚਾਰੇ ਨਾਲ ਜੁੜੇ ਮਾਮਲਿਆਂ, ਸਮਾਜ ਸੇਵਾ ਅਤੇ ਪਰਉਪਕਾਰ ਦੇ ਖੇਤਰ ਵਿੱਚ ਉਨ੍ਹਾਂ ਦੇ ਲੰਮੇ ਤਜਰਬੇ ਨੂੰ ਦੇਖਦਿਆਂ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ। ਯੂਨੀਵਰਸਿਟੀ ਦੇ ਰਜਿਸਟਰਾਰ ਵੱਲੋਂ 20 ਜੁਲਾਈ 2026 ਨੂੰ ਨਿਯੁਕਤੀ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ, ਜਿਸ ਨੂੰ ਇਸ ਤੋਂ ਪਹਿਲਾਂ ਯੂਨੀਵਰਸਿਟੀ ਦੀ ਅਕਾਦਮਿਕ ਕੌਂਸਲ ਅਤੇ ਸਿੰਡੀਕੇਟ ਵੱਲੋਂ ਮਨਜ਼ੂਰੀ ਦਿੱਤੀ ਗਈ ਸੀ। ਕੌਮਾਂਤਰੀ ਸਲਾਹਕਾਰ ਬੋਰਡ ਵਿੱਚ ਭਾਰਤ, ਬਰਤਾਨੀਆ, ਅਮਰੀਕਾ ਅਤੇ ਕੈਨੇਡਾ ਸਮੇਤ ਵੱਖ-ਵੱਖ ਦੇਸ਼ਾਂ ਨਾਲ ਸਬੰਧਤ ਅਕਾਦਮਿਕ, ਉੱਦਮੀ, ਪਰਉਪਕਾਰੀ ਅਤੇ ਸਿੱਖ ਭਾਈਚਾਰੇ ਦੇ ਨੁਮਾਇੰਦੇ ਸ਼ਾਮਲ ਹਨ। ਬੋਰਡ ਦਾ ਮੁੱਖ ਉਦੇਸ਼ ਬਾਬਾ ਗੁਰੂ ਨਾਨਕ ਯੂਨੀਵਰਸਿਟੀ ਨੂੰ ਕੌਮਾਂਤਰੀ ਪੱਧਰ 'ਤੇ ਮਜ਼ਬੂਤ ਅਕਾਦਮਿਕ ਸੰਸਥਾ ਵਜੋਂ ਵਿਕਸਤ ਕਰਨ ਲਈ ਦਿਸ਼ਾ-ਨਿਰਦੇਸ਼ ਅਤੇ ਸਲਾਹ ਪ੍ਰਦਾਨ ਕਰਨਾ ਹੈ। ਇਸ ਤਹਿਤ ਉੱਚ ਸਿੱਖਿਆ ਦੇ ਕੌਮਾਂਤਰੀ ਮਿਆਰਾਂ, ਅਕਾਦਮਿਕ ਪ੍ਰਬੰਧਨ, ਖੋਜ ਸਹਿਯੋਗ, ਵਿਦਿਆਰਥੀ ਅਦਲਾ-ਬਦਲੀ, ਫੰਡ ਇਕੱਠੇ ਕਰਨ ਅਤੇ ਸਿੱਖ ਧਾਰਮਿਕ ਤੇ ਸੱਭਿਆਚਾਰਕ ਵਿਰਾਸਤ ਦੀ ਸੰਭਾਲ ਵਰਗੇ ਮੁੱਦੇ ਅਹਿਮ ਰਹਿਣਗੇ। ਸਰਨਾ ਨੇ ਕਿਹਾ ਕਿ ਸ੍ਰੀ ਨਨਕਾਣਾ ਸਾਹਿਬ ਦੀ ਪਵਿੱਤਰ ਧਰਤੀ 'ਤੇ ਸਥਿਤ ਇਹ ਯੂਨੀਵਰਸਿਟੀ ਦੁਨੀਆ ਭਰ ਦੇ ਸਿੱਖਾਂ ਲਈ ਵਿਸ਼ੇਸ਼ ਮਹੱਤਤਾ ਰੱਖਦੀ ਹੈ ਅਤੇ ਕੌਮਾਂਤਰੀ ਅਕਾਦਮਿਕ ਭਾਈਵਾਲੀਆਂ ਰਾਹੀਂ ਵਿਦਿਆਰਥੀਆਂ ਲਈ ਸਿੱਖਿਆ ਦੇ ਨਵੇਂ ਮੌਕੇ ਪੈਦਾ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਵਿਸ਼ਵ ਭਰ ਦੀਆਂ ਯੂਨੀਵਰਸਿਟੀਆਂ, ਸੰਸਥਾਵਾਂ ਅਤੇ ਪਰਉਪਕਾਰੀ ਫਾਊਂਡੇਸ਼ਨਾਂ ਨਾਲ ਸਾਂਝ ਮਜ਼ਬੂਤ ਕਰਕੇ ਯੂਨੀਵਰਸਿਟੀ ਦੇ ਬੁਨਿਆਦੀ ਢਾਂਚੇ, ਸਕਾਲਰਸ਼ਿਪ ਪ੍ਰੋਗਰਾਮਾਂ ਅਤੇ ਅਕਾਦਮਿਕ ਵਿਕਾਸ ਨੂੰ ਹੋਰ ਹੁਲਾਰਾ ਦਿੱਤਾ ਜਾ ਸਕਦਾ ਹੈ। ਸਰਨਾ ਦੀ ਬੋਰਡ ਵਿੱਚ ਸ਼ਮੂਲੀਅਤ ਨੂੰ ਯੂਨੀਵਰਸਿਟੀ ਵੱਲੋਂ ਸਿੱਖ ਭਾਈਚਾਰੇ ਦੇ ਤਜਰਬੇਕਾਰ ਆਗੂਆਂ ਅਤੇ ਕੌਮਾਂਤਰੀ ਪੱਧਰ 'ਤੇ ਸਰਗਰਮ ਪਰਉਪਕਾਰੀ ਸ਼ਖਸੀਅਤਾਂ ਨਾਲ ਆਪਣੇ ਸੰਪਰਕ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਦੇਖਿਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM

### ਖਾਲਸਾ ਅਕੈਡਮੀ ਮਹਿਤਾ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦਾ

# ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ



ਮਹਿਤਾ ਚੌਂਕ, 26 ਅਕਤੂਬਰ:( ਬਾਬਾ ਸੁਖਵੰਤ ਸਿੰਘ ਚੰਨਣਕੇ)ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਸੋਮਵਾਰ, 26 ਅਕਤੂਬਰ 2026 ਨੂੰ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਜਪੁਜੀ ਸਾਹਿਬ ਅਤੇ ਸੁਖਮਨੀ ਸਾਹਿਬ ਦੀ ਬਾਣੀ ਦੇ ਪਾਠ ਉਪਰੰਤ ਰਾਗ-ਆਧਾਰਿਤ ਰਸਭਿੰਨਾ ਗੁਰਬਾਣੀ ਕੀਰਤਨ ਕੀਤਾ ਗਿਆ। ਇਸ ਤੋਂ ਇਲਾਵਾ ਕਵੀਸ਼ਰੀ, ਕਵਿਤਾਵਾਂ ਅਤੇ ਪ੍ਰਭਾਵਸ਼ਾਲੀ ਭਾਸ਼ਣਾਂ ਰਾਹੀਂ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਸਿੱਖ ਧਰਮ ਵਿੱਚ ਉਨ੍ਹਾਂ ਦੇ ਮਹਾਨ ਯੋਗਦਾਨ ਬਾਰੇ ਚਾਨਣਾ ਪਾਇਆ ਗਿਆ। ਸਮਾਗਮ ਦੌਰਾਨ ਨੰਨ੍ਹੇ-ਮੁੰਨ੍ਹੇ ਨਰਸਰੀ ਜਮਾਤ ਦੇ ਵਿਦਿਆਰਥੀਆਂ ਨੇ ਵੀ ਗੁਰੂ ਸਾਹਿਬ ਦੇ ਜੀਵਨ ਬਾਰੇ ਕੁਝ ਸਤਰਾਂ ਪੇਸ਼ ਕਰਕੇ ਸੰਗਤ ਦਾ ਮਨ ਮੋਹ ਲਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਅਤੇ ਸ੍ਰੀ ਹਰਿਮੰਦਰ ਸਾਹਿਬ ਦੀ ਉਸਾਰੀ ਵਿੱਚ ਉਨ੍ਹਾਂ ਦੇ ਅਹਿਮ ਯੋਗਦਾਨ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਗੁਰਬਾਣੀ ਨਾਲ ਜੁੜਨ, ਗੁਰੂ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਉਨ੍ਹਾਂ ਵੱਲੋਂ ਦਰਸਾਏ ਸੇਵਾ, ਨਿਮਰਤਾ ਤੇ ਪਰਉਪਕਾਰ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਸਮੂਹ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਦੀ ਵਧਾਈ ਵੀ ਦਿੱਤੀ। ਇਸ ਪਾਵਨ ਮੌਕੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਸ. ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਸ. ਹਰਸ਼ਦੀਪ ਸਿੰਘ ਰੰਧਾਵਾ ਅਤੇ ਸਮੂਹ ਅਧਿਆਪਕ ਸਾਹਿਬਾਨ ਨੇ ਖਾਲਸਾ ਅਕੈਡਮੀ ਦੇ ਗੁਰਦੁਆਰਾ ਸਾਹਿਬ ਵਿਖੇ ਹਾਜ਼ਰੀ ਭਰ ਕੇ ਗੁਰੂ ਸਾਹਿਬ ਪ੍ਰਤੀ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸਮੁੱਚਾ ਸਮਾਗਮ ਗੁਰਬਾਣੀ, ਗੁਰਮਤਿ ਵਿਚਾਰਾਂ ਅਤੇ ਅਧਿਆਤਮਿਕ ਮਾਹੌਲ ਨਾਲ ਭਰਪੂਰ ਰਿਹਾ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ ਨਾਲ ਜੋੜਨਾ ਅਤੇ ਉਨ੍ਹਾਂ ਅੰਦਰ ਸੇਵਾ, ਸਿਮਰਨ, ਨਿਮਰਤਾ ਤੇ ਮਨੁੱਖਤਾ ਪ੍ਰਤੀ ਪਿਆਰ ਦੀ ਭਾਵਨਾ ਪੈਦਾ ਕਰਨਾ ਸੀ।

### ਸ਼ਹੀਦ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਅਤੇ ਪੰਜਾਬ ਵਿੱਚ ਨਸ਼ਿਆਂ ਦੇ ਖ਼ਾਤਮੇ 'ਚ

# ਇਨਸਾਫ਼ ਮਿਲਣ ਤੱਕ ਸੰਘਰਸ਼ ਜਾਰੀ ਰਹੇਗਾ: ਸ਼ਮਸ਼ੇਰ ਸਿੰਘ ਪੱਧਰੀ



**ਅੰਮ੍ਰਿਤਸਰ, 25 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸ਼ਹੀਦ ਪਰਵਿੰਦਰ ਸਿੰਘ ਝੋਟਾ ਇਨਸਾਫ਼ ਕਮੇਟੀ ਦੇ ਸੱਦੇ ਦੀ ਹਮਾਇਤ ਕਰਦਿਆਂ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੂਰਬੀ ਦੇ ਵੇਰਕਾ ਬੱਸ ਸਟੈਂਡ ਦੇ ਸਾਹਮਣੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਦੀ ਅਗਵਾਈ ਵਿੱਚ ਭਾਈ ਲਵਜੀਤ

### ਸ਼ਹੀਦ ਪਰਵਿੰਦਰ ਸਿੰਘ ਝੋਟਾ ਇਨਸਾਫ਼ ਸੰਘਰਸ਼ ਕਮੇਟੀ ਦੇ ਸੱਦੇ ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹਲਕਾ ਪੂਰਬੀ ਅੰਮ੍ਰਿਤਸਰ ਦੇ ਵੇਰਕਾ ਬੱਸ ਸਟੈਂਡ 'ਤੇ ਝਾੜੂ ਫੂਕ ਕੇ ਰੋਸ ਪ੍ਰਦਰਸ਼ਨ



ਸਿੰਘ ਖਾਲਸਾ ਤੇ ਸੰਗਤ ਦੇ ਸਹਿਯੋਗ ਨਾਲ ਇਕੱਠੇ ਹੋ ਕੇ ਝਾੜੂ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਤੇ ਉਚੇਚੇ ਤੌਰ ਤੇ ਅੰਮ੍ਰਿਤਸਰ ਸ਼ਹਿਰੀ ਦੇ ਪ੍ਰਧਾਨ ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸੁਖਰਾਜ ਸਿੰਘ ਸੁਲਤਾਨਵਿੰਡ, ਡਾਕਟਰ ਬਰਿੰਦਰ ਸਿੰਘ ਜੀ, ਭਾਈ ਪੰਜਾਬ ਸਿੰਘ, ਭਾਈ ਮਨਜੀਤ ਸਿੰਘ ਅਤੇ ਭਾਈ ਜਗਜੀਤ ਸਿੰਘ ਵੀ ਹਾਜਰ ਸਨ। ਇਸ ਮੌਕੇ ਪਾਰਟੀ ਵੱਲੋਂ ਇਨਸਾਫ਼ ਕਮੇਟੀ ਦੀਆਂ ਮੰਗਾਂ ਨਾਲ ਇਕਜੁੱਟਤਾ ਪ੍ਰਗਟ ਕਰਦਿਆਂ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਯਕੀਨੀ ਬਣਾਉਣ ਅਤੇ ਪੰਜਾਬ ਵਿੱਚ ਨਸ਼ਿਆਂ ਦੇ ਕਾਰੋਬਾਰ ਨੂੰ ਠੱਲ੍ਹ ਪਾਉਣ ਦੀ ਮੰਗ ਕੀਤੀ ਗਈ। ਇਸ ਸਬੰਧੀ ਪਾਰਟੀ ਦੇ ਸੂਬਾ ਮੀਡੀਆ ਇੰਚਾਰਜ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਲਈ ਉੱਠ ਰਹੀ ਆਵਾਜ਼ ਸਿਰਫ਼ ਇੱਕ ਪਰਿਵਾਰ ਦੀ ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਅਤੇ ਨਸ਼ਿਆਂ ਤੋਂ ਮੁਕਤ ਸਮਾਜ ਦੀ ਮੰਗ ਨਾਲ ਜੁੜੀ ਹੋਈ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਪੰਜਾਬ ਦੇ ਘਰਾਂ ਵਿੱਚ ਪੈ ਰਹੇ ਵੈਣਾਂ ਨੂੰ ਰੋਕਣਾ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ ਅਤੇ ਇਸ ਮਾਮਲੇ ਵਿੱਚ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ, ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟਾ ਇਨਸਾਫ਼ ਕਮੇਟੀ ਵੱਲੋਂ ਇਨਸਾਫ਼ ਲਈ ਕੀਤੇ ਜਾ ਰਹੇ ਸੰਘਰਸ਼ ਦਾ ਸਮਰਥਨ ਕਰਦਾ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਐਲਾਨਾਂ ਨਾਲ ਲੋਕਾਂ ਦਾ ਭਰੋਸਾ ਬਹਾਲ ਨਹੀਂ ਹੋ ਸਕਦਾ, ਸਗੋਂ ਹਰ ਮੰਗ 'ਤੇ ਠੋਸ ਕਾਰਵਾਈ ਅਤੇ ਉਸ ਦੀ ਸਥਿਤੀ ਜਨਤਕ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੇ ਖ਼ਾਤਮੇ ਲਈ ਕਿਸੇ ਵੀ ਤਰ੍ਹਾਂ ਦੀ ਢਿੱਲ ਜਾਂ ਰਾਜਨੀਤਿਕ ਪੱਖਪਾਤ ਬਰਦਾਸ਼ਤ ਨਹੀਂ ਕੀਤਾ ਜਾਣਾ ਚਾਹੀਦਾ। ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਵੇ ਅਤੇ ਜੇਕਰ ਕਿਸੇ ਅਧਿਕਾਰੀ ਦੀ ਲਾਪਰਵਾਹੀ ਜਾਂ ਮਿਲੀਭੁਗਤ ਸਾਹਮਣੇ ਆਉਂਦੀ ਹੈ ਤਾਂ ਉਸ ਦੀ ਨਿਰਪੱਖ ਜਾਂਚ ਕਰਕੇ ਜਵਾਬਦੇਹੀ ਤੈਅ ਕੀਤੀ ਜਾਵੇ। ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ

ਆਵਾਜ਼ਿ ਕੌਮ AWAZE QAUM International Newspaper & WEB TV

ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੇ ਲੋਕਾਂ ਦੀਆਂ ਹੱਕੀ ਮੰਗਾਂ, ਨਸ਼ਾ ਮੁਕਤ ਸਮਾਜ ਅਤੇ ਇਨਸਾਫ਼ ਦੀ ਲੜਾਈ ਵਿੱਚ ਲੋਕਾਂ ਦੇ ਨਾਲ ਖੜ੍ਹਾ ਹੈ। ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਨਿਰਪੱਖ ਜਾਂਚ, ਪੀੜਤ ਪਰਿਵਾਰ ਨੂੰ ਇਨਸਾਫ਼ ਅਤੇ ਨਸ਼ਿਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਪਾਰਟੀ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਅਤੇ ਲੋਕਾਂ ਦੀ ਸੁਰੱਖਿਆ ਨਾਲ ਜੁੜੇ ਮੁੱਦਿਆਂ 'ਤੇ ਆਵਾਜ਼ ਬੁਲੰਦ ਕਰਨਾ ਜਾਰੀ ਰਹੇਗਾ।

# ਦੋ ਦਸੰਬਰ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਵਾਪਰਿਆ ਘਟਨਾਕ੍ਰਮ ਅਕਾਲੀ ਦਲ ਦੀ ਪੁਨਰ-ਸੁਰਜੀਤੀ ਅਤੇ ਪੰਥਕ ਏਕਤਾ ਲਈ ਹੀ ਸੀ- ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਦੋ ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਵਾਪਰਿਆ ਸਾਰਾ ਘਟਨਾਕ੍ਰਮ ਪੰਜਾਬ ਦੀ ਖੇਤਰੀ ਅਤੇ ਪੰਥਕ ਪਾਰਟੀ ਦੀ ਪੁਨਰ-ਸੁਰਜੀਤੀ ਵਾਸਤੇ ਹੀ ਸੀ। ਪਰ ਕੁਝ ਮਰਿਆਦਾ ਤੋਂ ਮੁਨਕਰ ਲੋਕਾਂ ਨੇ

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸਾਰੀ ਪ੍ਰਕਿਰਿਆ ਨੂੰ ਤਾਰਪੀਡੋ ਕਰਨ ਲਈ ਪੰਜ ਸਿੰਘ ਸਾਹਿਬਾਨ ਨੂੰ ਹੀ ਸਾਜ਼ਿਸ਼ੀ ਗਰਦਾਨ ਕੇ ਬਦਨਾਮ ਕਰਨਾ ਸ਼ੁਰੂ ਕਰ ਦਿੱਤਾ ਅਤੇ ਫਿਰ ਸਾਰੇ ਜਥੇਦਾਰ ਸਾਹਿਬਾਨ ਨੂੰ ਬੇਇੱਜ਼ਤ ਕਰਕੇ ਅਹੁਦਿਆਂ ਤੋਂ ਲਾਂਭੇ ਕਰ ਦਿੱਤਾ। ਇਸ ਪੂਰੇ ਮਾਮਲੇ ਵਿੱਚ ਸ਼ਾਮਲ ਰਹੇ ਸਾਰੇ ਰਾਜਸੀ ਆਗੂ ਜਾਣਦੇ ਹਨ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਬਚਾਉਣ ਲਈ ਕੀਤਾ ਗਿਆ ਇਹ ਬਹੁਤ ਹੀ ਸਮਝਦਾਰੀ ਭਰਿਆ ਫੈਸਲਾ ਸੀ ਜੋ ਗੁਰੂ ਹਰਿਗੋਬਿੰਦ ਸਾਹਿਬ ਪਾਤਸ਼ਾਹ ਦੀ ਰਹਿਨੁਮਾਈ ਹੇਠ ਵਾਪਰਿਆ ਅਤੇ ਇਸਨੂੰ ਸਾਰੇ ਪੰਥ ਨੇ ਪ੍ਰਵਾਨ ਕੀਤਾ ਸੀ। ਸ੍ਰੀ ਤਖ਼ਤ ਸਾਹਿਬ ਤੋਂ ਹੋਏ ਆਦੇਸ਼ ਮੁਤਾਬਕ ਕੀਤੀ ਜਾਣ ਵਾਲੀ ਭਰਤੀ ਵਿੱਚ ਲੋਕਤਾਂਤਰਿਕ ਤਰੀਕੇ ਨਾਲ ਕੋਈ ਵੀ ਪ੍ਰਧਾਨ ਚੁਣਿਆ ਜਾ ਸਕਦਾ ਸੀ। ਪਰ ਪ੍ਰਧਾਨਗੀ ਦੇ ਲਾਲਚ ਵਿੱਚ ਹਾਬੜੇ ਮਨੁੱਖ, ਜਿੰਨਾ ਨੂੰ ਆਪਣੀ ਯੋਗਤਾ 'ਤੇ ਕੋਈ ਭਰੋਸਾ ਨਹੀ ਸੀ, ਉਹ ਹੁਕਮਨਾਮਿਆ ਨੂੰ ਬਾਈਪਾਸ ਕਰਕੇ ਖੁਦ ਨੂੰ ਪ੍ਰਧਾਨ ਦੇ ਰੂਪ ਵਿੱਚ ਥੋਪਣ ਵਿੱਚ ਕਾਮਯਾਬ ਹੋ ਗਏ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮਿਆ ਨੂੰ ਆਪਣੇ ਕਤਲ ਦੀ ਸਾਜਿਸ਼ ਦੱਸਣ ਵਾਲੇ ਹੁਣ ਕਿਹੜੇ ਮੂੰਹ ਨਾਲ ਪੰਥਕ ਏਕਤਾ ਦੀ ਦੁਹਾਈ ਦੇਂਦੇ ਹਨ। ਜੇ ਉਹ ਵਾਕਈ ਏਕਤਾ ਦੇ ਹਾਮੀ ਹਨ ਤਾਂ ਅੱਜ ਹੀ ਸ੍ਰੀ ਅਕਾਲ ਤਖਤ ਸਾਹਿਬ 'ਤੇ ਪਹੁੰਚ ਕੇ ਗੁਰੂ ਸਾਹਿਬ ਅਤੇ ਸਮੁੱਚੇ ਪੰਥ ਤੋਂ ਆਪਣੇ ਮੁਕਰ ਜਾਣ ਦੀ ਮਾਫੀ ਮੰਗਣ। ਸਿੱਖ ਪੰਥ ਅਤੇ ਪੰਜਾਬੀਆਂ ਨੂੰ ਯਕੀਨ ਹੋ ਜਾਵੇਗਾ ਕਿ ਪੰਥਕ ਏਕਤਾ ਲਈ ਉਹ ਦਿਲੋਂ ਸੁਹਿਰਦ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਪਾਰਟੀ ਆਗੂਆਂ ਨੂੰ ਵੀ ਹਦਾਇਤ ਕੀਤੀ ਕਿ ਉਹ ਏਕਤਾ ਸੰਬੰਧੀ ਕੋਈ ਵੀ ਬਿਆਨ ਦੇਣ ਤੋਂ ਪਹਿਲਾਂ ਦੋ ਦਸੰਬਰ ਦੇ ਹੁਕਮਨਾਮਿਆਂ ਨੂੰ ਜ਼ਰੂਰ ਧਿਆਨ ਵਿੱਚ ਰੱਖਿਆ ਕਰਨ। ਜਿਸ ਬਾਰੇ ਉਹਨਾਂ ਨੇ ਖੁਦ ਸ੍ਰੀ ਅਕਾਲ ਤਖਤ ਸਾਹਿਬ ਤੱਕ ਪਹੁੰਚ ਕੀਤੀ ਸੀ। ਅਹੁਦਿਆਂ ਦੇ ਲਾਲਚ ਜਾਂ ਸਤ੍ਹਾ ਦੀ ਲਾਲਸਾ ਤਹਿਤ ਕਿਸੇ ਨਾਲ ਮਿਲ ਜਾਣ ਨੂੰ ਪੰਥਕ ਏਕਤਾ ਦਾ ਨਾਮ ਨਹੀਂ ਦਿੱਤਾ ਜਾ ਸਕਦਾ। ਇਸ ਨਾਲ ਨਾ ਪੰਥ ਦਾ ਭਲਾ ਹੋਵੇਗਾ, ਨਾ ਪੰਜਾਬ ਦਾ ਅਤੇ ਨਾ ਹੀ ਉਹਨਾਂ ਲਾਲਚੀ ਲੋਕਾਂ ਦਾ ਹੀ ਭਲਾ ਹੋਵੇਗਾ ਜੋ ਇਸ ਤਰਾਂ ਦੀ ਏਕਤਾ ਦੀ ਝਾਕ ਰੱਖਦੇ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਪਾਰਟੀ ਲਾਈਨ ਤੋਂ ਬਾਹਰ ਜਾ ਕੇ ਦਿੱਤੇ ਜਾਣ ਵਾਲੇ ਬਿਆਨਾਂ ਬਾਰੇ ਕਿਹਾ ਕਿ ਉਹ ਬਿਆਨ ਦੇਣ ਵਾਲੇ ਆਗੂਆਂ ਦੇ ਨਿੱਜੀ ਵਿਚਾਰ ਹੋ ਸਕਦੇ ਹਨ, ਦੋ ਦਸੰਬਰ ਦੇ ਹੁਕਮਨਾਮਿਆਂ ਮੁਤਾਬਕ ਪੁਨਰ-ਸੁਰਜੀਤ ਹੋਏ ਅਕਾਲੀ ਦਲ ਦੀ ਨੀਤੀ ਅਤੇ ਸਿਧਾਂਤ ਨਾਲ ਉਹਨਾਂ ਬਿਆਨਾਂ ਦਾ ਕੋਈ ਸਬੰਧ ਨਹੀਂ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

# ਬਾਬਾ ਗੁਰੂ ਨਾਨਕ ਯੂਨੀਵਰਸਿਟੀ ਨਨਕਾਣਾ ਸਾਹਿਬ ਦੇ ਕੌਮਾਂਤਰੀ ਸਲਾਹਕਾਰ ਬੋਰਡ 'ਚ ਪਰਮਜੀਤ ਸਿੰਘ ਸਰਨਾ ਦੀ ਨਿਯੁਕਤੀ



ਨਵੀਂ ਦਿੱਲੀ, 25 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੂੰ ਪਾਕਿਸਤਾਨ ਸਥਿਤ ਬਾਬਾ ਗੁਰੂ ਨਾਨਕ ਯੂਨੀਵਰਸਿਟੀ, ਸ੍ਰੀ ਨਨਕਾਣਾ ਸਾਹਿਬ ਦੇ ਕੌਮਾਂਤਰੀ ਸਲਾਹਕਾਰ ਬੋਰਡ ਵਿੱਚ ਸ਼ਾਮਲ ਕੀਤਾ ਗਿਆ ਹੈ। ਦੁਨੀਆ ਦੇ ਵੱਖ-ਵੱਖ ਦੇਸ਼ਾਂ ਤੋਂ ਚੁਣੀਆਂ ਗਈਆਂ ਅੱਠ ਪ੍ਰਮੁੱਖ ਸ਼ਖਸੀਅਤਾਂ ਵਾਲੇ ਇਸ ਬੋਰਡ ਵਿੱਚ ਸਰਨਾ ਦੀ ਨਿਯੁਕਤੀ ਨੂੰ ਅਹਿਮ ਮੰਨਿਆ ਜਾ ਰਿਹਾ ਹੈ। ਸਿੱਖ ਭਾਈਚਾਰੇ ਨਾਲ ਜੁੜੇ ਮਾਮਲਿਆਂ, ਸਮਾਜ ਸੇਵਾ ਅਤੇ ਪਰਉਪਕਾਰ ਦੇ ਖੇਤਰ ਵਿੱਚ ਉਨ੍ਹਾਂ ਦੇ ਲੰਮੇ ਤਜਰਬੇ ਨੂੰ ਦੇਖਦਿਆਂ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ। ਯੂਨੀਵਰਸਿਟੀ ਦੇ ਰਜਿਸਟਰਾਰ ਵੱਲੋਂ 20 ਜੁਲਾਈ 2026 ਨੂੰ ਨਿਯੁਕਤੀ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ, ਜਿਸ ਨੂੰ ਇਸ ਤੋਂ ਪਹਿਲਾਂ ਯੂਨੀਵਰਸਿਟੀ ਦੀ ਅਕਾਦਮਿਕ ਕੌਂਸਲ ਅਤੇ ਸਿੰਡੀਕੇਟ ਵੱਲੋਂ ਮਨਜ਼ੂਰੀ ਦਿੱਤੀ ਗਈ ਸੀ। ਕੌਮਾਂਤਰੀ ਸਲਾਹਕਾਰ ਬੋਰਡ ਵਿੱਚ ਭਾਰਤ, ਬਰਤਾਨੀਆ, ਅਮਰੀਕਾ ਅਤੇ ਕੈਨੇਡਾ ਸਮੇਤ ਵੱਖ-ਵੱਖ ਦੇਸ਼ਾਂ ਨਾਲ ਸਬੰਧਤ ਅਕਾਦਮਿਕ, ਉੱਦਮੀ, ਪਰਉਪਕਾਰੀ ਅਤੇ ਸਿੱਖ ਭਾਈਚਾਰੇ ਦੇ ਨੁਮਾਇੰਦੇ ਸ਼ਾਮਲ ਹਨ। ਬੋਰਡ ਦਾ ਮੁੱਖ ਉਦੇਸ਼ ਬਾਬਾ ਗੁਰੂ ਨਾਨਕ ਯੂਨੀਵਰਸਿਟੀ ਨੂੰ ਕੌਮਾਂਤਰੀ ਪੱਧਰ 'ਤੇ ਮਜ਼ਬੂਤ ਅਕਾਦਮਿਕ ਸੰਸਥਾ ਵਜੋਂ ਵਿਕਸਤ

ਆਵਾਜ਼ਿ ਕੌਮ AWAZE QAUM International Newspaper & WEB TV

ਕਰਨ ਲਈ ਦਿਸ਼ਾ-ਨਿਰਦੇਸ਼ ਅਤੇ ਸਲਾਹ ਪ੍ਰਦਾਨ ਕਰਨਾ ਹੈ। ਇਸ ਤਹਿਤ ਉੱਚ ਸਿੱਖਿਆ ਦੇ ਕੌਮਾਂਤਰੀ ਮਿਆਰਾਂ, ਅਕਾਦਮਿਕ ਪ੍ਰਬੰਧਨ, ਖੋਜ ਸਹਿਯੋਗ, ਵਿਦਿਆਰਥੀ ਅਦਲਾ-ਬਦਲੀ, ਫੰਡ ਇਕੱਠੇ ਕਰਨ ਅਤੇ ਸਿੱਖ ਧਾਰਮਿਕ ਤੇ ਸੱਭਿਆਚਾਰਕ ਵਿਰਾਸਤ ਦੀ ਸੰਭਾਲ ਵਰਗੇ ਮੁੱਦੇ ਅਹਿਮ ਰਹਿਣਗੇ। ਸਰਨਾ ਨੇ ਕਿਹਾ ਕਿ ਸ੍ਰੀ ਨਨਕਾਣਾ ਸਾਹਿਬ ਦੀ ਪਵਿੱਤਰ ਧਰਤੀ 'ਤੇ ਸਥਿਤ ਇਹ ਯੂਨੀਵਰਸਿਟੀ ਦੁਨੀਆ ਭਰ ਦੇ ਸਿੱਖਾਂ ਲਈ ਵਿਸ਼ੇਸ਼ ਮਹੱਤਤਾ ਰੱਖਦੀ ਹੈ ਅਤੇ ਕੌਮਾਂਤਰੀ ਅਕਾਦਮਿਕ ਭਾਈਵਾਲੀਆਂ ਰਾਹੀਂ ਵਿਦਿਆਰਥੀਆਂ ਲਈ ਸਿੱਖਿਆ ਦੇ ਨਵੇਂ ਮੌਕੇ ਪੈਦਾ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਵਿਸ਼ਵ ਭਰ ਦੀਆਂ ਯੂਨੀਵਰਸਿਟੀਆਂ, ਸੰਸਥਾਵਾਂ ਅਤੇ ਪਰਉਪਕਾਰੀ ਫਾਊਂਡੇਸ਼ਨਾਂ ਨਾਲ ਸਾਂਝ ਮਜ਼ਬੂਤ ਕਰਕੇ ਯੂਨੀਵਰਸਿਟੀ ਦੇ ਬੁਨਿਆਦੀ ਢਾਂਚੇ, ਸਕਾਲਰਸ਼ਿਪ ਪ੍ਰੋਗਰਾਮਾਂ ਅਤੇ ਅਕਾਦਮਿਕ ਵਿਕਾਸ ਨੂੰ ਹੋਰ ਹੁਲਾਰਾ ਦਿੱਤਾ ਜਾ ਸਕਦਾ ਹੈ। ਸਰਨਾ ਦੀ ਬੋਰਡ ਵਿੱਚ ਸ਼ਮੂਲੀਅਤ ਨੂੰ ਯੂਨੀਵਰਸਿਟੀ ਵੱਲੋਂ ਸਿੱਖ ਭਾਈਚਾਰੇ ਦੇ ਤਜਰਬੇਕਾਰ ਆਗੂਆਂ ਅਤੇ ਕੌਮਾਂਤਰੀ ਪੱਧਰ 'ਤੇ ਸਰਗਰਮ ਪਰਉਪਕਾਰੀ ਸ਼ਖਸੀਅਤਾਂ ਨਾਲ ਆਪਣੇ ਸੰਪਰਕ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਦੇਖਿਆ ਜਾ ਰਿਹਾ ਹੈ।

# ਪੇਂਡੂ ਮਜ਼ਦੂਰ ਯੂਨੀਅਨ ਨੇ ਝਾੜੂ ਫ਼ੂਕ ਕੇ ਕੀਤੀ ਨਾਅਰੇਬਾਜ਼ੀ

**ਟਾਂਡਾ, ਹੁਸ਼ਿਆਰਪੁਰ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਰਵਿੰਦਰ ਸਿੰਘ ਝੋਟੇ ਕਤਲ ਮਾਮਲੇ ਚ ਇਨਸਾਫ਼ ਦਿਵਾਉਣ ਲਈ ਬਣੀ ਐਕਸ਼ਨ ਕਮੇਟੀ ਵਲੋਂ ਦਿੱਤੇ ਸੱਦੇ ਤਹਿਤ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਨੇ ਐਤਵਾਰ ਨੂੰ ਪਿੰਡ ਟਾਹਲੀ ਵਿਖੇ ਪੰਜਾਬ ਦੀ ਸੱਤਾਧਾਰੀ ਆਮ ਆਦਮੀ ਪਾਰਟੀ ਦਾ ਚੋਣ ਨਿਸ਼ਾਨ ਝਾੜੂ ਸਾੜ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਮੌਕੇ ਪੇਂਡੂ ਮਜ਼ਦੂਰਾਂ ਵਲੋਂ ਮੰਗ ਕੀਤੀ ਗਈ ਕਿ ਪਰਵਿੰਦਰ ਸਿੰਘ ਝੋਟੇ ਦੇ ਕਤਲ ਲਈ ਜ਼ਿੰਮੇਵਾਰ ਮੁੱਖ ਮੰਤਰੀ ਤੇ ਡੀਜੀਪੀ ਪੰਜਾਬ ਤੁਰੰਤ ਅਸਤੀਫ਼ਾ ਦੇਣ, ਸਬੰਧਤ ਪੁਲਿਸ ਅਧਿਕਾਰੀਆਂ ਤੇ ਡਰੱਗ ਅਫਸਰਾਂ ਨੂੰ ਕੇਸ ਚ ਨਾਮਜ਼ਦ ਕਰਕੇ ਉਹਨਾਂ ਨੂੰ ਡਿਸਮਿਸ ਕੀਤਾ ਜਾਵੇ, ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕੀਤਾ ਜਾਵੇ, ਨਸ਼ਾ ਸਮੱਗਲਰ, ਪੁਲਿਸ ਅਤੇ ਹਾਕਮ ਧਿਰਾਂ ਦੇ ਸਿਆਸਤਦਾਨਾਂ ਦੇ ਅਧਾਰਿਤ ਗੱਠਜੋੜ ਖਿਲਾਫ਼ ਠੋਸ ਕਾਰਵਾਈ ਕੀਤੀ ਜਾਵੇ ਅਤੇ ਪਰਵਿੰਦਰ ਸਿੰਘ ਝੋਟੇ ਦਾ ਪੋਸਟਮਾਰਟਮ ਪੀਜੀਆਈ ਦੇ ਡਾਕਟਰਾਂ ਤੋਂ ਕਰਵਾਇਆ ਜਾਵੇ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂਆਂ ਨੇ ਦੋਸ਼ ਲਗਾਇਆ ਕਿ ਦੋ ਹਫ਼ਤੇ ਤੋਂ ਪਰਵਿੰਦਰ ਸਿੰਘ ਝੋਟੇ ਦੀ ਮ੍ਰਿਤਕ ਦੇਹ ਰੱਖ ਕੇ ਉਸਦਾ ਪਰਿਵਾਰ ਅਤੇ ਹੋਰ ਲੋਕ ਇਨਸਾਫ਼ ਦੀ ਮੰਗ ਕਰ ਰਹੇ ਹਨ ਪ੍ਰੰਤੂ ਸਰਕਾਰ ਟੱਸ ਤੋਂ ਮੱਸ ਨਹੀਂ ਹੋ ਰਹੀ। ਉਨ੍ਹਾਂ ਕਿਹਾ ਕਿ ਨਸ਼ਾ ਸਮੱਗਲਰ, ਪੁਲਿਸ ਅਤੇ ਹਾਕਮ ਧਿਰਾਂ ਦੇ ਸਿਆਸਤਦਾਨਾਂ ਦੇ ਗੱਠਜੋੜ ਦੇ ਇਸ਼ਾਰੇ ਉੱਤੇ ਪਰਵਿੰਦਰ ਸਿੰਘ ਝੋਟੇ ਦੇ ਇਨਸਾਫ਼ ਲਈ ਪੰਜਾਬ ਦੇ ਲੋਕ ਸੜਕਾਂ ਉੱਤੇ ਰੁਲ਼ ਰਹੇ ਹਨ ਅਤੇ ਸੂਬੇ ਦਾ ਮੁੱਖ ਵਿਦੇਸ਼ੀ ਯਾਤਰਾਂ ਕਰ ਰਿਹਾ ਹੈ ਅਤੇ ਇਸ ਮਸਲੇ ਨੂੰ ਪੂਰੀ ਤਰ੍ਹਾਂ ਅੱਖੋਂ ਪਰੋਖੇ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਅਜਲਾਸ ਵਿੱਚ ਲੋਕਾਂ ਦੇ ਅੱਖੀਂ ਘੱਟਾ ਪਾਉਣ ਲਈ ਪਰਵਿੰਦਰ ਸਿੰਘ ਝੋਟੇ ਨੂੰ ਸ਼ਰਧਾਂਜਲੀ ਦੇਣ ਤੋਂ ਇਲਾਵਾ ਨਸ਼ਿਆਂ ਦੇ ਮਸਲੇ ਉੱਤੇ ਚਰਚਾ ਤੱਕ ਕਰਵਾਉਣੀ ਵੀ ਜ਼ਰੂਰੀ ਨਹੀਂ ਸਮਝੀ ਗਈ। ਵਿਧਾਨ ਸਭਾ ਅਜਲਾਸ ਵਿੱਚ ਲੋਕਾਂ ਦੇ ਟੈਕਸਾਂ ਦੀ ਕਮਾਈ ਦਾ ਕਰੋੜਾਂ ਰੁਪਏ ਖਰਚ ਕਰਕੇ ਬੇਫਜ਼ੂਲ ਰੌਲੇ ਰੱਪੇ ਤੋਂ ਇਲਾਵਾ ਲੋਕ ਹਿਤਾਂ ਲਈ ਧੇਲੇ ਦਾ ਕੰਮ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਦਲਦਲ ਵਿੱਚ ਬੇਰੁਜ਼ਗਾਰੀ ਦੇ ਸਤਾਏ ਨੌਜਵਾਨ ਫ਼ਸੇ ਹੋਏ ਹਨ। ਬੇਰੁਜ਼ਗਾਰੀ ਲਈ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਜ਼ਿੰਮੇਵਾਰ ਹਨ। ਬੇਰੁਜ਼ਗਾਰੀ ਦੇ ਖਾਤਮੇ ਲਈ ਲੋਕ ਵਿਰੋਧੀ ਨੀਤੀਆਂ ਨੂੰ ਰੱਦ ਕਰਨ ਅਤੇ ਰੁਜ਼ਗਾਰ ਦੇ ਵਸੀਲੇ ਪੈਦਾ ਕਰਨ ਲਈ ਖੇਤੀ ਖ਼ੇਤਰ ਨੂੰ ਪੈਰਾਂ ਸਿਰ ਕੀਤਾ ਜਾਵੇ, ਕਾਰਪੋਰੇਟ ਦੀ ਦਖ਼ਲਅੰਦਾਜ਼ੀ ਖ਼ਤਮ ਕੀਤੀ ਜਾਵੇ,ਖੇਤੀ ਅਧਾਰਿਤ ਸਨਅਤ ਲਗਾਈ ਜਾਵੇ ਅਤੇ ਪਬਲਿਕ,ਸਰਕਾਰੀ ਅਦਾਰਿਆਂ ਚ ਪੱਕੀ ਭਰਤੀ ਸ਼ੁਰੂ ਕੀਤੀ ਜਾਵੇ।

ਆਵਾਜ਼ਿ ਕੌਮ AWAZE QAUM

### ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਖੁਰਦ ਦੀ

# ਕਵੀਸ਼ਰੀ ਟੀਮ ਨੇ ਹਾਸਲ ਕੀਤਾ ਪਹਿਲਾ ਸਥਾਨ



**ਚੌਕ ਮਹਿਤਾ,26 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਖੁਰਦ ਦੀਆਂ ਟੀਮਾਂ ਨੇ ਮਿਤੀ 24 ਅਕਤੂਬਰ 2026 ਨੂੰ ਗੁਰੂ ਨਾਨਕ ਦੇਵ ਅਕੈਡਮੀ, ਝਬਾਲ ਰੋਡ, ਤਰਨ ਤਾਰਨ ਵਿਖੇ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ ਸਾਲਾਨਾ ਗੁਰਬਾਣੀ ਕੀਰਤਨ ਅਤੇ ਕਵੀਸ਼ਰੀ ਗਾਇਨ ਮੁਕਾਬਲਿਆਂ ਵਿੱਚ ਭਾਗ ਲਿਆ। ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਜ਼ਿਲ੍ਹਿਆਂ ਤੋਂ ਤਕਰੀਬਨ 16 ਟੀਮਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸਕੂਲ ਦੀਆਂ ਟੀਮਾਂ ਨੇ ਗੁਰਬਾਣੀ ਕੀਰਤਨ ਅਤੇ ਕਵੀਸ਼ਰੀ ਗਾਇਨ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੀ ਕਵੀਸ਼ਰੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ। ਵਿਦਿਆਰਥੀਆਂ ਦੀ ਇਸ ਪ੍ਰਾਪਤੀ ਨਾਲ ਸਕੂਲ ਅਤੇ ਸਮੁੱਚੇ ਇਲਾਕੇ ਦਾ ਮਾਣ ਵਧਿਆ।ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ ਅਤੇ ਉਨ੍ਹਾਂ ਦੀ ਮਿਹਨਤ ਤੇ ਲਗਨ ਦੀ ਸ਼ਲਾਘਾ ਕੀਤੀ ਗਈ। ਇਨ੍ਹਾਂ ਮੁਕਾਬਲਿਆਂ ਦਾ ਉਦੇਸ਼ ਵਿਦਿਆਰਥੀਆਂ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਗੁਰਮਤਿ ਸੱਭਿਆਚਾਰ ਨਾਲ ਜੋੜਨਾ ਅਤੇ ਉਨ੍ਹਾਂ ਅੰਦਰ ਛੁਪੀ ਪ੍ਰਤਿਭਾ ਨੂੰ ਨਿਖਾਰਨਾ ਹੈ। ਸਕੂਲ ਦੀ ਕਵੀਸ਼ਰੀ ਟੀਮ ਵੱਲੋਂ ਪ੍ਰਾਪਤ ਕੀਤੀ ਇਸ ਸਫ਼ਲਤਾ ਨੇ ਵਿਦਿਆਰਥੀਆਂ ਵਿੱਚ ਹੋਰ ਮਿਹਨਤ ਕਰਨ ਅਤੇ ਭਵਿੱਖ ਵਿੱਚ ਵੀ ਅਜਿਹੇ ਧਾਰਮਿਕ ਤੇ ਸੱਭਿਆਚਾਰਕ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਉਤਸ਼ਾਹ ਪੈਦਾ ਕੀਤਾ।ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਕਵੀਸ਼ਰੀ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਨਾ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਬੱਚਿਆਂ ਨੂੰ ਗੁਰਮਤਿ, ਸਿੱਖ ਵਿਰਸੇ ਅਤੇ ਧਾਰਮਿਕ ਸੱਭਿਆਚਾਰ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਟੀਮ ਭਾਵਨਾ ਦਾ ਵਿਕਾਸ ਕਰਦੇ ਹਨ। ਉਨ੍ਹਾਂ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੀ ਤਿਆਰੀ ਕਰਵਾਉਣ ਵਾਲੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਸਕੂਲ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮਿਊਜ਼ਿਕ ਟੀਚਰ ਗੁਰਮੁਖ ਸਿੰਘ,ਮਨਦੀਪ ਕੌਰ ਮੈਡਮ, ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਕੌਰ, ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

### ਸਕੂਲੀ ਬੱਚਿਆਂ ਨੂੰ

# ਨਸ਼ਿਆਂ ਤੋਂ ਦੂਰ ਰਹਿਣ ਦਾ ਦਿਵਾਇਆ ਪ੍ਰਣ—ਪੀ.ਸੀ ਕੁਮਾਰ




ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ) :— ਐਸ.ਬੀ.ਐਸ ਮੈਮੋਰੀਅਲ ਪਬਲਿਕ ਸਕੂਲ ਅਤੇ ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ ਅਟਾਰੀ ਵਿਚ ਭਗਵਾਨ ਵਾਲਮੀਕਿ ਜਯੰਤੀ ਅਤੇ ਗੁਰੂ ਰਾਮਦਾਸ ਜਯੰਤੀ ਤੇ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਦਾ ਦਿਵਾਇਆ ਪ੍ਰਣ। ਅੱਜ ਇਹ ਦਿਨ ਬੱਚਿਆਂ, ਟੀਚਰਾਂ, ਮਾਪਿਆਂ ਵੱਲੋਂ ਮਿਲ ਕੇ ਜਿਥੇ ਸਦਭਾਵਨਾ ਪ੍ਰਭੂ, ਦੇਸ਼ ਭਗਤੀ, ਜਾਤ ਪਾਤ, ਊਚ ਨੀਚ ਤੋਂ ਉਪਰ ਉਠ ਮਾਨਸ ਕੀ ਜਾਤ ਸਭੈ ਕੋ ਪਹਿਚਾਨਬੋ ਦੇ ਮੱਦੇਨਜ਼ਰ ਨਸ਼ੇ ਕੁਲ ਜਹਾਨ ਦੇ ਉਤਰ ਜਾਨੇ ਪ੍ਰਭਾਤ ਨਾਮ ਖੁਮਾਰੀ ਨਾਨਕਾ ਚੜ੍ਹੀ ਰਹੇ ਦਿਨ ਰਾਤ ਵੱਲ ਧਿਆਨ ਦਿਵਾਉਂਦੇ ਸ੍ਰੀ ਪ੍ਰਕਾਸ਼ ਚੰਦ ਕੁਮਾਰ ਸੀਨੀਅਰ ਸਿਟੀਜਨ, ਸਮਾਜ ਸੇਵੀ ਸੰਸਥਾਵਾਂ ਖਾਸ ਤੌਰ ਤੇ ਸਦਾਵਰਤ ਪੰਚਾਇਤੀ ਦੇ ਮੁੱਖ ਕਾਰਜਕਰਤਾ ਸਮਾਜ ਸੇਵਕ ਦੇ ਨਾਲ—ਨਾਲ ਸੁਧਾਰਕ ਹੀ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਵੱਲੋਂ ਪਹਿਲਾਂ ਦੀ ਤਰ੍ਹਾਂ ਜੋ ਅਰਸਾ ਦਾਰਾਜ 50 ਸਾਲਾਂ ਤੋਂ ਪਹਿਲਾ ਬੱਚਿਆਂ ਦੇ ਮਾਪੇ ਕੁਝ ਦਿਨ ਦੋ ਦਾਦਿਆਂ ਨੂੰ ਜਿਥੇ ਸਿਹਤ ਸੇਵਾਵਾਂ ਪ੍ਰਦਾਨ ਕਰਦੇ ਆ ਰਹੇ ਹਨ, ਅੱਜ ਇਨ੍ਹਾਂ ਬੱਚਿਆਂ ਨੂੰ ਜੋ ਨਸ਼ੇ ਹੀ ਨਹੀਂ ਦੂਜੀਆਂ ਸਰੀਰਕ ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ ਤੋਂ ਬੱਚੇ ਹੋਏ ਹਨ, ਉਨ੍ਹਾਂ ਨੂੰ ਬਚੇ ਰਹਿਣ ਦਾ ਹਲਫ ਦਿਵਾਇਆ, ਨਾਲ ਹੀ ਇਨ੍ਹਾਂ ਹੀ ਨਹੀਂ ਸਾਰੇ ਸਰਕਾਰੀ, ਅਰਧ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੀ ਮੈਨੇਜਮੈਂਟ, ਹੈਡ ਤੇ ਟੀਚਰਾਂ ਨੂੰ ਇਸ ਗੱਲ ਤੇ ਜ਼ੋਰ ਦਿੱਤਾ ਚੰਗੇ ਸਕੂਲਾਂ ਦੇ ਸਟਾਫ ਨੂੰ ਜੋ ਮਹਾਂਪੁਰਸ਼ ਦੇ ਸ਼ਬਦ ਔਪਨ ਦੀ ਸਕੂਲ ਕੋਲ ਜਿਜ ਦੀ ਜੇਲੋ ਯਾਦ ਕਰਾਉਂਦੇ ਐਸ.ਬੀ.ਐਸ ਸਕੂਲ ਦੀ ਮੈਨੇਜਮੈਂਟ ਰਾਕੇਸ਼ ਅਰੋੜਾ, ਮਿਸ ਨੀਤੂ ਚੋਪੜਾ ਤੇ ਸਰਕਾਰੀ ਸਕੂਲ ਦੇ ਪ੍ਰਿੰਸੀਪਲ ਸਟਾਫ ਮਾਪਿਆਂ ਬੱਚਿਆਂ ਵੱਲੋਂ ਪ੍ਰਣ ਤੇ ਉਨ੍ਹਾਂ ਵੱਲੋਂ ਪੀ.ਸੀ ਕੁਮਾਰ ਦਾ ਧੰਨਵਾਦ ਕੀਤਾ।

# ਪਿੰਡ ਰੁਲਦੂ ਸਿੰਘ ਵਾਲਾ ਵਿਖੇ ਪਹਿਲਾ ਕਬੱਡੀ ਟੂਰਨਾਮੈਂਟ ਕਰਵਾਇਆ

## ਓ.ਐਸ.ਡੀ. ਸੁਖਵੀਰ ਸਿੰਘ ਨੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਦਾ ਸੱਦਾ ਦਿੱਤਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਹਲਕੇ ਦੇ ਪਿੰਡ ਰੁਲਦੂ ਸਿੰਘ ਵਾਲਾ ਵਿਖੇ ਧੰਨ-ਧੰਨ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਪਹਿਲਾ ਕਬੱਡੀ ਟੂਰਨਾਮੈਂਟ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਕਰਵਾਇਆ ਗਿਆ। ਇਸ ਖੇਡ ਮੇਲੇ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਖੇਡ ਮੁਕਾਬਲਿਆਂ ਦਾ ਆਨੰਦ ਮਾਣਿਆ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਅਤੇ ਨੌਜਵਾਨ ਆਗੂ ਗਗਨ ਜਵੰਧਾ ਵੀ ਮੌਜੂਦ ਸਨ। ਇਸ ਮੌਕੇ ਸੰਬੋਧਨ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਬਪੱਖੀ ਵਿਕਾਸ, ਸਰੀਰਕ ਤੰਦਰੁਸਤੀ ਅਤੇ ਅਨੁਸ਼ਾਸਨ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਕਬੱਡੀ ਪੰਜਾਬ ਦੀ ਅਮੀਰ ਵਿਰਾਸਤ ਅਤੇ ਪੇਂਡੂ ਸੱਭਿਆਚਾਰ ਦਾ ਅਹਿਮ ਹਿੱਸਾ ਹੈ, ਜਿਸ ਨੇ ਪੰਜਾਬ ਦੇ ਖਿਡਾਰੀਆਂ ਨੂੰ ਦੇਸ਼-ਵਿਦੇਸ਼ ਵਿੱਚ ਵਿਸ਼ੇਸ਼ ਪਛਾਣ ਦਿਵਾਈ ਹੈ। ਅਜਿਹੇ ਖੇਡ ਟੂਰਨਾਮੈਂਟ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਟੀਮ ਭਾਵਨਾ, ਮਿਹਨਤ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਹਿੱਸਾ ਲੈਣ ਅਤੇ ਆਪਣੀ ਪ੍ਰਤਿਭਾ ਨੂੰ ਹੋਰ ਨਿਖਾਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਸੰਗਰੂਰ ਦੇ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਪਿੰਡ ਪੱਧਰ 'ਤੇ ਅਜਿਹੇ ਖੇਡ ਮੇਲਿਆਂ ਦਾ ਆਯੋਜਨ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਲਈ ਵਧੀਆ ਮੰਚ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਪੇਂਡੂ ਖੇਤਰਾਂ ਵਿੱਚ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੋੜਨ ਦਾ ਪ੍ਰਭਾਵਸ਼ਾਲੀ ਸਾਧਨ ਹਨ। ਇਹ ਖੇਡ ਮੇਲਾ ਸ਼ਹੀਦ ਊਧਮ ਸਿੰਘ ਸਪੋਰਟਸ ਕਲੱਬ, ਸਮੂਹ ਨਗਰ ਪੰਚਾਇਤ ਅਤੇ ਪਿੰਡ ਰੁਲਦੂ ਸਿੰਘ ਵਾਲਾ ਦੇ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਟੂਰਨਾਮੈਂਟ ਦੌਰਾਨ ਖਿਡਾਰੀਆਂ ਨੇ ਪੂਰੇ ਜੋਸ਼ ਅਤੇ ਖੇਡ ਭਾਵਨਾ ਨਾਲ ਆਪਣੀ ਖੇਡ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ ਹਾਜ਼ਰ ਸਨ।

# ਆਧੁਨਿਕ ਯੁੱਗ ਵਿੱਚ ਨੌਜਵਾਨ ਧੀਆਂ—ਭੈਣਾਂ ਨਾਲ ਅਜਿਹਾ ਬੁਰਾ ਸਲੂਕ ਅੱਜ ਵੀ ਕਿਉਂ—ਇੰਜ ਸੁਰਿੰਦਰ ਸਿੰਘ ਭਿੰਡਰ

**ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ) :**— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਬਾਬਾ ਸਾਹਿਬ ਨੇ ਔਰਤ ਵਰਗ ਨੂੰ ਭਾਰਤੀ ਸੰਵਿਧਾਨ ਰਾਹੀਂ ਵਿਸ਼ੇਸ਼ ਅਧਿਕਾਰ ਲੈਕੇ ਦਿੱਤੇ। ਇਸ ਤੋਂ ਪਹਿਲਾਂ ਔਰਤਾਂ ਨੂੰ ਮਰਦਾਂ ਦੇ ਬਰਾਬਰ ਸਮਾਜਿਕ, ਆਰਥਿਕ ਤੇ ਧਾਰਮਿਕ ਅਧਿਕਾਰਾਂ ਤੋਂ ਵਾਂਝਾ ਰੱਖਿਆ ਹੋਇਆ ਸੀ, ਸੰਵਿਧਾਨ ਲਾਗੂ ਹੋਣ ਉਪਰੰਤ ਔਰਤ ਵਰਗ ਨੂੰ ਵਿਸ਼ੇਸ਼ ਹੱਕ ਮਿਲਣ ਲੱਗੇ ਅਤੇ ਔਰਤਾਂ ਦੇਸ਼ ਦੇ ਅਤਿ ਮਹੱਤਵਪੂਰਨ ਅਹੁਦਿਆਂ ਜਿਵੇਂ ਕਿ ਰਾਸ਼ਟਰਪਤੀ, ਪ੍ਰਧਾਨ ਮੰਤਰੀ, ਮੰਤਰੀ, ਸੀ.ਐਮ, ਡੀ.ਐਮ, ਡਾਕਟਰ, ਇੰਜੀਨੀਅਰ ਅਤੇ ਪੁਲਿਸ ਪ੍ਰਸ਼ਾਸਨ ਤੇ ਬਿਰਾਜਮਾਨ ਹੋਣ ਲੱਗੀਆਂ, ਇਹ ਉਨਾਂ ਲਈ ਬੜੀ ਫ਼ਖ਼ਰ ਵਾਲੀ ਗੱਲ ਸੀ। ਗੱਲਬਾਤ ਕਰਦਿਆਂ ਇੰਜ. ਭਿੰਡਰ ਨੇ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੇ ਮੁੱਖੀ ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਨੂੰ ਲੈਕੇ ਦੇਸ਼ ਦੀ ਰਾਜਧਾਨੀ ਦਿੱਲੀ ਵਿਚ ਨੌਜਵਾਨ ਲੜਕੇ ਅਤੇ ਲੜਕੀਆਂ ਨੇ ਜ਼ੋਰਦਾਰ ਪ੍ਰਦਰਸ਼ਨ ਸ਼ੁਰੂ ਕੀਤਾ, ਇਸ ਪ੍ਰਦਰਸ਼ਨ ਦੌਰਾਨ ਦਿੱਲੀ ਦੀਆਂ ਸੜਕਾਂ ਤੇ ਨੌਜਵਾਨ ਧੀਆਂ ਭੈਣਾਂ ਦੇ ਜਿਸਮ ਨੂੰ ਬੁਰੀ ਨਜ਼ਰ ਨਾਲ ਛੂੰਹਦੇ ਤੇ ਘਸੀਟਦੇ ਪੁਲਿਸ ਬਲਾਂ ਦੇ ਜਵਾਨਾਂ ਦੀਆਂ ਵੀਡੀਓਜ਼ ਸਾਰੀ ਦੁਨੀਆਂ ਨੇ ਦੇਖੀਆਂ, ਜਿਸ ਨਾਲ ਹਰ ਇਨਸਾਨ ਦਾ ਸਿਰ ਸ਼ਰਮ ਨਾਲ ਝੁੱਕ ਗਿਆ, ਪਰ ਦਿੱਲੀ ਦੀ ਬੀਜੇਪੀ ਸਰਕਾਰ ਨੂੰ ਇਸ ਭੇੜੇ ਵਰਤਾਰੇ ਨੂੰ ਵੇਖ ਕੇ ਭੋਰਾ ਵੀ ਸ਼ਰਮ ਨਾ ਆਈ ਉਨ੍ਹਾਂ ਕਿਹਾ ਕਿ ਦਰਅਸਲ ਇਸ ਬੁਰੇ ਵਰਤਾਰੇ ਦੀਆਂ ਜੜਾਂ ਮਨੂੰਵਾਦੀ ਵਿਚਾਰਧਾਰਾ ਵਿੱਚ ਮੌਜੂਦ ਹਨ ਅਤੇ ਧੀਆਂ ਭੈਣਾਂ ਅਸਤੀਫ਼ਾ ਮੰਗਣ ਵਰਗੇ ਫ਼ੈਸਲੇ ਆਪਣੇ ਆਪ ਖੁਦ ਲੈਣ ਮਨੂੰਵਾਦੀ ਸੋਚ ਵਾਲੇ ਸੱਤਾ ਤੇ ਬੈਠੇ ਲੋਕ ਕਿਵੇਂ ਬਰਦਾਸ਼ਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸੱਤਾ ਤੇ ਬਿਰਾਜਮਾਨ ਨੇਤਾ ਮਹਾਂਰਿਸ਼ੀ ਮਨੂੰ ਦੀ ਸੋਚ ਤੋਂ ਪ੍ਰੇਰਿਤ ਹਨ, ਜਿਸ ਨੇ ਮਨੂੰ ਸਿਮਰਤੀ ਵਿਚ ਕਿਹਾ ਕਿ ਔਰਤ ਅਜ਼ਾਦ ਹਸਤੀ ਰੱਖਣ ਦੇ ਯੋਗ ਨਹੀਂ, ਔਰਤ ਨੂੰ ਬਚਪਨ ਵਿਚ ਬਾਪ, ਜਵਾਨੀ ਵਿਚ ਪਤੀ ਅਤੇ ਬੁਢਾਪੇ ਵਿਚ ਪੁੱਤਰ ਦੇ ਅਧੀਨ ਰਹਿਣਾ ਹੋਵੇਗਾ ਅਤੇ ਔਰਤ ਕੋਈ ਵੀ ਫੈਸਲਾ ਆਜਾਦਾਨਾ ਤੌਰ ਤੇ ਨਹੀਂ ਲੈ ਸਕਦੀ। ਉਸ ਨੂੰ ਆਪਣੇ ਪਰਿਵਾਰ ਦੇ ਮਰਦ ਜੀਆਂ ਦਾ ਪਾਲਣ ਕਰਨਾ ਚਾਹੀਦਾ ਹੈ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਕਿਹਾ ਕਿ ਸਾਡਾ ਸਮਾਜ ਸੁਚੇਤ ਤੇ ਅਚੇਤ ਰੂਪ ਵਿੱਚ ਇਸ ਮਨੂੰਵਾਦੀ ਸੋਚ ਤੋਂ ਪ੍ਰਭਾਵਿਤ ਹੈ। ਇਸ ਤੋਂ ਇਲਾਵਾ ਹਕੂਮਤ ਜਿਸ ਅਵਾਜ਼ ਤੋਂ ਡਰਦੀ ਹੈ, ਉਹ ਹਰ ਤਰੀਕਾ ਵਰਤ ਕੇ ਉਸ ਅਵਾਜ਼ ਨੂੰ ਚੁੱਪ ਕਰਾਉਣਾ ਚਾਹੁੰਦੀ ਹੈ।ਹੁਣ ਧੀਆਂ ਨੇ ਆਪਣੇ ਹੱਕਾਂ ਅਤੇ ਅਧਿਕਾਰਾਂ ਦੀ ਪਹਿਚਾਣ ਚੰਗੀ ਤਰਾਂ ਕਰ ਲਈ ਹੈ, ਉਹ ਹੁਣ ਡਰਦੀਆਂ ਨਹੀਂ ਤਾਂ ਹੀ ਵੱਡੀ ਗਿਣਤੀ ਵਿਚ ਧੀਆਂ ਭੈਣਾਂ ਅਵਾਜ਼ ਬੁਲੰਦ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਔਰਤਾਂ ਵਿਚ ਵੱਧ ਰਹੀ ਜਾਗਰੂਕਤਾ ਅਤੇ ਨਿਡਰਤਾ, ਸੁਰੱਖਿਆ ਬਲਾਂ ਵੱਲੋਂ ਧੀਆਂ ਭੈਣਾਂ ਨਾਲ ਕੀਤਾ ਦੁਰਵਿਵਹਾਰ ਵੀ ਉਨਾਂ ਨੂੰ ਪ੍ਰੇਸ਼ਾਨ ਨਹੀਂ ਕਰਦਾ, ਅੱਜ ਔਰਤ ਵਰਗ ਪੂਰੀ ਦ੍ਰਿੜਤਾ ਨਾਲ ਮਰਦ ਨੂੰ ਬਰਾਬਰ ਦੀ ਟੱਕਰ ਦੇ ਰਿਹਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਲਿਵਰ ਦੀਆਂ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਲਈ

# ਅਮਨਦੀਪ ਹਸਪਤਾਲ ਵੱਲੋਂ ਮੁਫ਼ਤ ਫਾਈਬਰੋ ਸਕੈਨ ਕੈਂਪ



**ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ)** :— ਅਮਨਦੀਪ ਹਸਪਤਾਲ ਵਿਖੇ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਅਤੇ ਮਯੰਕ ਫਾਊਂਡੇਸ਼ਨ ਫਿਰੋਜ਼ਪੁਰ ਦੇ ਸਮਰਥਨ ਨਾਲ ਮੁਫ਼ਤ ਫਾਈਬਰੋ ਸਕੈਨ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਵੱਡੀ ਗਿਣਤੀ ਲੋਕਾਂ ਨੇ ਪਹੁੰਚ ਕੇ ਲਿਵਰ ਦੀ ਜਾਂਚ ਕਰਵਾਈ ਅਤੇ ਮਾਹਿਰ ਡਾਕਟਰਾਂ ਤੋਂ ਸਿਹਤ ਸਬੰਧੀ ਸਲਾਹ ਪ੍ਰਾਪਤ ਕੀਤੀ। ਕੈਂਪ ਦਾ ਉਦਘਾਟਨ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਅਤੇ ਮਯੰਕ ਫਾਊਂਡੇਸ਼ਨ ਦੇ ਮੈਂਬਰਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇ ਇਸ ਕੈਂਪ ਵਿੱਚ ਇੰਟਰਨਲ ਮੈਡੀਸਨ ਵਿਭਾਗ ਦੇ ਡਾ: ਚਰਨਜੀਤ ਸਿੰਘ ਅਤੇ ਡਾ: ਪ੍ਰਦੀਪ ਕੁਮਾਰ ਮਿੱਤਲ ਨੇ ਮਰੀਜ਼ਾਂ ਦੀ ਜਾਂਚ ਕੀਤੀ। ਉਨ੍ਹਾਂ ਲੋਕਾਂ ਨੂੰ ਲਿਵਰ ਦੀਆਂ ਬਿਮਾਰੀਆਂ ਤੋਂ ਬਚਾਅ, ਸੰਤੁਲਿਤ ਖ਼ੁਰਾਕ ਅਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਡਾਕਟਰਾਂ ਨੇ ਕਿਹਾ ਕਿ ਬਦਲਦੇ ਖਾਣ—ਪੀਣ ਦੇ ਢੰਗ, ਸਰੀਰਕ ਗਤੀਵਿਧੀਆਂ ਦੀ ਘਾਟ ਅਤੇ ਅਨਿਯਮਿਤ ਜੀਵਨਸ਼ੈਲੀ ਕਾਰਨ ਫੈਟੀ ਲਿਵਰ ਸਮੇਤ ਲਿਵਰ ਦੀਆਂ ਹੋਰ ਬਿਮਾਰੀਆਂ ਦੇ ਮਾਮਲੇ ਵਧ ਰਹੇ ਹਨ ਅਤੇ ਕਈ ਵਾਰ ਸ਼ੁਰੂਆਤੀ ਪੜਾਅ ਵਿੱਚ ਬਿਮਾਰੀ ਦੇ ਲੱਛਣ ਸਪਸ਼ਟ ਨਹੀਂ ਹੁੰਦੇ, ਇਸ ਲਈ ਸਮੇਂ ਸਿਰ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਹੈ। ਹਸਪਤਾਲ ਪ੍ਰਬੰਧਕਾਂ ਅਨੁਸਾਰ ਆਮ ਤੌਰ ਤੇ ਲਗਭਗ 4000 ਰੁਪਏ ਦੀ ਲਾਗਤ ਵਾਲੀ ਫਾਈਬਰੋ ਸਕੈਨ ਜਾਂਚ ਇਸ ਕੈਂਪ ਦੌਰਾਨ ਬਿਲਕੁਲ ਮੁਫ਼ਤ ਕੀਤੀ ਗਈ। ਜਾਂਚ ਲਈ ਆਧੁਨਿਕ ਏਆਈ ਆਧਾਰਿਤ ਈਕੋਸੈਂਸ ਮਿਨੀਲ਼ 430 ਮਸ਼ੀਨ ਦੀ ਵਰਤੋਂ ਕੀਤੀ ਗਈ ਅਤੇ ਇਹ ਜਾਂਚ ਬਿਨਾਂ ਕਿਸੇ ਸਰਜਰੀ ਦੇ ਲਿਵਰ ਵਿੱਚ ਚਰਬੀ ਦੀ ਮਾਤਰਾ ਅਤੇ ਉਸ ਦੀ ਕਠੋਰਤਾ ਦਾ ਅੰਦਾਜ਼ਾ ਲਗਾਉਣ ਵਿੱਚ ਮਦਦ ਕਰਦੀ ਹੈ, ਜਿਸ ਨਾਲ ਬਿਮਾਰੀ ਦੀ ਪਛਾਣ ਕਰਕੇ ਅਗਲੇ ਇਲਾਜ ਦੀ ਯੋਜਨਾ ਬਣਾਉਣ ਵਿੱਚ ਸਹਾਇਤਾ ਮਿਲਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਮਰੀਜ਼ਾਂ ਨੂੰ ਲਿਵਰ ਦੀ ਸਿਹਤ ਪ੍ਰਤੀ ਜਾਗਰੂਕ ਕਰਨਾ ਸਮੇਂ ਦੀ ਲੋੜ—ਡਾ: ਅਭਿਸ਼ੇਕ ਅਰੋੜਾ

ਇਸ ਮੌਕੇ ਅਮਨਦੀਪ ਹਸਪਤਾਲ ਦੀ ਡਾਇਰੈਕਟਰ ਅਮਨਦੀਪ ਕੌਰ ਨੇ ਕਿਹਾ ਕਿ ਲਿਵਰ ਸਰੀਰ ਦਾ ਇੱਕ ਮਹੱਤਵਪੂਰਨ ਅੰਗ ਹੈ ਅਤੇ ਇਸ ਦੀ ਸਿਹਤ ਪ੍ਰਤੀ ਲਾਪਰਵਾਹੀ ਨਹੀਂ ਵਰਤਣੀ ਚਾਹੀਦੀ। ਉਨ੍ਹਾਂ ਕਿਹਾ ਕਿ ਮੁਫ਼ਤ ਜਾਂਚ ਕੈਂਪਾਂ ਰਾਹੀਂ ਲੋਕਾਂ ਨੂੰ ਆਧੁਨਿਕ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ—ਨਾਲ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕ ਕਰਨਾ ਵੀ ਹਸਪਤਾਲ ਦੀ ਪਹਿਲ ਹੈ। ਉਨ੍ਹਾਂ ਅਪੀਲ ਕੀਤੀ ਕਿ ਸਿਹਤ ਸਬੰਧੀ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ ਅਤੇ ਸਮੇਂ—ਸਮੇਂ ਤੇ ਮਾਹਿਰ ਡਾਕਟਰਾਂ ਦੀ ਸਲਾਹ ਲੈਣੀ ਯਕੀਨੀ ਬਣਾਈ ਜਾਵੇ ਤਾਂ ਜੋ ਬਿਮਾਰੀ ਦੇ ਲੱਛਣਾਂ ਨੂੰ ਭਾਂਪਦੇ ਹੋਏ ਤੁਰੰਤ ਇਲਾਜ ਕੀਤਾ ਜਾ ਸਕੇ।

### ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ

# ਪੰਜਾਬ ਸਰਕਾਰ ਲੋਕਾਂ ਨੂੰ ਘਰਾਂ ਦੇ ਮਾਲਕੀ ਹੱਕ ਦੇਣ ਲਈ ਵਚਨਬੱਧ: ਦਲਵੀਰ ਸਿੰਘ ਢਿੱਲੋਂ




**ਧੂਰੀ (ਰਣਜੀਤ ਸਿੰਘ ਪੇਧਨੀ)** -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਦੇਣ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਮੇਰਾ ਘਰ, ਮੇਰੇ ਨਾਮ' ਸਕੀਮ ਤਹਿਤ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਅੱਜ ਪਿੰਡ ਬਠੂਹਾ ਵਿਖੇ 107 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ। ਇਸ ਤਹਿਤ ਕੁੱਲ 140 ਕਨਾਲ ਰਕਬੇ ਦੇ ਪ੍ਰਾਪਰਟੀ ਕਾਰਡ ਵੰਡੇ ਗਏ, ਜਿਸ ਨਾਲ ਪਿੰਡ ਦੇ ਵੱਡੀ ਗਿਣਤੀ ਵਸਨੀਕਾਂ ਨੂੰ ਲਾਭ ਮਿਲਿਆ ਹੈ। ਇਸ ਮੌਕੇ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਉਨ੍ਹਾਂ ਦੇ ਜਾਇਜ਼ ਹੱਕਾਂ ਦੀ ਰਾਖੀ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। 'ਮੇਰਾ ਘਰ, ਮੇਰੇ ਨਾਮ' ਸਕੀਮ ਦਾ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੀ ਮਾਲਕੀ ਸਬੰਧੀ ਅਧਿਕਾਰਤ ਦਸਤਾਵੇਜ਼ ਮੁਹੱਈਆ ਕਰਵਾਉਣਾ ਹੈ, ਤਾਂ ਜੋ ਉਹ ਆਪਣੀ ਜਾਇਦਾਦ ਦੇ ਮਾਲਕੀ ਹੱਕਾਂ ਨੂੰ ਦਸਤਾਵੇਜ਼ੀ ਤੌਰ 'ਤੇ ਸੁਰੱਖਿਅਤ ਕਰ ਸਕਣ। ਉਨ੍ਹਾਂ ਕਿਹਾ ਕਿ ਇਸ ਸਕੀਮ ਨਾਲ ਲਾਭਪਾਤਰੀਆਂ ਨੂੰ ਆਪਣੇ ਘਰਾਂ ਦੀ ਮਾਲਕੀ ਦਾ ਸਬੂਤ ਮਿਲਣ ਦੇ ਨਾਲ-ਨਾਲ ਜਾਇਦਾਦ ਨਾਲ ਸਬੰਧਤ ਮਾਮਲਿਆਂ ਵਿੱਚ ਵੀ ਸਹੂਲਤ ਮਿਲੇਗੀ। ਪੰਜਾਬ ਸਰਕਾਰ ਲੋਕ-ਪੱਖੀ ਪਹਿਲਕਦਮੀਆਂ ਰਾਹੀਂ ਆਮ ਲੋਕਾਂ ਦੇ ਜੀਵਨ ਨੂੰ ਸੁਖਾਲਾ ਬਣਾਉਣ ਲਈ ਯਤਨਸ਼ੀਲ ਹੈ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਬਲਾਕ ਪ੍ਰਧਾਨ ਸੁਖਵੰਤ ਸਿੰਘ, ਸਰਪੰਚ ਸਿਮਰਨਜੀਤ ਸਿੰਘ ਅਤੇ ਜਗਤਾਰ ਸਿੰਘ ਬਠੂਹਾ ਸਮੇਤ ਹੋਰ ਪਤਵੰਤੇ ਸੱਜਣ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਚੇਅਰਮੈਨ ਵੱਲੋਂ ਪਿੰਡ ਬਠੂਹਾ ਵਿਖੇ 'ਮੇਰਾ ਘਰ, ਮੇਰੇ ਨਾਮ' ਸਕੀਮ ਤਹਿਤ 107 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਕੱਤਕ ਦੀ ਪੂਰਨਮਾਸੀ ਤੇ ਕਰਵਾਏ ਧਾਰਮਿਕ ਸਮਾਗਮ







ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਕੱਤਕ ਦੀ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਢਾਡੀ ਕਥਾਵਾਚਕ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਛਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਕਿਹਾ ਕਿ ਸਾਨੂੰ ਵਾਹਿਗੁਰੂ ਜੀ ਦੇ ਭਾਣੇ ਵਿੱਚ ਰਹਿ ਕੇ ਆਪਣਾ ਜੀਵਨ ਬਸਰ ਕਰਨਾ ਚਾਹੀਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦਾ ਤਿਆਗ ਕਰਕੇ ਗੁਰੂ ਵਾਲੇ ਬਣੋ ਅਤੇ ਸੇਵਾ ਸਿਮਰਨ ਕਰਕੇ ਆਪਣਾ ਜੀਵਨ ਸਫਲ ਬਣਾਓ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮਾਂ ਬਾਪ ਵੱਡੇ ਬਜ਼ੁਰਗਾਂ ਦੀ ਸੇਵਾ ਸੰਭਾਲ ਕਰਨ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਅੱਗੇ ਕਿਹਾ ਕਿ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਨੇ ਧੰਨ ਧੰਨ ਗੁਰੂ ਅਮਰਦਾਸ ਮਹਾਰਾਜ ਜੀ ਦੀ ਸੇਵਾ ਸਿਮਰਨ ਨੂੰ ਕਮਾਇਆ ਅਤੇ ਉਨ੍ਹਾਂ ਤੋਂ ਪਰਮ ਪਦਵੀ ਹਾਸਲ ਕੀਤੀ। ਉਨ੍ਹਾਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਵੱਧ ਤੋਂ ਵੱਧ ਸੇਵਾ ਸਿਮਰਨ ਨੂੰ ਆਪਣੀ ਜ਼ਿੰਦਗੀ ਵਿੱਚ ਢਾਲ ਕੇ ਗੁਰੂ ਰਾਮਦਾਸ ਮਹਾਰਾਜ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ ਅਤੇ ਆਪਣਾ ਜੀਵਨ ਸਫਲ ਬਣਾਈਏ। ਇਸ ਮੌਕੇ ਸਟੇਜ ਦੀ ਸੇਵਾ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਬਹੁਤ ਹੀ ਸੁੱਚਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਜੇਨੇਸਿਸ ਡੈਂਟਲ ਕਾਲਜ ਦੀ ਪਹਿਲ—ਕੱਤਕ ਦੀ ਪੂਰਨਮਾਸ਼ੀ ਤੇ ਗੁਰਦੁਆਰਾ ਗੁਰੂ ਨਾਨਕ ਦੇਵ ਜੀ ਪਿੰਡ ਤੂਤ ਵਿਖੇ ਮੁਫ਼ਤ ਦੰਦਾਂ ਦਾ ਚੈਕਅਪ ਕੈਂਪ




ਫ਼ਿਰੋਜ਼ਪੁਰ, 26 ਅਕਤੂਬਰ (ਮਨੋਹਰ ਲਾਲ) :— ਜੇਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਵੱਲੋਂ ਕੱਤਕ ਦੀ ਪੂਰਨਮਾਸ਼ੀ ਤੇ ਗੁਰਦੁਆਰਾ ਗੁਰੂ ਨਾਨਕ ਦੇਵ ਜੀ ਪਿੰਡ ਤੂਤ ਵਿਖੇ ਮੁਫ਼ਤ ਦੰਦਾਂ ਦਾ ਚੈਕਅਪ ਕੈਂਪ ਲਗਾਇਆ ਗਿਆ। ਕੈਂਪ ਦੌਰਾਨ 100 ਤੋਂ ਵੱਧ ਮਰੀਜ਼ਾਂ ਅਤੇ ਸ਼ਰਧਾਲੂਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਡਾ: ਸੁਕੀਰਤ ਕੌਰ ਤੇ ਡਾ: ਰੀਆ ਨੇ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੇ ਇਲਾਜ ਦੇ ਨਾਲ—ਨਾਲ ਦੰਦਾਂ ਦੀ ਸੰਭਾਲ ਸਬੰਧੀ ਮਹੱਤਵਪੂਰਨ ਸਲਾਹ ਵੀ ਸਾਂਝੀ ਕੀਤੀ। ਡਾਕਟਰਾਂ ਨੇ ਕਿਹਾ ਕਿ ਦੰਦਾਂ ਨੂੰ ਤੰਦ➡ਸਤ ਰੱਖਣ ਲਈ ਰੋਜ਼ਾਨਾ ਸਹੀ ਤਰੀਕੇ ਨਾਲ ਸਫ਼ਾਈ ਕਰਨੀ, ਦਿਨ ਵਿੱਚ ਦੋ ਵਾਰ ਬਰਸ਼ ਕਰਨਾ, ਸੰਤੁਲਿਤ ਖ਼ੁਰਾਕ ਲੈਣੀ ਅਤੇ ਸਮੇਂ—ਸਮੇਂ ਤੇ ਦੰਦਾਂ ਦੇ ਮਾਹਿਰ ਡਾਕਟਰ ਤੋਂ ਜਾਂਚ ਕਰਵਾਉਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਦੰਦਾਂ ਨਾਲ ਸੰਬੰਧਿਤ ਕਿਸੇ ਵੀ ਸਮੱਸਿਆ ਨੂੰ ਨਜ਼ਰ ਅੰਦਾਜ਼ ਨਾ ਕਰਨ ਅਤੇ ਸਮੇਂ ਸਿਰ ਮਾਹਿਰ ਡਾਕਟਰ ਦੀ ਸਲਾਹ ਲੈਣ। ਇਸ ਮੌਕੇ ਕਾਲਜ ਦੇ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਸੇਵਾ ਭਾਵਨਾ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਟੂਥਬ੍ਰਸ਼ ਅਤੇ ਟੂਥਪੇਸਟ ਵੰਡੇ। ਉਨ੍ਹਾਂ ਦੱਸਿਆ ਕਿ ਜੇਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਸਮਾਜ ਸੇਵਾ ਦੇ ਉਦੇਸ਼ ਨਾਲ ਸਮੇਂ—ਸਮੇਂ ਤੇ ਅਜਿਹੇ ਮੁਫ਼ਤ ਸਿਹਤ ਕੈਂਪ ਆਯੋਜਿਤ ਕਰਦਾ ਰਹਿੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬੈਲਜੀਅਮ 'ਚ ਸਿੱਖ ਧਰਮ ਨੂੰ ਸਰਕਾਰੀ ਮਾਨਤਾ ਦਿਵਾਉਣ ਲਈ ਸਿੱਖ ਜਥੇਬੰਦੀਆਂ ਨੂੰ ਇਕਜੁੱਟ ਹੋਣ ਦਾ ਸੱਦਾ

# ਦੋ ਜਥੇਬੰਦੀਆਂ ਵਿਚਾਲੇ ਮਤਭੇਦ ਖ਼ਤਮ ਕਰਨ 'ਤੇ ਜ਼ੋਰ









**ਲੰਡਨ/ਬੈਲਜੀਅਮ, 26 ਅਕਤੂਬਰ (ਸਰਬਜੀਤ ਸਿੰਘ ਬਨੂੜ)** - ਬੈਲਜੀਅਮ ਵਿੱਚ ਸਿੱਖ ਧਰਮ ਨੂੰ ਵੱਖਰੇ ਅਤੇ ਸੁਤੰਤਰ ਧਰਮ ਵਜੋਂ ਸਰਕਾਰੀ ਮਾਨਤਾ ਦਿਵਾਉਣ ਲਈ ਚੱਲ ਰਹੇ ਯਤਨਾਂ ਦੌਰਾਨ ਸਿੱਖ ਜਥੇਬੰਦੀਆਂ ਵਿਚਾਲੇ ਪੈਦਾ ਹੋਏ ਮਤਭੇਦਾਂ ਨੂੰ ਖ਼ਤਮ ਕਰਨ ਲਈ ਸਿੰਟ-ਟਰੂਡਨ ਵਿਖੇ ਸਿੱਖ ਸੰਗਤਾਂ ਦੀ ਅਹਿਮ ਇਕੱਤਰਤਾ ਹੋਈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਗੁਰਬਾਣੀ ਸ਼ਬਦ ਨਾਲ ਸ਼ੁਰੂ ਹੋਈ ਇਸ ਇਕੱਤਰਤਾ ਵਿੱਚ ਬੈਲਜੀਅਮ ਨੈਸ਼ਨਲ ਸਿੱਖ ਆਰਗੇਨਾਈਜ਼ੇਸ਼ਨ ਅਤੇ ਯੂਰਪੀਅਨ ਸਿੱਖ ਆਰਗੇਨਾਈਜ਼ੇਸ਼ਨ ਨੂੰ ਆਪਣੇ ਮਤਭੇਦ ਭੁਲਾ ਕੇ ਸਿੱਖ ਕੌਮ ਦੇ ਸਾਂਝੇ ਹਿੱਤਾਂ ਲਈ ਇੱਕ ਮੰਚ 'ਤੇ ਆਉਣ ਦੀ ਅਪੀਲ ਕੀਤੀ ਗਈ। ਇਕੱਤਰਤਾ ਵਿੱਚ ਦੋਵਾਂ ਜਥੇਬੰਦੀਆਂ ਵੱਲੋਂ ਪਹਿਲਾਂ ਭਾਈ ਮਨਜੋਤ ਸਿੰਘ, ਭਾਈ ਗੁਰਦਿਆਲ ਸਿੰਘ ਢਕਾਨਸੂ ਅਤੇ ਭਾਈ ਪ੍ਰਿਥੀਪਾਲ ਸਿੰਘ ਪਟਵਾਰੀ ਨੂੰ ਵਿਚੋਲਗੀ ਕਰਕੇ ਮਸਲੇ ਦਾ ਸਥਾਈ ਹੱਲ ਲੱਭਣ ਲਈ ਬੇਨਤੀਆਂ ਕੀਤੀਆਂ ਗਈਆਂ ਸਨ। ਇਸੇ ਤਹਿਤ ਦੋਵਾਂ ਜਥੇਬੰਦੀਆਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਇੱਕ ਮਹੀਨਾ ਪਹਿਲਾਂ ਸੱਦਾ ਭੇਜਿਆ ਗਿਆ ਸੀ। ਇਕੱਤਰਤਾ ਦੌਰਾਨ ਭਾਈ ਮਨਜੋਤ ਸਿੰਘ ਨੇ ਨਿਰਪੱਖ ਭੂਮਿਕਾ ਨਿਭਾਉਂਦਿਆਂ ਸਟੇਜ ਦੀ ਕਾਰਵਾਈ ਸੰਭਾਲੀ, ਜਦਕਿ ਦੂਜੇ ਦੋ ਸਿੰਘਾਂ ਨੇ ਵਿਚੋਲਗੀ ਦੀ ਜ਼ਿੰਮੇਵਾਰੀ ਨਿਭਾਈ। ਮੀਟਿੰਗ ਵਿੱਚ ਯੂਰਪੀਅਨ ਸਿੱਖ ਆਰਗੇਨਾਈਜ਼ੇਸ਼ਨ ਦੇ ਨੁਮਾਇੰਦੇ ਆਪਣੇ ਦਸਤਾਵੇਜ਼ਾਂ, ਸਪੱਸ਼ਟੀਕਰਨਾਂ ਅਤੇ ਵੱਖ-ਵੱਖ ਗੁਰਦੁਆਰਿਆਂ ਵੱਲੋਂ ਮਿਲੇ ਸਮਰਥਨ ਪੱਤਰਾਂ ਸਮੇਤ ਹਾਜ਼ਰ ਹੋਏ। ਉਨ੍ਹਾਂ ਨੇ ਸੰਗਤ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ ਵੀ ਦਿੱਤੇ। ਦੂਜੇ ਪਾਸੇ ਬੈਲਜੀਅਮ ਨੈਸ਼ਨਲ ਸਿੱਖ ਆਰਗੇਨਾਈਜ਼ੇਸ਼ਨ ਦਾ ਕੋਈ ਨੁਮਾਇੰਦਾ ਇਕੱਤਰਤਾ ਵਿੱਚ ਸ਼ਾਮਲ ਨਹੀਂ ਹੋਇਆ। ਦੋ ਘੰਟਿਆਂ ਤੋਂ ਵੱਧ ਚੱਲੀ ਇਸ ਵਿਚਾਰ-ਚਰਚਾ ਵਿੱਚ ਸਿੰਟ-ਟਰੂਡਨ, ਆਲਕਨ, ਲੀਅਜ਼, ਬ੍ਰਸੇਲਜ਼ ਅਤੇ ਗੈਂਟ ਸਮੇਤ ਵੱਖ-ਵੱਖ ਸ਼ਹਿਰਾਂ ਦੀਆਂ ਸੰਗਤਾਂ ਨੇ ਹਿੱਸਾ ਲਿਆ। ਨੌਜਵਾਨਾਂ ਨੇ ਵੀ ਪੰਥਕ ਫ਼ੈਸਲਿਆਂ ਵਿੱਚ ਆਪਣੀ ਪ੍ਰਭਾਵਸ਼ਾਲੀ ਸ਼ਮੂਲੀਅਤ ਯਕੀਨੀ ਬਣਾਉਣ ਦੀ ਮੰਗ ਉਠਾਈ। ਇਸ ਮੌਕੇ ਕੈਨੇਡਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸਿੱਖ ਫੈਡਰੇਸ਼ਨ ਕੈਨੇਡਾ ਦੇ ਭਾਈ ਮੋਨਿੰਦਰ ਸਿੰਘ ਨੇ ਵੱਖ-ਵੱਖ ਦੇਸ਼ਾਂ ਵਿੱਚ ਸਿੱਖ ਧਰਮ ਦੀ ਸਰਕਾਰੀ ਮਾਨਤਾ ਨਾਲ ਜੁੜੇ ਮਾਮਲਿਆਂ ਦੇ ਆਪਣੇ ਤਜਰਬੇ ਸਾਂਝੇ ਕੀਤੇ। ਉਨ੍ਹਾਂ ਨੇ ਸੰਗਤ ਨੂੰ ਮਾਨਤਾ ਪ੍ਰਾਪਤ ਕਰਨ ਦੀ ਕਾਨੂੰਨੀ ਪ੍ਰਕਿਰਿਆ, ਸਾਂਝੀ ਨੁਮਾਇੰਦਗੀ, ਭਵਿੱਖ ਦੀਆਂ ਜ਼ਿੰਮੇਵਾਰੀਆਂ ਅਤੇ ਸੰਭਾਵੀ ਸਰਕਾਰੀ ਸਹਾਇਤਾ ਦੇ ਪ੍ਰਬੰਧ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਪਾਰਦਰਸ਼ੀ ਪ੍ਰਬੰਧ ਅਤੇ ਸਾਂਝੀ ਜ਼ਿੰਮੇਵਾਰੀ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਇਸ ਸੰਦਰਭ ਵਿੱਚ ਇਤਿਹਾਸਕ 12 ਸਿੱਖ ਮਿਸਲਾਂ ਦੀ ਉਦਾਹਰਨ ਵੀ ਦਿੱਤੀ ਗਈ, ਜਿਨ੍ਹਾਂ ਦੀ ਵੱਖਰੀ ਅਗਵਾਈ ਹੋਣ ਦੇ ਬਾਵਜੂਦ ਸਾਂਝੇ ਪੰਥਕ ਹਿੱਤਾਂ ਲਈ ਇਕੱਠੇ ਹੋਣ ਦੀ ਪਰੰਪਰਾ ਰਹੀ ਹੈ। ਇਕੱਤਰਤਾ ਦੌਰਾਨ ਭਾਰਤੀ ਸੰਵਿਧਾਨ ਦੀ ਧਾਰਾ 25 ਅਤੇ ਹਿੰਦੂ ਮੈਰਿਜ ਐਕਟ 1955 ਦੇ ਸਿੱਖ ਪਛਾਣ ਨਾਲ ਸਬੰਧਤ ਕਾਨੂੰਨੀ ਪੱਖਾਂ ਬਾਰੇ ਵੀ ਚਰਚਾ ਕੀਤੀ ਗਈ। ਬੁਲਾਰਿਆਂ ਨੇ ਸਿੱਖ ਧਰਮ ਦੀ ਵੱਖਰੀ ਧਾਰਮਿਕ ਹੋਂਦ ਨੂੰ ਕਾਇਮ ਰੱਖਣ ਦੀ ਮਹੱਤਤਾ ਉਜਾਗਰ ਕਰਦਿਆਂ ਕਿਹਾ ਕਿ ਬੈਲਜੀਅਮ ਵਿੱਚ ਧਾਰਮਿਕ ਆਜ਼ਾਦੀ ਅਤੇ ਬਰਾਬਰ ਮੌਕਿਆਂ ਦੀ ਵਰਤੋਂ ਆਉਣ ਵਾਲੀਆਂ ਪੀੜ੍ਹੀਆਂ ਦੇ ਹਿੱਤ ਵਿੱਚ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਅਨੁਸਾਰ ਅੰਦਰੂਨੀ ਵੰਡ ਕਾਰਨ ਸਿੱਖ ਕੌਮ ਨੂੰ ਮਿਲ ਸਕਣ ਵਾਲੇ ਮੌਕਿਆਂ ਦਾ ਨੁਕਸਾਨ ਨਹੀਂ ਹੋਣਾ ਚਾਹੀਦਾ। ਦੱਸਿਆ ਗਿਆ ਕਿ ਦੋਵਾਂ ਜਥੇਬੰਦੀਆਂ ਵੱਲੋਂ ਸਾਲ 2022 ਤੋਂ ਸਾਂਝੇ ਯਤਨ ਕੀਤੇ ਜਾ ਰਹੇ ਸਨ, ਪਰ 2023 ਵਿੱਚ ਆਪਸੀ ਮਤਭੇਦਾਂ ਕਾਰਨ ਵੱਖਰੇ ਰਸਤੇ ਅਪਣਾ ਲਏ ਗਏ। ਜੁਲਾਈ 2026 ਦੌਰਾਨ ਬੈਲਜੀਅਮ ਦੇ ਨਿਆਂ ਵਿਭਾਗ ਵੱਲੋਂ ਦੋਵਾਂ ਜਥੇਬੰਦੀਆਂ ਨੂੰ ਵੱਖਰੇ ਹਵਾਲਾ ਨੰਬਰਾਂ ਨਾਲ ਲਗਭਗ ਇੱਕੋ ਜਿਹੇ ਪੱਤਰ ਭੇਜੇ ਗਏ ਸਨ। ਇਨ੍ਹਾਂ ਵਿੱਚ ਹੋਰ ਤਸਦੀਕਯੋਗ ਜਾਣਕਾਰੀ ਅਤੇ ਨੁਮਾਇੰਦਗੀ ਸਬੰਧੀ ਸਪੱਸ਼ਟਤਾ ਮੰਗੀ ਗਈ ਸੀ। ਮੀਟਿੰਗ ਵਿੱਚ ਵਿਚਾਰ ਪ੍ਰਗਟ ਕੀਤਾ ਗਿਆ ਕਿ ਦੋ ਵੱਖਰੇ ਅਤੇ ਬਿਨਾਂ ਤਾਲਮੇਲ ਚੱਲ ਰਹੇ ਯਤਨਾਂ ਕਾਰਨ ਮਾਨਤਾ ਦੀ ਪ੍ਰਕਿਰਿਆ ਵਿੱਚ ਦੇਰੀ ਹੋ ਸਕਦੀ ਹੈ। ਸਰਕਾਰੀ ਮਾਨਤਾ ਮਿਲਣ ਦੀ ਸੂਰਤ ਵਿੱਚ ਸੰਭਾਵੀ ਵਿੱਤੀ ਸਹਾਇਤਾ, ਭਵਿੱਖ ਦੇ ਬਜਟ ਅਤੇ ਸਾਧਨਾਂ ਦੀ ਪਾਰਦਰਸ਼ੀ ਵੰਡ ਬਾਰੇ ਵੀ ਵਿਚਾਰ ਹੋਇਆ। ਇਕੱਤਰਤਾ ਦੇ ਅੰਤ ਵਿੱਚ ਸੰਗਤ ਨੇ ਜੈਕਾਰਿਆਂ ਦੀ ਗੂੰਜ ਵਿੱਚ ਦੋਵਾਂ ਜਥੇਬੰਦੀਆਂ ਨੂੰ ਮੁੜ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਇੱਕ ਮੰਚ 'ਤੇ ਬਿਠਾਉਣ ਦੇ ਯਤਨਾਂ ਦਾ ਸਮਰਥਨ ਕੀਤਾ। ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੱਲੋਂ ਆਪਸੀ ਸਲਾਹ-ਮਸ਼ਵਰੇ ਤੋਂ ਬਾਅਦ ਅਗਲੀ ਮੀਟਿੰਗ ਦੀ ਤਰੀਕ, ਸਮਾਂ ਅਤੇ ਸਥਾਨ ਦਾ ਐਲਾਨ ਕੀਤਾ ਜਾਵੇਗਾ। ਅਗਲੀ ਮੀਟਿੰਗ ਵਿੱਚ ਦੋਵਾਂ ਜਥੇਬੰਦੀਆਂ ਦੇ ਦਸਤਾਵੇਜ਼ਾਂ, ਸਾਂਝੀ ਨੁਮਾਇੰਦਗੀ ਅਤੇ ਬੈਲਜੀਅਮ ਦੇ ਨਿਆਂ ਵਿਭਾਗ ਨਾਲ ਅਗਲੀ ਕਾਰਵਾਈ ਬਾਰੇ ਠੋਸ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਇਹ ਵੀ ਤੈਅ ਕੀਤਾ ਗਿਆ ਕਿ ਜੇਕਰ ਕੋਈ ਧਿਰ ਮੁੜ ਗੈਰਹਾਜ਼ਰ ਰਹਿੰਦੀ ਹੈ ਜਾਂ ਸਹਿਮਤੀ ਨਹੀਂ ਬਣਦੀ ਤਾਂ ਸੰਗਤ ਅਤੇ ਗੁਰਦੁਆਰਾ ਪ੍ਰਬੰਧਕ ਮਿਲ ਕੇ ਅਗਲੇ ਸੰਭਾਵੀ ਕਦਮਾਂ ਬਾਰੇ ਵਿਚਾਰ ਕਰਨਗੇ। ਇਸ ਮੌਕੇ ਭਾਈ ਮੋਨਿੰਦਰ ਸਿੰਘ, ਜਰਮਨੀ, ਫਰਾਂਸ, ਇੰਗਲੈਂਡ ਅਤੇ ਕੈਨੇਡਾ ਦੀਆਂ ਸਹਿਯੋਗੀ ਪੰਥਕ ਜਥੇਬੰਦੀਆਂ ਅਤੇ ਮੇਜ਼ਬਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ ਗਿਆ।

**☛ ਸਿੱਖ ਧਰਮ ਦੀ ਵੱਖਰੀ ਪਛਾਣ ਨੂੰ ਮਾਨਤਾ ਦਿਵਾਉਣ ਲਈ ਸੰਗਤਾਂ ਦੀ ਅਹਿਮ ਇਕੱਤਰਤਾ, ☛ ਕੈਨੇਡਾ ਤੋਂ ਵਿਸ਼ੇਸ਼ ਤੌਰ 'ਤੇ ਪੁੱਜੇ ਭਾਈ ਮੋਨਿੰਦਰ ਸਿੰਘ ਨੇ ਸਿੱਖ ਧਰਮ ਦੀ ਸਰਕਾਰੀ ਮਾਨਤਾ, ਕਾਨੂੰਨੀ ਪ੍ਰਕਿਰਿਆ ਅਤੇ ਸਾਂਝੀ ਨੁਮਾਇੰਦਗੀ ਬਾਰੇ ਦਿੱਤੀ ਜਾਣਕਾਰੀ**

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਦਿੱਤੀ ਵਧਾਈ



**ਨਵੀਂ ਦਿੱਲੀ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਚੌਥੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਜੀਵਨ ਨਿਸ਼ਕਾਮ ਸੇਵਾ, ਅਥਾਹ ਪ੍ਰੇਮਾ-ਭਗਤੀ, ਨਿਮਰਤਾ, ਸਹਿਣਸ਼ੀਲਤਾ ਅਤੇ ਉੱਚੇ-ਸੁੱਚੇ ਸਦਗੁਣਾਂ ਦਾ ਪ੍ਰਤੀਕ ਹੈ। ਗੁਰੂ ਸਾਹਿਬ ਨੇ ਆਪਣਾ ਸਮੁੱਚਾ ਜੀਵਨ ਗੁਰੂ-ਭਗਤੀ, ਸੇਵਾ ਅਤੇ ਲੋਕਾਈ ਦੀ ਭਲਾਈ ਨੂੰ ਸਮਰਪਿਤ ਕਰਦਿਆਂ ਨਿਸ਼ਕਾਮ ਸੇਵਾ ਦੀ ਅਜਿਹੀ ਅਦੁੱਤੀ ਮਿਸਾਲ ਕਾਇਮ ਕੀਤੀ, ਜੋ ਸਮੁੱਚੀ ਮਾਨਵਤਾ ਲਈ ਸਦੀਵੀ ਪ੍ਰੇਰਨਾ ਸਰੋਤ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸਿੱਖੀ ਦੇ ਸਿਧਾਂਤਾਂ ਨੂੰ ਪ੍ਰਫੁੱਲਿਤ ਕਰਨ, ਗੁਰਮਤਿ ਵਿਚਾਰਧਾਰਾ ਦਾ ਪਸਾਰ ਕਰਨ ਅਤੇ ਮਨੁੱਖਤਾ ਨੂੰ ਅਧਿਆਤਮਕ, ਧਾਰਮਿਕ ਤੇ ਸਮਾਜਿਕ ਜੀਵਨ ਦੀ ਸਹੀ ਸੇਧ ਦੇਣ ਲਈ ਮਹਾਨ ਕਾਰਜ ਕੀਤੇ। ਗੁਰੂ ਸਾਹਿਬ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਨਿਮਰਤਾ, ਸੇਵਾ, ਸਿਮਰਨ ਅਤੇ ਪਰਉਪਕਾਰ ਦੇ ਗੁਣਾਂ ਨੂੰ ਅਪਣਾ ਕੇ ਹੀ ਜੀਵਨ ਨੂੰ ਸਾਰਥਕ ਬਣਾਇਆ ਜਾ ਸਕਦਾ ਹੈ। ਐਡਵੋਕੇਟ ਧਾਮੀ ਨੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਉਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਗੁਰੂ ਸਾਹਿਬ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਂਦਿਆਂ ਆਪਣੇ ਜੀਵਨ ਅੰਦਰ ਨਿਮਰਤਾ, ਨਿਸ਼ਕਾਮ ਸੇਵਾ, ਨਾਮ ਸਿਮਰਨ ਅਤੇ ਸਰਬੱਤ ਦੇ ਭਲੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲ ਕੇ ਹੀ ਅਸੀਂ ਗੁਰਮਤਿ ਸਿਧਾਂਤਾਂ ਅਨੁਸਾਰ ਜੀਵਨ ਬਤੀਤ ਕਰਦਿਆਂ ਸਮਾਜ ਅੰਦਰ ਪ੍ਰੇਮ, ਸਦਭਾਵਨਾ, ਸੇਵਾ ਅਤੇ ਭਾਈਚਾਰਕ ਸਾਂਝ ਦੀਆਂ ਕਦਰਾਂ-ਕੀਮਤਾਂ ਨੂੰ ਹੋਰ ਪ੍ਰਫੁੱਲਿਤ ਕਰ ਸਕਦੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

## ਖਾਲਸਾ ਕਾਲਜ ਗਰਲਜ਼ ਸੀ: ਸੈਕੰ: ਸਕੂਲ ਵਿਖੇ ਟੀ. ਬੀ. ਮੁਕਤ ਭਾਰਤ ਅਭਿਆਨ ਰੈਲੀ ਆਯੋਜਿਤ




ਅੰਮ੍ਰਿਤਸਰ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ )—ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ 9ਬੀ. ਐਨ. ਦੇ ਐਨ. ਸੀ. ਸੀ. ਕੈਡਿਟਸ ਦੁਆਰਾ ਟੀ. ਬੀ. ਮੁਕਤ ਭਾਰਤ ਅਭਿਆਨ ਤਹਿਤ ਵੱਖ—ਵੱਖ ਗਤੀਵਿਧੀਆਂ ਕਰਵਾਈਆਂ ਗਈਆਂ ਸਕੂਲ ਦੀ ਕਾਰਜਕਾਰੀ ਪ੍ਰਿੰਸੀਪਲ ਸ੍ਰੀਮਤੀ ਜਤਿੰਦਰ ਕੌਰ ਦੇ ਦਿਸ਼ਾ—ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਕੈਡਿਟਸ ਨੇ ਭਾਸ਼ਣ, ਪੋਸਟਰ ਮੇਕਿੰਗ ਤੇ ਰੈਲੀ ਵੀ ਕੱਢੀ। ਇਸ ਮੌਕੇ ਪ੍ਰਿੰ: ਜਤਿੰਦਰ ਕੌਰ ਨੇ ਕਿਹਾ ਕਿ ਟੀ. ਬੀ. ਮੁਕਤ ਭਾਰਤ ਅਭਿਆਨ ਦਾ ਮੁੱਖ ਉਦੇਸ਼ ਲੋਕਾਂ ਨੂੰ ਤਪਦਿਕ ਦੀ ਬਿਮਾਰੀ ਪ੍ਰਤੀ ਜਾਗਰੂਕ ਕਰਨਾ ਅਤੇ ਇਸ ਦੀ ਰੋਕਥਾਮ ਲਈ ਪ੍ਰੇਰਿਤ ਕਰਨਾ ਹੈ ਉਨ੍ਹਾਂ ਵਿਦਿਆਰਥਣਾਂ ਨੂੰ ਇਸ ਦੇ ਲੱਛਣ ਤੇ ਰੋਕਥਾਮ ਸਬੰਧੀ ਦੱਸਦਿਆਂ ਕਿਹਾ ਕਿ ਟੀ. ਬੀ. ਇਕ ਗੰਭੀਰ ਪਰ ਇਲਾਜਯੋਗ ਬਿਮਾਰੀ ਹੈ ਅਤੇ ਸਮੇਂ ਸਿਰ ਇਸ ਦੇ ਲੱਛਣਾਂ ਦੀ ਪਛਾਣ ਕਰਕੇ ਡਾਕਟਰੀ ਸਲਾਹ ਲੈਣੀ ਬਹੁਤ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਲਗਾਤਾਰ ਖੰਘ, ਬੁਖ਼ਾਰ, ਰਾਤ ਨੂੰ ਪਸੀਨਾ ਆਉਣਾ ਅਤੇ ਬਿਨ੍ਹਾਂ ਕਾਰਨ ਭਾਰ ਘੱਟਣਾ ਇਸ ਬਿਮਾਰੀ ਦੇ ਮੁੱਖ ਲੱਛਣ ਹੋ ਸਕਦੇ ਹਨ ਉਨ੍ਹਾਂ ਨੇ ਐਨ. ਸੀ. ਸੀ. ਕੈਡਿਟਾਂ ਵੱਲੋਂ ਭਾਸ਼ਣ, ਪੋਸਟਰ ਮੇਕਿੰਗ ਅਤੇ ਜਾਗਰੂਕਤਾ ਰੈਲੀ ਰਾਹੀਂ ਕੀਤੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਉਨ੍ਹਾਂ ਕਿਹਾ ਕਿ ਕੈਡਿਟਾਂ ਦਾ ਫ਼ਰਜ਼ ਹੈ ਕਿ ਉਹ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਲੋਕਾਂ ਨੂੰ ਸਿਹਤ ਸਬੰਧੀ ਬਿਮਾਰੀਆਂ ਬਾਰੇ ਜਾਗਰੂਕ ਕਰਨ ਉਨ੍ਹਾਂ ਵਿਦਿਆਰਥਣਾਂ ਨੂੰ ਅਜਿਹੀਆਂ ਸਮਾਜ ਸੇਵੀ ਗਤੀਵਿਧੀਆਂ 'ਚ ਵੱਧ—ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਮੌਕੇ ਕੈਡਿਟਾਂ ਦੁਆਰਾ ਟੀ. ਬੀ. ਸਬੰਧੀ ਜਾਗਰੂਕਤਾ ਫੈਲਾਉਣ ਲਈ ਰੈਲੀ ਵੀ ਕੱਢੀ ਗਈ ਜਿਸ ਰਾਹੀਂ ਲੋਕਾਂ ਨੂੰ ਟੀ. ਬੀ. ਦੇ ਲੱਛਣਾਂ ਬਾਰੇ ਜਾਣਕਾਰੀ ਅਤੇ ਇਲਾਜ ਸਬੰਧੀ ਪ੍ਰੇਰਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਦੇ

# ਸਮਾਗਮਾਂ ਦੀ ਰੂਪ ਰੇਖਾ ਉਲੀਕਣ ਲਈ ਸਬ-ਕਮੇਟੀ ਦੀ ਹੋਈ ਇਕੱਤਰਤਾ

**ਨਵੀਂ ਦਿੱਲੀ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਉਲੀਕਣ ਲਈ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਬ-ਕਮੇਟੀ ਦੀ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ। ਇਕੱਤਰਤਾ 'ਚ 20 ਫ਼ਰਵਰੀ 2027 ਨੂੰ ਆ ਰਹੇ ਭਗਤ ਰਵਿਦਾਸ ਜੀ ਦੇ 650 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਕੀਤੇ ਜਾਣ ਵਾਲੇ ਧਾਰਮਿਕ ਸਮਾਗਮ, ਸੈਮੀਨਾਰ, ਕੀਰਤਨ ਦਰਬਾਰ ਅਤੇ ਉਨ੍ਹਾਂ ਦੇ ਜਨਮ ਅਸਥਾਨ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਨੇ ਦੱਸਿਆ ਕਿ ਸ਼ਤਾਬਦੀ ਨੂੰ ਸਮਰਪਿਤ ਭਗਤ ਰਵਿਦਾਸ ਜੀ ਦੇ ਜੀਵਨ, ਫਲਸਫੇ ਅਤੇ ਗੁਰਬਾਣੀ ਸਬੰਧੀ ਵੱਖ-ਵੱਖ ਥਾਵਾਂ 'ਤੇ ਸੈਮੀਨਾਰ ਕਰਵਾਉਣ ਦਾ ਫੈਸਲਾ ਕੀਤਾ ਹੈ, ਜਿਸ ਤਹਿਤ 12 ਨਵੰਬਰ ਨੂੰ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਸੈਮੀਨਾਰ ਕਰਵਾਇਆ ਜਾਵੇਗਾ। ਇਸੇ ਤਰ੍ਹਾਂ ਕਰਤਾਰਪੁਰ (ਜਲੰਧਰ), ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ, ਗੁਰੂ ਨਾਨਕ ਕਾਲਜ ਬੁਢਲਾਡਾ, ਗੁਰੂ ਨਾਨਕ ਇੰਜੀ: ਕਾਲਜ ਲੁਧਿਆਣਾ, ਸ੍ਰੀ ਅੰਮ੍ਰਿਤਸਰ, ਦਿੱਲੀ ਅਤੇ ਹਰਿਆਣਾ ਵਿਖੇ ਵੀ ਸੈਮੀਨਾਰ ਕਰਵਾਏ ਜਾਣਗੇ। ਇਸੇ ਤਰ੍ਹਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ, ਗੁਰਦੁਆਰਾ ਸ੍ਰੀ ਚਰਨ ਕਮਲ ਸਾਹਿਬ ਬੰਗਾ, ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਲੁਧਿਆਣਾ, ਗੁਰਦੁਆਰਾ ਅੰਬ ਸਾਹਿਬ ਮੋਹਾਲੀ, ਗੁਰਦੁਆਰਾ ਬੀਬੀ ਪ੍ਰਧਾਨ ਕੌਰ ਜੀ ਬਰਨਾਲਾ, ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ, ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਗੁਰਦੁਆਰਾ ਸੰਗ ਜੀ ਢੇਸੀਆ, ਗੁਰਦੁਆਰਾ ਸ਼ਹੀਦਾਂ ਮਾਹਲਪੁਰ, ਗੁਰਦੁਆਰਾ ਗਰਨਾ ਸਾਹਿਬ, ਗੁਰਦੁਆਰਾ ਸਾਹਿਬ ਬਜੀਦਪੁਰ ਅਤੇ ਹਿਮਾਚਲ ਪ੍ਰਦੇਸ਼ ਵਿਖੇ ਗੁਰਮਤਿ ਸਮਾਗਮ ਅਤੇ ਕੀਰਤਨ ਦਰਬਾਰ ਕਰਵਾਉਣ ਸਬੰਧੀ ਵੀ ਵਿਚਾਰਾਂ ਹੋਈਆਂ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਦੇ ਜੀਵਨ, ਇਤਿਹਾਸ ਬਾਰੇ ਵੱਖ-ਵੱਖ ਭਾਸ਼ਾਵਾਂ ਵਿਚ ਕਿਤਾਬਚੇ ਵੀ ਛਾਪੇ ਜਾਣਗੇ ਅਤੇ ਗੁਰਮਤਿ ਪ੍ਰਕਾਸ਼ ਮੈਗਜ਼ੀਨ ਦਾ ਫ਼ਰਵਰੀ ਮਹੀਨੇ ਦਾ ਅੰਕ ਭਗਤ ਰਵਿਦਾਸ ਜੀ ਦੇ ਜੀਵਨ ਨੂੰ ਸਮਰਪਿਤ ਹੋਵੇਗਾ। ਇਸੇ ਤਰ੍ਹਾਂ ਭਗਤ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਸਬੰਧੀ ਇਕ ਸੋਵੀਨਰ ਵੀ ਪ੍ਰਕਾਸ਼ਤ ਕੀਤਾ ਜਾਵੇਗਾ। ਸ. ਮੰਨਣ ਨੇ ਕਿਹਾ ਕਿ ਭਗਤ ਰਵਿਦਾਸ ਜੀ ਦੇ ਜਨਮ ਅਸਥਾਨ ਕਾਂਸ਼ੀ (ਵਾਰਾਣਸੀ) ਵਿਖੇ ਜਨਵਰੀ ਮਹੀਨੇ ਵਿਚ ਗੁਰਮਤਿ ਸਮਾਗਮ ਕਰਵਾ ਕੇ ਇਕ ਵਿਸ਼ਾਲ ਨਗਰ ਕੀਰਤਨ ਆਰੰਭ ਕੀਤਾ ਜਾਵੇਗਾ, ਜੋ ਫ਼ਰਵਰੀ ਮਹੀਨੇ ਸ੍ਰੀ ਅੰਮ੍ਰਿਤਸਰ ਪਹੁੰਚ ਕੇ ਸੰਪੰਨ ਹੋਵੇਗਾ। ਉਨ੍ਹਾਂ ਦੱਸਿਆ ਕਿ ਅੱਜ ਦੀ ਇਕੱਤਰਤਾ ਵਿਚ ਭਗਤ ਰਵਿਦਾਸ ਜੀ ਨਾਲ ਸਬੰਧਤ ਸਭਾ-ਸੁਸਾਇਟੀਆਂ ਅਤੇ ਸੰਸਥਾਵਾਂ ਦੇ ਨੁਮਾਇੰਦਿਆਂ ਦੀ 17 ਨਵੰਬਰ ਨੂੰ ਸ੍ਰੀ ਅੰਮ੍ਰਿਤਸਰ ਵਿਖੇ ਇਕੱਤਰਤਾ ਬੁਲਾਉਣ ਸਬੰਧੀ ਵੀ ਫੈਸਲਾ ਕੀਤਾ ਗਿਆ। ਇਸ ਇਕੱਤਰਤਾ ਵਿਚ ਸਮਾਗਮਾਂ ਨੂੰ ਯਾਦਗਾਰੀ ਬਨਾਉਣ ਲਈ ਵਿਚਾਰਾਂ ਕੀਤੀਆਂ ਜਾਣਗੀਆਂ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਅਜੈਬ ਸਿੰਘ ਅਭਿਆਸੀ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਕੇਵਲ ਸਿੰਘ ਬਾਦਲ, ਸ. ਬਲਬੀਰ ਸਿੰਘ ਘੁੰਨਸ, ਸ. ਅਵਤਾਰ ਸਿੰਘ ਰਿਆ, ਸ. ਹਰਪਾਲ ਸਿੰਘ ਜੱਲ੍ਹਾ, ਸ. ਬਲਵਿੰਦਰ ਸਿੰਘ ਭੰਮਾਂਲੰਡਾ, ਸ. ਗੁਰਨਾਮ ਸਿੰਘ ਜੱਸਲ, ਬਾਬਾ ਬੂਟਾ ਸਿੰਘ, ਸ. ਸੁਖਵਰਸ਼ ਸਿੰਘ ਪੰਨੂ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਇੰਚਾਰਜ ਡਾ. ਰਾਜਵਿੰਦਰ ਸਿੰਘ ਜੋਗਾ ਆਦਿ ਮੌਜੂਦ ਸਨ।

***12 ਨਵੰਬਰ ਨੂੰ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਹੋਏਗਾ ਸੈਮੀਨਾਰ ਤੇ ਹੋਰ ਵੀ ਹੋਣਗੇ ਸੈਮੀਨਾਰ ਤੇ ਗੁਰਮਤਿ ਸਮਾਗਮ***

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

ਧੰਨ ਧੰਨ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

## ਦਿਨ ਮੰਗਲਵਾਰ 27 ਅਕਤੂਬਰ 2026 ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਰਾਗੀ ਜਥਾ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਯੂ ਕੇ ਵਿੱਚ 'ਢਾਡੀ ਪ੍ਰਚਾਰਕ' ਦਾ ਮਸਲਾ

## ਸਾਡੀ ਕੌਮ ਦੇ ਪ੍ਰਚਾਰਕ, ਜਿੰਨਾਂ ਤੋਂ ਕੌਮ ਹਮੇਸ਼ਾਂ ਇਤਿਹਾਸ ਸੁਣਦੀ, ਵੀ ਗੁਮਰਾਹਕੁਨ ਕੇ ਬੇਲੋੜੀ ਭਾਸ਼ਾ ਬੋਲ ਜਾਂਦੇ ਹਨ

ਇਤਿਹਾਸਕ ਨਗਰੀ "ਚੋਹਲਾ ਸਾਹਿਬ" ਦੇ ਢਾਡੀ ਪ੍ਰਚਾਰਕ, ਭਾਈ ਸਾਹਿਬ ਰਸਾਲ ਸਿੰਘ ਦੀ ਵੀਡੀਓ , ਦੇਖੀ ਤੇ ਸੁਣੀ । ਜੋ ਕਿ ਸੁਣ ਕੇ ਬੇਹੱਦ ਅਫ਼ਸੋਸ ਹੋਇਆ , ਕਿ ਸਾਡੀ ਕੌਮ ਦੇ ਪ੍ਰਚਾਰਕ, ਜਿੰਨਾਂ ਤੋਂ ਕੌਮ ਹਮੇਸ਼ਾਂ ਇਤਿਹਾਸ ਸੁਣਦੀ ਤੇ ਸਿੱਖਦੀ ਹੈ , ਉਹ ਵੀ ਇਸਤਰਾਂ , ਗੁਮਰਾਹਕੁਨ ਕੇ ਬੇਲੋੜੀ ਭਾਸ਼ਾ ਬੋਲ ਜਾਂਦੇ ਹਨ , ਜੋ ਗਲਤ ਤੇ ਸਿਖ ਵਿਚਾਰਧਾਰਾ ਦੇ ਉਲਟ ਹੈ । ਗੱਲ ਗੁਰਦੁਆਰਾ

ਆਵਾਜ਼ਿ ਕੌਮ AWAZE QAUM International Newspaper & WEB TV

ਸਿੰਘ ਸਭਾ ਵਿੱਚ ਸਾਊਥਾਲ ਵਿੱਚ ਪਰੋਗਰਾਮ ਨਾ ਮਿਲਣ ਤੇ ਅਜਿਹੀ ਤਲਖੀ ਕਿਉਂ ? ਕੀ ਇਹ ਗੁਰਮਤ ਹੈ ? ਇਸ ਬਦਲੇ ਵਿਚ ਪ੍ਰਬੰਧਕਾਂ ਨੂੰ ਨਾਮ ਲੈ ਕੇ ਆਰ ਐਸ ਐਸ ਤੇ ਦਿੱਲੀ ਦੇ ਦਲਾਲ , ਮਸੰਦ ਕਹਿਣਾ ਕਿਵੇਂ ਯੋਗ ਹੈ ?ਤੇ ਕਿਸ ਸਬੂਤ ਤੇ ਅਜਿਹੀ ਨ਼ਫਰਤ ਤੇ ਭੱਦੇ ਕਿਸਮ ਦੇ ਲ਼ਫਜ਼ ਵਰਤੇ ਗਏ ਹਨ ? ਜਦ ਅਸੀਂ ਘੋਖ ਕੀਤੀ ਤਦ ਪੱਤਾ ਚਲਿਆ ਕਿ ਭਾਈ ਰਸਾਲ ਸਿੰਘ ਹੋਰਾਂਨੂੰ ਪਿਛਲੇ ਪ੍ਰਬੰਧ ( ਜੋ 2025 ਅਕਤੂਬਰ ਤੋਂ ਪਹਿਲਾਂ ਸੀ ) ਨੇ ਰੋਕਿਆ ਹੋਇਆ ਸੀ ਆਪ ਇਹ ਭੀ ਮੰਨਦੇ ਹਨ ਕਿ ਇਹਨਾਂ ਕੁਝ ਸਮਾਂ ਪਹਿਲਾਂ ਦਮਦਮੀ ਟਕਸਾਲ ਦੇ ਮੁਖੀ ਹਰਨਾਮ ਸਿੰਘ ਧੁੰਮਾਂ ਵਿਰੁੱਧ ਕੁਝ ਵਿਰੋਧੀ ਸ਼ਬਦ ਕਹੇ ਸਨ । ਚਰਚਾ ਜਾਂ ਨੁਕਤਾਚੀਨੀ ਵਿਚ ਕੁਝ ਕਹਿਣਾ ਵੱਖਰੀ ਗੱਲ ਹੈ , ਪਰ ਵਿਰੋਧ ਵਿਚ ਕੁਝ ਬੋਲੀ ਦੇ ਸ਼ਬਦ ਟੱਪ ਕੇ ਕੁਚਜੇ ਸ਼ਬਦ ਬੋਲ ਜਾਣਾ ਗੁਰਮਤ ਨਹੀਂ ਹੈ । ਜਿਵੇਂ ਇਹਨਾ ਹੁਣ ਸਿੰਘ ਸਭਾ ਦੇ ਪ੍ਰਬੰਧਕਾਂ ਵਿਰੁੱਧ ਬੋਲੇ ਹਨ । ਇਹ ਨਿੰਦਣ ਯੋਗ ਹਨ । ਯੂ ਕੇ ਵਿਚ ਜਦੇਬੰਦੀਆਂ ਦਾ ਢਾਂਚਾ ਕਾਫ਼ੀ ਸੁਹਿਰਦ ਹੈ , ਜੇ ਇਹ ਉਹਨਾਂ ਤੱਕ ਪਹੁੰਚ ਕਰਦੇ , ਤਦ ਮਾਮਲਾ ਗੰਭੀਰ ਕਦੇ ਨਾ ਬਣਦਾ । ਪਰ ਇਹਨਾਂ ਤਾਂ ਬਾਬਾ ਧੁੰਮੇ ਦੇ ਵਿਰੋਧ ਦਾ ਵੇਰਵਾ ਬਣਾਕੇ ਮਨ ਵਿਚ ਸਗੋਂ ਮੋਰਚਾ ਖੋਲ੍ਹਣ ਦਾ ਮਨ ਬਣਾਈ ਬੈਠੇ ਲਗਦੇ ਹਨ । ਇਹ ਖੁਦ ਭਾਈ ਨਿਰਮਲ ਸਿੰਘ ਸ਼ਹੀਦ ਦੇ ਸਪੁੱਤਰ ਹੋਣ ਦਾ ਮਾਣ ਦਸਦੇ ਹਨ ( ਜਿਸ ਤੇ ਸਾਨੂੰ ਭੀ ਮਾਣ ਹੈ – ਚੰਗੇ ਮਾਨਯੋਗ ਕਵੀਸ਼ਰ ਸਨ ) , ਪਰ ਬਰਾੜ ਕੇਸ ਦੇ ਸਿੰਘ ਨੂੰ ਬਾਬੇ ਧੁੰਮੇ ਤੇ ਆਰ ਐਸ ਐਸ ਦੀਆਂ ਟਲ਼ੀਆਂ ਦੱਸ ਕੇ , ਅਤਿ ਨੀਵੀਂ ਭਾਸ਼ਾ ਤੇ ਉੱਤਰ ਆਉਦੇ ਹਨ । ਇਕ ਪਾਸੇ ਪ੍ਰਧਾਨ "ਮੱਲੀ" ਬਾਰੇ ਨੀਵਾਂ ਬੋਲਦੇ ਹਨ ਤੇ ਨਾਲ ਹੀ ਉਸ ਨੂੰ ਬਾਰ ਬਾਰ ਟੈਲੀਫੂਨ ਖੁਦ ਕੀਤੇ ਦਾ ਜ਼ਿਕਰ ਕਰਦੇ ਹਨ । ਭਾਈ ਸਾਹਿਬ ਜੀ ਤੁਸੀਂ ਉਸੇ ਤਰਾਂ "ਸੈਰ ਸਪਾਟੇ" ਟੂਰਿਸਟ ਵੀਜ਼ੇ ਤੌਰ ਤੇ ਬਦੇ.ਸਾਂ ਵਿਚ ਆਉਂਦੇ ਹੋ , ਜਿਸ ਤਰਾਂ ਅਸੀ ਪੰਜਾਬ ਵੀਜ਼ੇ ਲੈ ਕੇ ਜਾਂਦੇ ਹਾਂ । ਸਾਨੂੰ ਤਾਂ ਆਪਣੇ ਪਿੰਡਾਂ ਦੀਆਂ ਪੰਚਾਇਤਾਂ ਨਾਲ ਵੀ ਬਿਠਾਉਣ ਤੋਂ ਸੰਕੋਚ ਕੀਤਾ ਜਾਂਦਾ ਹੈ ।ਪਰ ਤੁਸੀਂ ਤਾਂ ਇੱਥੇ ਗੁਰਦੁਆਰਾ ਪ੍ਰਬੰਧਕਾਂ ਨੂੰ ਦਲਾਲ , ਮਸੰਦ ,ਧੁੰਮੇਂ , ਆਰ ਐਸ ਐਸ ਦੀਆਂ ਟਲ਼ੀਆਂ ਵਰਗੀ ਬੇਬੁਨਿਆਦ ਭਾਸ਼ਾ ਬੋਲ ਕੇ , ਇਹ ਕਹਿ ਕੇ ਮੋਰਚਾ ਖੋਹਲ ਦਿੱਤਾ ਕਿ ਮਸੰਦਾਂ ਤੋਂ ਯੂ ਕੇ ਦੇ ਗੁਰਦੁਆਰੇ ਆਜ਼ਾਦ ਕਰਵਾਉ ? ਕੀ ਹੁਣ ਤੁਸੀਂ ਪ੍ਰਚਾਰਕ ਟੂਰਿਸਟ ਹੁੰਦੇ ਹੋਏ ਮੋਰਚਾ ਲੜੋਗੇ ? ਜੀ ਸਦਕੇ ! ਗੱਲ ਬੇਬੁਨਿਆਦ ਦੀ ਦਵੈਸ਼, ਈਰਖਾ ਤੇ ਨ਼ਫਰਤ ਦੀ ਤੁਹਾਡੀ ਕਹੀ ਗਈ ਭਾਸ਼ਾ ਦੀ ਹੈ । ਪੰਜਾਬ, ਭਾਰਤ ਦਾ ਤੁਹਾਡਾ ਆਪਣਾ ਮਾਹੌਲ ਹੈ ।, ਪਰ ਇਸ ਯੂ ਕੇ ਦੇ ਦੇਸ਼ ਵਿਚ ਕਿਸੇ ਵੀ ਕਿਸਮ ਦੀ , ਨ਼ਫਰਤ ਦੀ ਬੋਲੀ ਤੇ ਆਧਾਰਿਤ THATE LAWU T ਨ਼ਫਰਤ ਕਾਨੂੰਨ" ਬਹੁਤ ਸਖਤ ਹੈ । ਜੇ ਕਰ ਕਿਧਰੇ ਸਾਡੇ ਕਿਸੇ ਪ੍ਰਚਾਰਕ ਤੇ ਅਜਿਹੀ ਨ਼ਫਰਤ ਦੀ ਧਾਰਾ ਲਾਗੂ ਹੁੰਦੀ ਹੈ , ਤਦ ਤੁਸੀਂ ਭਾਵੇਂ ਇਸ ਸਿੱਟੇ ਨੂੰ ਅਨੁਭਵ ਨਾ ਕਰੋ , ਪਰ ਸਾਡੀ ਤੇ ਸਾਡੇ ਸਮਾਜ ਦੀ ਬਹੁਤ ਹੱਤਕ ਗਿਣੀ ਜਾਵੇਗੀ । ਵੈਸੇ ਜੇਕਰ ਤੁਸੀਂ ਗੁਰਮਤ ਸਿਧਾਂਤ ਨੂੰ ਸਮਝੋ ਤਾਂ ਸਮਝ ਪੈ ਸਕਦੀ ਹੈ , ਕੜਵੀ, ਤਲਖ , ਨ਼ਫਰਤ ਦੀ ਭਾਸ਼ਾ ਦਾ ਸਿੱਖੀ ਤੇ ਸਿਖ ਸਿਧਾਂਤ ਵਿਚ ਕੋਈ ਥਾਂ ਨਹੀਂ ਹੈ । ਸਿਖ ਅਜਿਹੀ ਨੀਵੀਂ ਪੱਧਰ ਦੀ ਭਾਸ਼ਾ , ਕਿਸੇ ਦੂਸਰੇ ਸਿੱਖ ਨੂੰ ਤਾਂਕੀ ਦੁਸ਼ਮਣਾਂ ਨੂੰ ਵੀ ਨਹੀਂ ਵਰਤਦਾ । ਔਰੰਗਜ਼ੇਬ ਤੋਂ ਵੱਡਾ ਦੁਸ਼ਮਣ ਕੌਣ ਹੈ ? ਪਰ ਕਲਗੀਧਰ ਪਿਤਾ ਨੇ "ਜਫਰਨਾਮਾ" ਲਿਖਦਿਆਂ ਬੋਲੀ, ਸ਼ੈਲੀ ਦੇ ਆਧਾਰ ਨੂੰ ਨੀਵਾਂ ਨਹੀਂ ਹੋਣ ਦਿੱਤਾ । ਸਾਡੇ ਲਈ ਗੁਰਮਤ ਦੀ ਸਿੱਖਿਆ ਭੀ ਇਹੀ ਹੈ । ਬੇਨਤੀ ਕਰਦਾ ਹਾਂ ਕਿ ਭਾਈ ਸਾਹਿਬ ਰਸਾਲ ਸਿੰਘ , ਸਬਰ , ਸੰਤੋਖ , ਇਤਿਹਾਸ ਤੋਂ ਸਹੀ ਪਖ ਚੁਣ ਕੇ ਪ੍ਰਚਾਰ ਕਰਨ ।



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

ਢਾਡੀ ਸਾਹਿਬ ਤਾਂ ਮਨ ਦੀ ਇੱਛਾ ਵਿੱਚੋਂ ਇਸ ਗੱਲ ਦਾ ਵੀ ਜ਼ਿਕਰ ਕਰਦੇ , ਕਿ ਸਾਥੀ ਕਹਿੰਦੇ ਧੱਕੇ ਨਾਲ ਸਟੇਜ ਤੇ ਜਾ ਚੜੀਏ । ਸ਼ਾਇਦ ਭੁੱਲ ਰਹੇ ਸਨ ਕਿ ਤੁਸੀਂ ਟੂਰਿਸਟ ਹੋ ?ਗੈਰ ਕਾਨੂੰਨੀ ਦੇ ਚੱਕਰ ਵਿਚ ਪੈਣਾ ਕੀ,ਤੇ ਕਿਵੇਂ ਤੁਹਾਡਾ ਅਧਿਕਾਰ ਕਿਵੇਂ ਬਣ ਗਿਆ ?ਪੁਲੀਸ ਦਾ ਗੁਰਦੁਆਰੇ ਦਾਖਲਾ ਪਸੰਦ ਕਰਨ ਤੋਂ ਝਿਜਕਦੇ ਦੱਸਦੇ ।ਕੀ ਮਾਣ ਕਰਦੇ ਕੌਮ ਦਾ ?

ਬਰਾੜ ਕੇਸ ਨਾਲ ਸਬੰਧਤ ਸਿੰਘ ਨੇ ਜੋ ਬਹਾਦਰੀ ਕੀਤੀ , ਉਸ ਬਹਾਦਰ ਸਿੰਘ ਨੇ ਕੌਮੀ ਅਣਖ ਤੇ ਚੱਲ ਕੇ ਪਹਿਰਾ ਦਿੱਤਾ , ਢਾਡੀ ਸਾਹਿਬ ਤੁਸੀਂ ਉਸ ਦੀ ਸਾਲਾਂ–ਬੱਧੀ ਕੱਟੀ ਜੇਲ ਨੂੰ ਵੀ ਚੈਲੰਜ ਕੀਤਾ । ਤੁਹਾਡਾ ਇਹ ਕੋਝਾ ਕਦਮ ਬਹੁਤ ਨੀਵੀਂ ਪੱਧਰ ਹੈ।

ਅਸੀਂ ਪਿਛਲੇ 60/70 ਸਾਲਾਂ ਵਿੱਚ ਗੁਰਦੁਆਰੇ, ਸਿੱਖ ਸੰਸਥਾਵਾਂ, ਗੁਰੂ ਆਸਰੇ ਸਥਾਪਿਤ ਕਰਕੇ , ਬਹੁਪਖੀ ਸਮਾਜ ਵਿੱਚ ਆਪਣੀ ਮਾਣ ਤੇ ਸਾਂਝੀ ਸਥਾਨ ਬਣਾਈ ਹੇ। ਮੈਂ ਪਹਿਲੀ ਵਾਰ ਦੇਖਿਆ ਹੈ ਕਿ ਇੱਕ ਹੋਣਹਾਰ ਸਿਆਣੇ ਪ੍ਰਚਾਰਕ ਨੇ , ਬਿਨਾਂ ਵਜਾ ਅਜਿਹੀ

### ਵਿਚਾਰ ਆਪੋ-ਆਪਣਾ

ਖਿੱਚ ਧੂ ਪੈਦਾ ਕਰਕੇ , ਮਾਹੌਲ ਨੂੰ ਹਾਸੋਹੀਣਾ ਤੇ ਨੀਵਾਂ ਕੀਤਾ ਹੈ । ਵਾਹਿਗੁਰੁ ਸਾਨੂੰ ਸਭ ਨੂੰ ਸੁਮੱਤ ਬਖਸ਼ਣ , ਤਾਂ ਕਿ ਚੰਗੇ ਮਾਹੌਲ ਵਿਚ ਚਰਚਾ ਕਰ ਸਕੀਏ ।

–ਭੁੱਲ ਚੁੱਕ ਦੀ ਖਿਮਾਂ ਨਾਲ

**- ਪਰਮਿੰਦਰ ਸਿੰਘ ਬੱਲ**

### ਸੂਚਨਾ

ਇੰਗਲੈਂਡ ਦੇ ਗੁਰਦੁਆਰਿਆਂ ਦੇ ਪ੍ਰਬੰਧਕਾਂ ਅਤੇ ਸਿੱਖ ਪ੍ਰਚਾਰਕਾਂ ਦੇ ਆਪਸੀ ਮਾਮਲਿਆਂ ਬਾਰੇ ਜਾਂ ਹੋਰ ਮਸਲਿਆਂ ਬਾਰੇ ਅਖਬਾਰ ਨੂੰ ਕੋਈ ਵਿਅਕਤੀ ਆਪਣੇ ਵਿਚਾਰ ਛਾਪਣ ਲਈ ਭੇਜਦਾ ਹੈ ਤਾਂ ਉਹ ਭੇਜ ਸਕਦਾ ਹੈ ।ਉਹ ਵਿਚਾਰ ਉਸ ਵਿਅਕਤੀ ਜਾਂ ਸੰਸਥਾ ਦੇ ਆਪਣੇ ਹਨ ਉਹਨਾਂ ਵਿਚਾਰਾਂ ਨਾਲ ਅਦਾਰਾ ਆਵਾਜਿ ਕੌਮ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ

## ਚੰਬਾ ਕਲਾਂ 'ਚ ਬੀਤੀ ਰਾਤ ਗੜੇਮਾਰੀ ਦਾ ਕਹਿਰ, ਕਿਸਾਨਾਂ ਦੀਆਂ ਫਸਲਾਂ ਤਬਾਹ

# ਕਿਸਾਨਾਂ ਦੀ ਲਗਭਗ 100 ਫੀਸਦੀ ਫਸਲ ਹੋਈ ਖਰਾਬ

- ਖੇਤਾਂ 'ਚ ਵਿਛੀ ਤਬਾਹੀ ਦੀ ਤਸਵੀਰ-ਮਿਹਨਤ 'ਤੇ ਪਿਆ ਕੁਦਰਤ ਦਾ ਵੱਡਾ ਵਾਰ
- ਪੱਕੀਆਂ ਫਸਲਾਂ ਨੂੰ ਭਾਰੀ ਨੁਕਸਾਨ, ਕਿਸਾਨਾਂ ਦੇ ਚਿਹਰਿਆਂ ਤੋਂ ਉੱਡੀ ਰੌਣਕ—ਸਰਕਾਰ ਤੋਂ ਤੁਰੰਤ ਗਿਰਦਾਵਰੀ ਅਤੇ ਮੁਆਵਜ਼ੇ ਦੀ ਮੰਗ







**ਚੋਹਲਾ ਸਾਹਿਬ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਬੀਤੀ ਰਾਤ ਪਿੰਡ ਚੰਬਾ ਕਲਾਂ ਅਤੇ ਆਸ-ਪਾਸ ਦੇ ਇਲਾਕੇ ਵਿੱਚ ਹੋਈ ਭਾਰੀ ਗੜੇਮਾਰੀ ਨੇ ਕਿਸਾਨਾਂ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ ਹੈ। ਅਚਾਨਕ ਹੋਈ ਤੇਜ਼ ਗੜੇਮਾਰੀ ਕਾਰਨ ਖੇਤਾਂ ਵਿੱਚ ਖੜ੍ਹੀਆਂ ਫਸਲਾਂ ਨੂੰ ਵੱਡਾ ਨੁਕਸਾਨ ਪਹੁੰਚਿਆ ਹੈ। ਸਵੇਰ ਹੁੰਦਿਆਂ ਜਦੋਂ ਕਿਸਾਨ ਆਪਣੇ ਖੇਤਾਂ ਵਿੱਚ ਪਹੁੰਚੇ ਤਾਂ ਫਸਲਾਂ ਦੀ ਹਾਲਤ ਦੇਖ ਕੇ ਉਨ੍ਹਾਂ ਦੇ ਚਿਹਰੇ ਮੁਰਝਾਏ ਹੋਏ ਸਨ ।ਪ੍ਰਾਪਤ ਜਾਣਕਾਰੀ ਅਨੁਸਾਰ ਗੜੇਮਾਰੀ ਇੰਨੀ ਤੇਜ਼ ਸੀ ਕਿ ਕਈ ਖੇਤਾਂ ਵਿੱਚ ਖੜ੍ਹੀ ਫਸਲ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ ।ਕਈ ਕਿਸਾਨਾਂ ਦਾ ਦਾਅਵਾ ਹੈ ਕਿ ਉਨ੍ਹਾਂ ਦੀ ਲਗਭਗ 100 ਫੀਸਦੀ ਫਸਲ ਤਬਾਹ ਹੋ ਗਈ ਹੈ,ਜਿਸ ਕਾਰਨ ਉਨ੍ਹਾਂ ਦੇ ਸਾਹਮਣੇ ਭਾਰੀ ਆਰਥਿਕ ਸੰਕਟ ਖੜ੍ਹਾ ਹੋ ਗਿਆ ਹੈ ।ਕਿਸਾਨਾਂ ਵੱਲੋਂ ਮਹੀਨਿਆਂ ਤੋਂ ਕੀਤੀ ਜਾ ਰਹੀ ਮਿਹਨਤ ਅਤੇ ਫਸਲ 'ਤੇ ਲਾਇਆ ਪੈਸਾ ਕੁਦਰਤ ਦੀ ਇਸ ਕਰੋਪੀ ਕਾਰਨ ਪਲਾਂ ਵਿੱਚ ਮਿੱਟੀ ਵਿੱਚ ਮਿਲਦਾ ਨਜ਼ਰ ਆ ਰਿਹਾ ਹੈ ।ਖੇਤਾਂ ਵਿੱਚ ਜਿੱਥੇ ਕੁਝ ਸਮਾਂ ਪਹਿਲਾਂ ਤੱਕ ਲਹਿਰਾਉਂਦੀਆਂ ਫਸਲਾਂ ਕਿਸਾਨਾਂ ਲਈ ਚੰਗੀ ਆਮਦਨ ਦੀ ਆਸ ਬਣੀਆਂ ਹੋਈਆਂ ਸਨ, ਉੱਥੇ ਹੁਣ ਗੜਿਆਂ ਦੀ ਮਾਰ ਕਾਰਨ ਕਈ ਥਾਵਾਂ 'ਤੇ ਫਸਲਾਂ ਝੁਕੀਆਂ ਅਤੇ ਟੁੱਟੀਆਂ ਪਈਆਂ ਹਨ। ਕਿਸਾਨਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਫਸਲ ਨੂੰ ਪਾਲਣ ਲਈ ਦਿਨ-ਰਾਤ ਇੱਕ ਕੀਤਾ ਸੀ ਅਤੇ ਫਸਲ ਪੱਕਣ ਦੀ ਉਡੀਕ ਕਰ ਰਹੇ ਸਨ, ਪਰ ਕੁਦਰਤ ਦੇ ਇਸ ਅਚਾਨਕ ਕਹਿਰ ਨੇ ਉਨ੍ਹਾਂ ਦੀਆਂ ਸਾਰੀਆਂ ਆਸਾਂ ਨੂੰ ਵੱਡਾ ਝਟਕਾ ਦਿੱਤਾ ਹੈ ।ਕਿਸਾਨਾਂ ਨੇ ਦੱਸਿਆ ਕਿ ਪਹਿਲਾਂ ਹੀ ਖੇਤੀਬਾੜੀ ਲਾਗਤਾਂ ਲਗਾਤਾਰ ਵਧ ਰਹੀਆਂ ਹਨ। ਬੀਜ, ਖਾਦ, ਦਵਾਈਆਂ, ਡੀਜ਼ਲ ਅਤੇ ਮਜ਼ਦੂਰੀ ਦੇ ਵਧਦੇ ਖਰਚਿਆਂ ਵਿਚਕਾਰ ਕਿਸਾਨਾਂ ਨੇ ਭਾਰੀ ਨਿਵੇਸ਼ ਕਰਕੇ ਫਸਲ ਤਿਆਰ ਕੀਤੀ ਸੀ। ਹੁਣ ਗੜੇਮਾਰੀ ਕਾਰਨ ਫਸਲ ਦੇ ਭਾਰੀ ਨੁਕਸਾਨ ਨੇ ਉਨ੍ਹਾਂ ਦੀ ਆਰਥਿਕਤਾ ਨੂੰ ਹੋਰ ਡਾਵਾਂਡੋਲ ਕਰ ਦਿੱਤਾ ਹੈ ।ਪਿੰਡ ਵਾਸੀਆਂ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਚੰਬਾ ਕਲਾਂ ਸਮੇਤ ਪ੍ਰਭਾਵਿਤ ਇਲਾਕਿਆਂ ਵਿੱਚ ਤੁਰੰਤ ਵਿਸ਼ੇਸ਼ ਗਿਰਦਾਵਰੀ ਕਰਵਾਈ ਜਾਵੇ ਅਤੇ ਨੁਕਸਾਨ ਦਾ ਮੌਕੇ 'ਤੇ ਜਾਇਜ਼ਾ ਲੈ ਕੇ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ। ਕਿਸਾਨਾਂ ਦਾ ਕਹਿਣਾ ਹੈ ਕਿ ਸਿਰਫ਼ ਕਾਗਜ਼ੀ ਕਾਰਵਾਈ ਕਰਨ ਦੀ ਬਜਾਏ ਅਧਿਕਾਰੀ ਖੁਦ ਖੇਤਾਂ ਵਿੱਚ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈਣ ।ਕੁਦਰਤੀ ਆਫ਼ਤ ਨੇ ਉਨ੍ਹਾਂ ਦੀ ਫਸਲ ਹੀ ਨਹੀਂ, ਸਗੋਂ ਪੂਰੇ ਪਰਿਵਾਰਾਂ ਦੀਆਂ ਆਸਾਂ ਅਤੇ ਅਗਲੇ ਸੀਜ਼ਨ ਦੀਆਂ ਯੋਜਨਾਵਾਂ ਨੂੰ ਵੀ ਪ੍ਰਭਾਵਿਤ ਕੀਤਾ ਹੈ। ਜਿਨ੍ਹਾਂ ਕਿਸਾਨਾਂ ਦੀ ਫਸਲ ਪੂਰੀ ਤਰ੍ਹਾਂ ਤਬਾਹ ਹੋਈ ਹੈ, ਉਨ੍ਹਾਂ ਲਈ ਹਾਲਾਤ ਹੋਰ ਵੀ ਗੰਭੀਰ ਹਨ ।ਪਿੰਡ ਦੇ ਲੋਕਾਂ ਨੇ ਪੰਜਾਬ ਸਰਕਾਰ, ਖੇਤੀਬਾੜੀ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪ੍ਰਭਾਵਿਤ ਕਿਸਾਨਾਂ ਦੀ ਮੁਸ਼ਕਲ ਨੂੰ ਗੰਭੀਰਤਾ ਨਾਲ ਲੈਂਦਿਆਂ ਤੁਰੰਤ ਸਰਵੇ ਕਰਵਾਇਆ ਜਾਵੇ, ਨੁਕਸਾਨ ਦੀ ਰਿਪੋਰਟ ਤਿਆਰ ਕੀਤੀ ਜਾਵੇ ਅਤੇ ਯੋਗ ਮੁਆਵਜ਼ਾ ਜਾਰੀ ਕੀਤਾ ਜਾਵੇ ।ਕੁਦਰਤ ਦੀ ਇੱਕ ਰਾਤ ਦੀ ਮਾਰ ਨੇ ਮਹੀਨਿਆਂ ਦੀ ਮਿਹਨਤ ਨੂੰ ਤਬਾਹ ਕਰ ਦਿੱਤਾ ਹੈ। ਹੁਣ ਕਿਸਾਨਾਂ ਦੀਆਂ ਨਜ਼ਰਾਂ ਸਰਕਾਰ ਵੱਲ ਹਨ ਕਿ ਉਹ ਇਸ ਔਖੀ ਘੜੀ ਵਿੱਚ ਉਨ੍ਹਾਂ ਦੀ ਬਾਂਹ ਫੜਦੀ ਹੈ ਜਾਂ ਨਹੀਂ।



ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ ...



### ਕਿਸਾਨ ਆਗੂ ਸੁਖਵਿੰਦਰ ਸਿੰਘ ਦੁੱਗਲਵਾਲਾ ਦਾ ਦੇਹਾਂਤ

### ਜਥੇਬੰਦੀ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਤੇ ਸੂਬਾ ਆਗੂ ਸਰਵਨ ਸਿੰਘ ਪੰਧੇਰ ਸੂਬਾ ਆਗੂ ਸਤਨਾਮ ਸਿੰਘ ਪੰਨੂ ਨੇ ਮਿੱਤਰਕ ਦੇਹ ਤੇ ਝੰਡੇ ਦੀ ਰਸਮ ਨਿਭਾਈ

**ਤਰਨ ਤਾਰਨ, ਚੋਹਲਾ ਸਾਹਿਬ, 26 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਤਰਨ ਤਾਰਨ ਦੇ ਜੋਨ ਬਾਬਾ ਬੀਰ ਸਿੰਘ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੁੱਗਲਵਾਲਾ ਦਾ ਕੱਲ 24 /10/26 ਨੂੰ ਸਾਮ ਸਮੇਂ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਦਿਹਾਂਤ ਹੋ ਗਿਆ ਸੀ ਸੁਖਵਿੰਦਰ ਸਿੰਘ ਦੁੱਗਲਵਾਲਾ ਦੀ ਉਮਰ ਕਰੀਬ 76 ਸਾਲ ਦੇ ਲਗਭਗ ਸੀ ਖੇਤੀ ਕਰਨਾ ਇਹਨਾਂ ਦਾ ਮੁੱਖ ਕਿੱਤਾ ਸੀ ਛੋਟੀ ਕਿਸਾਨੀ ਨਾਲ ਹੋਰ ਸਹਾਇਕ ਧੰਦੇ ਜਿਵੇਂ ਦੁੱਧ ਉਤਪਾਦਕ ਤੇ ਗੰਨੇ ਤੋਂ ਗੁੜ ਆਦਿ ਤਿਆਰ ਕਰਦੇ ਸਨ ਬਚਪਨ ਤੋਂ ਹੀ ਕਿਸਾਨ ਆਗੂ ਇਨਕਲਾਬੀ ਸੋਚ ਨਾਲ ਜੁੜਿਆ ਹੋਇਆ ਸੀ ਲਗਾਤਾਰ ਸਰਕਾਰ ਦੇ ਜਬਰ ਤੇ ਕਾਰਪੋਰੇਟ ਜਗਤ ਦੀਆਂ ਕਿਸਾਨ ਮਾਰੂ ਨੀਤੀਆਂ ਖਿਲਾਫ ਡੱਟ ਕੇ ਵਿਰੋਧ ਕਰਦਾ ਸੀ ਸਰਕਾਰ ਦੀਆਂ ਮਾਰੂ ਨੀਤੀਆਂ ਖਿਲਾਫ ਸੰਘਰਸ ਲੜਦਿਆਂ ਲੜਦਿਆਂ ਦੋ ਵਾਰ ਜੇਲ ਵੀ ਕੱਟਣੀ ਪਈ ਪਿਛਲੇ 26 ਸਾਲ ਤੋਂ ਸੁਖਵਿੰਦਰ ਸਿੰਘ ਦੁੱਗਲਵਾਲਾ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਮੈਂਬਰ ਸਨ ਤੇ 2012 ਤੋਂ 2026 ਤੱਕ 6 ਵਾਰ ਜੋਨ ਬਾਬਾ ਬੀਰ ਸਿੰਘ ਜੀ ਦੇ ਪ੍ਰਧਾਨ ਬਣਦੇ ਆ ਰਹੇ ਸਨ ਆਪਣੀ ਪ੍ਰਧਾਨਗੀ ਹੇਠ ਇਹਨਾਂ ਨੇ ਵੱਡੇ ਵੱਡੇ ਮੋਰਚੇਆ ਵਿੱਚ ਹਿੱਸਾ ਲਿਆ ਤੇ ਮੋਰਚਿਆਂ ਵਿੱਚ ਲਗਾਤਾਰ ਹਾਜਰੀ ਰੱਖੀ ਇਹਨਾਂ ਦਾ ਸ਼ਾਂਤ ਸੁਭਾਅ ਤੇ ਮਿੱਠੇ ਬੋਲ ਹਰ ਮਿਲਣ ਵਾਲੇ ਤੇ ਆਪਣਾ ਅਸਰ ਛੱਡਦੇ ਸਨ ਪਰ ਕੱਲ ਸ਼ਾਮ ਸਾਡਾ ਦਰਵੇਸ਼ ਕਿਸਾਨ ਆਗੂ ਇਸ ਫਾਨੀ ਸੰਸਾਰ ਤੋਂ ਸਦਾ ਲਈ ਰੁਖਸਤ ਹੋ ਗਿਆ ਕਿਸਾਨ ਆਗੂ ਦੇ ਸਦੀਵੀ ਵਿਛੋੜੇ ਦਾ ਘਾਟਾ ਜਿੱਥੇ ਉਹਨਾਂ ਦੇ ਪਰਿਵਾਰ ਨੂੰ ਪਿਆ ਉਥੇ ਹੀ ਜਥੇਬੰਦੀ ਕੋਲ ਵੀ ਇੱਕ ਸਿਆਸੀ ਚਿੰਤਕ ਵਿਸਲੇਕਕ ਤੇ ਹੋਣਹਾਰ ਵਿਦਵਾਨ ਗਵਾਚ ਗਿਆ ਹੈ ਕਿਸਾਨ ਆਗੂ ਨੂੰ ਇਨਕਲਾਬੀ ਰਸਮਾਂ ਨਾਲ ਆਖਰੀ ਯਾਤਰਾ ਲਈ ਤਿਆਰੀ ਸਮੇਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਸੂਬਾ ਆਗੂ ਸਰਵਨ ਸਿੰਘ ਪੰਧੇਰ ਸੂਬਾ ਆਗੂ ਸਤਨਾਮ ਸਿੰਘ ਪੰਨੂ ਸੂਬਾ ਆਗੂ ਜਸਬੀਰ ਸਿੰਘ ਪਿਦੀ ਸੂਬਾ ਆਗੂ ਗੁਰਬਚਨ ਸਿੰਘ ਚੱਬਾ ਜ਼ਿਲਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਜਿਲਾ ਜਰਨਲ ਸਕੱਤਰ ਹਰਜਿੰਦਰ ਸਿੰਘ ਸ਼ੱਕਰੀ ਸੀਨੀਅਰ ਮੀਤ ਪ੍ਰਧਾਨ ਰੇਸ਼ਮ ਸਿੰਘ ਘੁਰਕਵਿੰਡ ਜ਼ਿਲਾ ਆਗੂ ਜਰਨੈਲ ਸਿੰਘ ਨੂਰਦੀ ਜਿਲਾ ਆਗੂ ਹਰਪਿੰਦਰ ਸਿੰਘ ਕੰਗ ਦਿਆਲ ਸਿੰਘ ਮੀਆਂਵਿੰਡ ਜੋਨ ਸਕੱਤਰ ਬਲਜਿੰਦਰ ਸਿੰਘ ਸੇਰੋ ਨਿਸ਼ਾਨ ਸਿੰਘ ਸ਼ਹਾਬਪੁਰ ਸੁਖਦੇਵ ਸਿੰਘ ਸ਼ਹਾਬਪੁਰ ਮੇਜਰ ਸਿੰਘ ਦੁੱਗਲਵਾਲਾ ਬਾਬਾ ਧੰਨਾ ਸਿੰਘ ਦੁੱਗਲਵਾਲਾ ਗੁਰਸੇਵਕ ਸਿੰਘ ਅਲਾਵਲਪੁਰ ਦਰਸ਼ਨ ਸਿੰਘ ਅਲਾਵਲਪੁਰ ਗੁਰਜੀਤ ਸਿੰਘ ਪੰਡੋਰੀ ਜਲਵਿੰਦਰ ਸਿੰਘ ਰੈਸ਼ੀਆਣਾ ਰਘਬੀਰ ਸਿੰਘ ਰੈਸ਼ੀਆਣਾ ਫਤਿਹ ਸਿੰਘ ਪਿੱਦੀ ਤਜਿੰਦਰ ਸਿੰਘ ਮੁਰਾਦਪੁਰ ਅਮਨਦੀਪ ਸਿੰਘ ਸੇਰੋ ਸੁਬੇਗ ਸਿੰਘ ਰਸੂਲਪੁਰ ਬਲਜੀਤ ਸਿੰਘ ਬੇਗਮਪੁਰ ਗਿਆਨਦੀਪ ਸਿੰਘ ਬਾਗੜੀਆਂ ਲੱਖਾ ਸਿੰਘ ਸੰਘੇ ਮਿੰਟੂ ਸਿੰਘ ਸੰਘੇ ਅੰਗਰੇਜ਼ ਸਿੰਘ ਨੌਰੰਗਾਬਾਦ ਫੁਮਣ ਸਿੰਘ ਬਾਠ ਪ੍ਰਭ ਦਿਆਲ ਸਿੰਘ ਦੀਨਪੁਰ ਸੱਜਣ ਸਿੰਘ ਸਤਨਾਮ ਸਿੰਘ ਕਲੇਰ ਸੰਤੋਖ ਸਿੰਘ ਕਲੇਰ ਗੁਰਦਿਆਲ ਸਿੰਘ ਨੌਰੰਗਾਬਾਦ ਬਾਬਾ ਸੁੱਖਾ ਸਿੰਘ ਪੰਡੋਰੀ ਗੋਲਾ ਲਖਵਿੰਦਰ ਸਿੰਘ ਫੌਜੀ ਸੇਰੋ ਆਦਿ ਆਗੂ ਹਾਜ਼ਰ ਸਨ।